ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 31 ਅਗਸਤ 2025 (ਨਾਨਕਸ਼ਾਹੀ ਸੰਮਤ : ੫੫੭, ੧੬ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਪੰਜਾਬ ਭਾਸ਼ਾ ਵਿਭਾਗ ਦੇ ਡਾਇਰੈਕਟਰ ਨੂੰ 1 ਸਤੰਬਰ ਨੂੰ ਕੀਤਾ ਤਲਬ

**ਅੰਮਿਤਸਰ**, 30 **ਅਗਸਤ (ਆਵਾਜ਼ਿ ਕੌਮ ਬਿਊਰੋ)**-



ਪੰਜਾਬ ਸਰਕਾਰ ਵੱਲੋਂ ਸ੍ਰੀਨਗਰ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਸਬੰਧੀ ਕਰਵਾਏ ਗਏ ਸਮਾਗਮ ਵਿੱਚ ਮਰਿਆਦਾ ਦੀ ਉਲੰਘਣਾ ਮਾਮਲੇ ਵਿੱਚ ਪੰਜਾਬ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਆਦੇਸ਼ ਅਨੁਸਾਰ 1 ਸਤੰਬਰ ਨੂੰ ਸਵੇਰੇ 10 ਵਜੇ ਆਪਣਾ ਪੱਖ ਰੱਖਣ ਲਈ ਸਕੱਤਰੇਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਿੱਜੀ ਰੂਪ ’ਚ ਪੇਸ਼ ਹੋਣ ਲਈ ਤਲਬ ਕੀਤਾ ਗਿਆ ਹੈ। ਇਸ ਸਬੰਧੀ ਸ੍ਰੀ ਅਕਾਲ ਤਖ਼ਤ ਦੇ ਸਕੱਤਰੇਤ ਵੱਲੋਂ ਇੱਕ ਪੱਤਰ ਅੱਜ ਡਾਇਰੈਕਟਰ ਭਾਸ਼ਾ ਵਿਭਾਗ ਨੂੰ ਭੇਜਿਆ ਗਿਆ ਹੈ। ਇਹ ਪੱਤਰ ਸਕੱਤਰੇਤ ਦੇ ਇੰਚਾਰਜ ਬਗੀਚਾ ਸਿੰਘ ਵੱਲੋਂ ਭੇਜਿਆ ਗਿਆ ਹੈ, ਜਿਸ ਵਿੱਚ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਨੂੰ ਅਕਾਲ ਤਖ਼ਤ ਦੇ ਜਥੇਦਾਰ ਦੇ ਆਦੇਸ਼ ਬਾਰੇ ਜਾਣੂ ਕਰਾਇਆ ਗਿਆ ਹੈ। ਇਸ ਤੋਂ ਪਹਿਲਾਂ ਇਸ ਮਾਮਲੇ ਵਿੱਚ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਸ੍ਰੀ ਅਕਾਲ ਤਖਤ ਤੋਂ ਤਨਖਾਹ ਲਾਈ ਜਾ ਚੁੱਕੀ ਹੈ।

## ਸਮੁੰਦਰ ਦੀਆਂ ਲਹਿਰਾਂ ਵਾਂਗ ਠਾਠਾਂ ਮਾਰ ਰਿਹਾ ਬਿਆਸ ਦਰਿਆ

# ਸੁਨਾਮੀ ਦੀ ਤਰ੍ਹਾਂ ਕਰ ਰਿਹਾ ਤਬਾਹੀ

**ਸੁਲਤਾਨਪੁਰ ਲੋਧੀ**, 30 **ਅਗਸਤ (ਆਵਾਜ਼ਿ ਕੌਮ ਬਿਊਰੋ)**-ਸੁਲਤਾਨਪੁਰ ਲੋਧੀ ਦੇ ਮੰਡ ਖੇਤਰ ਵਿੱਚ ਪੌਂਗ ਡੈਮ ਵਿੱਚੋਂ ਪਾਣੀ ਛੱਡੇ ਜਾਣ ਕਾਰਨ ਦਰਿਆ ਬਿਆਸ ਵਿੱਚ ਪਾਣੀ ਦਾ ਪੱਧਰ ਹੁਣ ਸਮੁੰਦਰ ਵਾਂਗ ਠਾਠਾਂ ਮਾਰਦਾ ਹੋਇਆ ਇਕ ਸੁਨਾਮੀ ਦੀ ਤਰ੍ਹਾਂ ਆਪਣੀ ਲਪੇਟ ਵਿੱਚ ਹਰੇਕ ਵਸਤੂ ਨੂੰ ਲੈ ਰਿਹਾ ਹੈ। ਮੰਡ ਖੇਤਰ ’ਚ ਇਸ ਸਮੇਂ



ਪਾਣੀ ਨੇ ਪੂਰਾ ਤਾਂਡਵ ਮਚਾਇਆ ਹੋਇਆ ਹੈ। ਹਾਲਾਤ ਇਥੋਂ ਤੱਕ ਪਹੁੰਚ ਗਏ ਹਨ ਕਿ ਆਰਜੀ ਬੰਨ੍ਹ ਵੱਖ-ਵੱਖ ਥਾਵਾਂ ਤੋਂ ਟੁੱਟ ਜਾਣ ਤੋਂ ਬਾਅਦ ਹਾਲਾਤ ਹੋਰ ਨਾਜ਼ੁਕ ਬਣ ਚੁੱਕੇ ਹਨ। ਕਿਉਂਕਿ ਤੇਜ਼ ਵਹਾਅ ਵਿੱਚ ਵਗਦਾ ਬਿਆਸ ਦਰਿਆ ਦਾ ਪਾਣੀ ਹੁਣ ਟਾਪੂ ਨਮਾ ਪਿੰਡਾਂ ਵਿੱਚ ਵਸੇ ਕਿਸਾਨਾਂ ਦੇ ਘਰਾਂ ਨੂੰ ਨਿਸ਼ਾਨਾ ਬਣਾ ਰਿਹਾ ਹੈ। ਪਿੰਡ ਰਾਮਪੁਰ ਗੋਰਾ ਦੇ ਇਕ ਕਿਸਾਨ ਦੇ ਘਰ ਨੂੰ ਬਿਆਸ ਦਰਿਆ ਨੇ ਵੱਡੀ ਮਾਰ ਮਾਰੀ ਹੈ ਘਰ ਦੀਆਂ ਦੀਵਾਰਾਂ ਟੁੱਟ ਚੁੱਕੀਆਂ ਹਨ ਅਤੇ ਆਲੇ-ਦੁਆਲੇ ਬੇਹਦ ਤੇਜ਼ ਰਫ਼ਤਾਰ ਨਾਲ ਪਾਣੀ ਵਹਿ ਰਿਹਾ ਹੈ। ਜਿਸ ਕਾਰਨ ਲੋਕ ਡਰ ਰਹੇ ਹਨ। ਇਸ ਇਲਾਕੇ ਵਿਚ ਵਸੇ ਲੋਕਾਂ ਨੂੰ ਪ੍ਰਸ਼ਾਸਨ ਅਤੇ ਸਮਾਜ ਸੇਵੀ ਸੰਸਥਾਵਾਂ ਦੀਆਂ ਟੀਮਾਂ ਵੱਲੋਂ ਰੈਸਕਿਊ ਕੀਤਾ ਜਾ ਰਿਹਾ ਹੈ ਜਦਕਿ ਕੁਝ ਲੋਕ ਆਪ ਮੁਹਾਰੇ ਹੋ ਕੇ ਖ਼ੁਦ ਹੀ ਆਪਣੀ ਜਾਨ ਬਚਾਉਣ ਲਈ ਕਿਸ਼ਤੀਆਂ ਦਾ ਸਹਾਰਾ ਲੈ ਕੇ ਨਿਕਲ ਰਹੇ ਹਨ। ਦੱਸ ਦਈਏ ਕਿ ਕਰੀਬ 25 ਦਿਨਾਂ ਤੋਂ ਵੀ ਜ਼ਿਆਦਾ ਸਮੇਂ ਤੋਂ ਲੋਕਾਂ ਨੂੰ ਸੁਰੱਖਿਅਤ ਥਾਵਾਂ ਤੇ ਲੈ ਕੇ ਜਾਣ ਵਿੱਚ ਕੋਈ ਕਸਰ ਨਹੀਂ ਛੱਡ ਰਹੇ, ਜਿਨ੍ਹਾਂ ਲੋਕਾਂ ਦੇ ਮਕਾਨ ਢਹਿ-ਢੇਰੀ ਹੋ ਗਏ ਹਨ, ਉਨ੍ਹਾਂ ਨੂੰ ਪਰਿਵਾਰਾਂ ਅਤੇ ਸਾਮਾਨ ਸਮੇਤ ਬਾਹਰ ਬੇੜਿਆਂ ਰਾਹੀਂ ਲੈ ਕੇ ਜਾ ਰਹੇ ਹਨ। ਮਨੁੱਖੀ ਜੀਵਨ ਤੋਂ ਇਲਾਵਾ ਬੇਜ਼ਬਾਨ ਪਸ਼ੂਆਂ ਨੂੰ ਵੀ ਵੱਡੇ ਬੇੜਿਆਂ ਰਾਹੀਂ ਜਾਂ ਪਾਣੀ ਵਿੱਚ ਖ਼ੁਦ ਕਿਸਾਨ ਸੁਰੱਖਿਆਤ ਲੈ ਕੇ ਜਾ ਰਹੇ ਹਨ। ਉਧਰ ਦੂਜੇ ਪਾਸੇ ਹੜ੍ਹ ਦੀ ਮਾਰ ਨਾਲ ਢਹਿ-ਢੇਰੀ ਹੋਏ ਘਰਾਂ ਦੇ ਬਜ਼ੁਰਗ ਬਖ਼ਤੌਰ ਸਿੰਘ, ਗੁਰਨਿਸ਼ਾਨ ਸਿੰਘ ਨੇ ਦੱਸਿਆ ਕਿ ਅਸੀਂ ਫਿਰ ਤੋਂ ਬਰਬਾਦ ਹੋ ਗਏ ਹਾਂ। ਪ੍ਰਸ਼ਾਸਨ ਨੇ ਸਾਡੀ ਫ਼ਸਲ, ਘਰ, ਤੂੜੀ ਵਾਲਾ ਸ਼ੈੱਡ, ਸਾਰਾ ਕੁਝ ਤਬਾਹ ਕਰ ਦਿੱਤਾ ਹੈ। ਉਨ੍ਹਾਂ ਦੱਸਿਆ ਕਿ 1988 ਵਿੱਚ ਆਏ ਹੜ੍ਹ ਨੇ ਵੀ ਇੰਝ ਸਾਰਾ ਤਬਾਹ ਕੀਤਾ ਸੀ ਅਤੇ ਬਹੁਤ ਮਿਹਨਤ ਸਦਕਾ ਦੋਬਾਰਾ ਕੁਝ ਪੈਰਾਂ ’ਤੇ ਖੜ੍ਹੇ ਹੋਏ ਸਨ ਤਾਂ ਹੜ੍ਹ ਨੇ ਫਿਰ ਤੋਂ ਸਾਨੂੰ ਜ਼ੀਰੋ ’ਤੇ ਲਿਆ ਕੇ ਖੜ੍ਹਾ ਕਰ ਦਿੱਤਾ।

## ਹੜ੍ਹ ਪੀੜਤਾਂ ਦਾ ਹਾਲ ਵੇਖ ਭਾਵੁਕ ਹੋਏ ਸਾਬਕਾ ਜਥੇਦਾਰ, ਨਹੀਂ ਰੋਕ ਸਕੇ ਹੰਝੂ



**ਅੰਮਿਤਸਰ**, 30 **ਅਗਸਤ (ਆਵਾਜ਼ਿ ਕੌਮ ਬਿਊਰੋ)**-ਰਾਵੀ ’ਚ ਆਏ ਭਿਆਨਕ ਹੜ੍ਹ ਤੋਂ ਪ੍ਰਭਾਵਿਤ ਲੋਕਾਂ ਦਾ ਹਾਲ ਜਾਨਣ ਲਈ ਉਚੇਚੇ ਤੌਰ ’ਤੇ ਸਰਹੱਦੀ ਖੇਤਰ ਵਿਚ ਪਹੁੰਚੇ ਸਾਬਕਾ ਜਥੇਦਾਰ ਅਤੇ ਮੌਜੂਦਾ ਹੈੱਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਗਿਆਨੀ ਰਘਬੀਰ ਸਿੰਘ ਸਥਾਨਕ ਕਸਬੇ ਨੇੜਲੇ ਪਾਣੀ ’ਚ ਡੁੱਬੇ ਪਿੰਡ ਹਰੜ ਕਲਾਂ ਵਿਖੇ ਸਰਬੱਤ ਦੇ ਭਲੇ ਦੀ ਅਰਦਾਸ ਕਰਨ ਮੌਕੇ ਲੋਕਾਂ ਦਾ ਦੁੱਖ ਵੇਖ ਕੇ ਭਾਵੁਕ ਹੋ ਗਏ। ਇਸ ਦੌਰਾਨ ਉੱਥੇ ਮੌਜੂਦ ਸਾਬਕਾ ਕੈਬਨਿਟ ਮੰਤਰੀ ਅਤੇ ਹਲਕਾ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਉਨ੍ਹਾਂ ਨੂੰ ਆਪਣੇ ਕਲਾਵੇ ’ਚ ਲੈ ਲਿਆ। ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਸਿੰਘ ਸਾਹਿਬ ਨੇ ਕੇਂਦਰ ਸਰਕਾਰ ਕੋਲੋਂ ਹੜ੍ਹ ਪੀੜਤਾਂ ਦੀ ਮਦਦ ਲਈ ਵਿਸ਼ੇਸ਼ ਪੈਕੇਜ ਦੀ ਮੰਗ ਵੀ ਕੀਤੀ ਹੈ।

## ਭਾਰਤ ਨੇ ਛੱਡਿਆ ਪਾਣੀ ਤਾਂ ਸਾਡੇ ਵੱਲ ਬਹਿ ਕੇ ਆ ਗਈਆਂ ਲਾਸ਼ਾਂ ਤੇ ਪਸ਼ੂ...

**ਇਸਲਾਮਾਬਾਦ**, 30 **ਅਗਸਤ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੇ ਪੰਜਾਬ, ਸਿਆਲਕੋਟ ਅਤੇ ਹੋਰ ਇਲਾਕਿਆਂ ਵਿੱਚ ਭਿਆਨਕ ਹੜ੍ਹਾਂ ਨੇ ਜਨਜੀਵਨ ਵਿਗਾੜ ਦਿੱਤਾ



ਹੈ। ਹੁਣ ਤੱਕ 800 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ ਹੈ। 12 ਲੱਖ ਤੋਂ ਵੱਧ ਲੋਕ ਪ੍ਰਭਾਵਿਤ ਹੋਏ ਹਨ। 2.5 ਲੱਖ ਲੋਕ ਬੇਘਰ ਹੋ ਗਏ ਹਨ। ਲਗਭਗ 1,432 ਪਿੰਡ ਹੜ੍ਹਾਂ ਦੀ ਲਪੇਟ ਵਿੱਚ ਆ ਗਏ ਹਨ। ਫਸਲਾਂ ਤਬਾਹ ਹੋ ਗਈਆਂ ਹਨ, ਕਾਰੋਬਾਰ ਠੱਪ ਹਨ ਅਤੇ ਹਜ਼ਾਰਾਂ ਪਰਿਵਾਰ ਰਾਹਤ ਕੈਂਪਾਂ ਵਿੱਚ ਰਹਿਣ ਲਈ ਮਜਬੂਰ ਹਨ। ਸਰਕਾਰ ਨੇ 700 ਰਾਹਤ ਅਤੇ 265 ਮੈਡੀਕਲ ਕੈਂਪ ਸਥਾਪਤ ਕੀਤੇ ਹਨ, ਪਰ ਜ਼ਮੀਨੀ ਸਥਿਤੀ ਬਹੁਤ ਗੰਭੀਰ ਬਣੀ ਹੋਈ ਹੈ। ਹੜ੍ਹ ਪ੍ਰਭਾਵਿਤ ਸਿਆਲਕੋਟ ਦੇ ਆਪਣੇ ਦੌਰੇ ਦੌਰਾਨ, ਰੱਖਿਆ ਮੰਤਰੀ ਖਵਾਜਾ ਮੁਹੰਮਦ ਆਸਿਫ ਨੇ ਇੱਕ ਅਜੀਬ ਬਿਆਨ ਦਿੱਤਾ। ਉਨ੍ਹਾਂ ਦੇ ਅਨੁਸਾਰ, ਭਾਰਤ ਤੋਂ ਛੱਡੇ ਗਏ ਹੜ੍ਹ ਦੇ ਪਾਣੀ ਨਾਲ ਲਾਸ਼ਾਂ, ਪਸ਼ੂ ਅਤੇ ਮਲਬੇ ਦੇ ਢੇਰ ਪਾਕਿਸਤਾਨ ਆਏ। ਉਨ੍ਹਾਂ ਕਿਹਾ ਕਿ ਇਹ ਮਲਬਾ ਸਥਾਨਕ ਪ੍ਰਸ਼ਾਸਨ ਦੇ ਰਾਹਤ ਕਾਰਜਾਂ ਵਿੱਚ ਰੁਕਾਵਟ ਪਾ ਰਿਹਾ ਹੈ। ਆਸਿਫ ਨੇ ਅੱਗੇ ਕਿਹਾ ਕਿ ਸਿਆਲਕੋਟ ਜੰਮੂ ਤੋਂ ਨਿਕਲਣ ਵਾਲੇ ਜਲ ਮਾਰਗਾਂ ਦੇ ਹੇਠਾਂ ਸਥਿਤ ਹੈ ਤੇ ਜਦੋਂ ਵੀ ਭਾਰਤ ਪਾਣੀ ਛੱਡਦਾ ਹੈ, ਉੱਥੇ ਨਿਯਮਤ ਤੌਰ ’ਤੇ ਹੜ੍ਹ ਆਉਂਦੇ ਹਨ। ਹਾਲਾਂਕਿ, ਆਸਿਫ ਨੇ ਇਹ ਵੀ ਮੰਨਿਆ ਕਿ ਭਾਰਤ ਨੇ ਦਰਿਆਵਾਂ ਵਿੱਚ ਪਾਣੀ ਛੱਡਣ ਤੋਂ ਪਹਿਲਾਂ ਪਾਕਿਸਤਾਨ ਨੂੰ ਦੋ ਵਾਰ ਸੂਚਿਤ ਕੀਤਾ ਸੀ। ਖ਼ਵਾਜਾ ਆਸਿਫ਼ ਦਾ ਇਹ ਬਿਆਨ ਪਾਕਿਸਤਾਨੀ ਸੋਸ਼ਲ ਮੀਡੀਆ ’ਤੇ ਵਾਇਰਲ ਹੋਇਆ। ਲੋਕਾਂ ਨੇ ਉਨ੍ਹਾਂ ਦੀ ਆਲੋਚਨਾ ਕਰਦੇ ਹੋਏ ਕਿਹਾ ਕਿ ਸਰਕਾਰ ਆਪਣੀਆਂ ਤਿਆਰੀਆਂ ਅਤੇ ਬੁਨਿਆਦੀ ਢਾਂਚੇ ਦੀਆਂ ਅਸਫਲਤਾਵਾਂ ਤੋਂ ਧਿਆਨ ਹਟਾਉਣ ਲਈ ਭਾਰਤ ’ਤੇ ਦੋਸ਼ ਲਗਾ ਰਹੀ ਹੈ। ਕਈ ਲੋਕਾਂ ਨੇ ਵਿਅੰਗ ਨਾਲ ਲਿਖਿਆ ਕਿ ਹੜ੍ਹ ਪਾਣੀ ਤੋਂ ਆਉਂਦੇ ਹਨ, ਲਾਸ਼ਾਂ ਤੋਂ ਨਹੀਂ। ਇਹ ਵਿਵਾਦ ਅਜਿਹੇ ਸਮੇਂ ਸਾਹਮਣੇ ਆਇਆ ਹੈ ਜਦੋਂ ਭਾਰਤ ਅਤੇ ਪਾਕਿਸਤਾਨ ਵਿਚਕਾਰ ਸਿੰਧੂ ਜਲ ਸੰਧੀ ਪਹਿਲਾਂ ਹੀ ਮੁਅੱਤਲ ਹੈ। ਸੰਧੀ ਦੇ ਤਹਿਤ, ਪਾਣੀ ਨਾਲ ਸਬੰਧਤ ਡੇਟਾ ਦਾ ਆਦਾਨ-ਪ੍ਰਦਾਨ ਕੀਤਾ ਗਿਆ ਸੀ, ਪਰ ਅਪ੍ਰੈਲ 2025 ਵਿੱਚ ਪਹਿਲਗਾਮ ਹਮਲੇ ਤੋਂ ਬਾਅਦ ਭਾਰਤ ਨੇ ਇਸਨੂੰ ਰੋਕ ਦਿੱਤਾ ਸੀ। ਇਸ ਦੇ ਬਾਵਜੂਦ, ਭਾਰਤ ਨੇ ਜਨਤਕ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਪਾਕਿਸਤਾਨ ਨਾਲ ਖਰਾਬ ਮੌਸਮ ਅਤੇ ਸੰਭਾਵਿਤ ਭਾਰੀ ਹੜ੍ਹਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਸੀ। ਪਾਕਿਸਤਾਨੀ ਸਿੰਜਾਈ ਵਿਭਾਗ ਦੇ ਅਨੁਸਾਰ, 38 ਸਾਲਾਂ ਵਿੱਚ ਪਹਿਲੀ ਵਾਰ, ਰਾਵੀ, ਸਤਲੁਜ ਅਤੇ ਚਨਾਬ ਨਦੀਆਂ ਇੱਕੋ ਸਮੇਂ ਉਛਾਲ ਰਹੀਆਂ ਹਨ। ਇਸ ਨਾਲ ਬਚਾਅ ਕਾਰਜ ਹੋਰ ਵੀ ਮੁਸ਼ਕਲ ਹੋ ਗਏ ਹਨ। ਫੌਜ ਅਤੇ ਰਾਹਤ ਕਰਮਚਾਰੀ ਕਈ ਜ਼ਿਲ੍ਹਿਆਂ ਵਿੱਚ 24 ਘੰਟੇ ਕੰਮ ਕਰ ਰਹੇ ਹਨ।

## 7 ਸਾਲ ਬਾਅਦ ਚੀਨ ਪਹੁੰਚੇ ਪੀਐਮ ਮੋਦੀ ਦਾ ਰੈੱਡ ਕਾਰਪੇਟ ’ਤੇ ਸ਼ਾਨਦਾਰ ਸਵਾਗਤ



**ਬੀਜਿੰਗ**, 30 **ਅਗਸਤ (ਆਵਾਜ਼ਿ ਕੌਮ ਬਿਊਰੋ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸ਼ੰਘਾਈ ਸਹਿਯੋਗ ਸੰਗਠਨ (SCO) ਸੰਮੇਲਨ ਵਿੱਚ ਸ਼ਾਮਲ ਹੋਣ ਲਈ ਸ਼ਨੀਵਾਰ (30 ਅਗਸਤ 2025) ਨੂੰ ਚੀਨ ਪਹੁੰਚੇ ਹਨ। ਸੰਮੇਲਨ ਤੋਂ ਇਲਾਵਾ, ਉਹ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਅਤੇ ਰੂਸੀ ਰਾਸ਼ਟਰਪਤੀ ਪੁਤਿਨ ਨਾਲ ਵੱਖ-ਵੱਖ ਦੁਵੱਲੀ ਗੱਲਬਾਤ ਵੀ ਕਰਨਗੇ। ਜਾਪਾਨ ਦੀ ਆਪਣੀ ਯਾਤਰਾ ਸਮਾਪਤ ਕਰਨ ਤੋਂ ਬਾਅਦ, ਪ੍ਰਧਾਨ ਮੰਤਰੀ ਮੋਦੀ ਚੀਨ ਦੇ ਤਿਆਨਜਿਨ ਪਹੁੰਚੇ। ਚੀਨ ਪਹੁੰਚਦਿਆਂ ਹੀ ਉਨ੍ਹਾਂ ਦਾ ਰੈੱਡ ਕਾਰਪੇਟ ’ਤੇ ਸ਼ਾਨਦਾਰ ਸਵਾਗਤ ਕੀਤਾ ਗਿਆ। ਪ੍ਰਧਾਨ ਮੰਤਰੀ 1 ਸਤੰਬਰ ਤੱਕ ਚੀਨ ਵਿੱਚ ਰਹਿਣਗੇ। ਇੱਥੇ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਅਤੇ ਪ੍ਰਧਾਨ ਮੰਤਰੀ ਮੋਦੀ ਵਿਚਕਾਰ ਦੋਵਾਂ ਦੇਸ਼ਾਂ ਦੇ ਸਬੰਧਾਂ ਨੂੰ ਹੋਰ ਆਮ ਬਣਾਉਣ ’ਤੇ ਗੱਲਬਾਤ ਹੋਵੇਗੀ।

ਟਰੰਪ ਦੀ ਵਪਾਰ ਨੀਤੀ ਕਾਰਨ ਪੈਦਾ ਹੋਏ ਆਰਥਿਕ ਉਥਲ-ਪੁਥਲ ਦੇ ਵਿਚਕਾਰ ਪੀਐਮ ਮੋਦੀ ਦਾ ਚੀਨ ਦੌਰਾ ਹੋ ਰਿਹਾ ਹੈ। ਭਾਰਤ ’ਤੇ 50 ਪ੍ਰਤੀਸ਼ਤ ਟੈਰਿਫ ਲਗਾਉਣ ਤੋਂ ਬਾਅਦ, ਵਿਸ਼ਵ ਰਾਜਨੀਤੀ ਵਿੱਚ ਤੇਜ਼ੀ ਨਾਲ ਬਦਲਾਅ ਦੇਖੇ ਜਾ ਰਹੇ ਹਨ। ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਵੀ ਐਸਸੀਓ ਮੀਟਿੰਗ ਵਿੱਚ ਸ਼ਾਮਲ ਹੋਣ ਲਈ ਚੀਨ ਆਉਣਗੇ। ਪੀਐਮ ਇੱਥੇ ਦੋਵਾਂ ਦੇਸ਼ਾਂ ਦੇ ਮੁਖੀਆਂ ਨਾਲ ਵੱਖ-ਵੱਖ ਦੁਵੱਲੀ ਗੱਲਬਾਤ ਕਰਨਗੇ। ਪੀਐਮ ਮੋਦੀ ਦੀ ਚੀਨ ਫੇਰੀ ਨੂੰ ਲੈ ਕੇ ਬੀਜਿੰਗ ਵਿੱਚ ਉਤਸ਼ਾਹ ਦਾ ਮਾਹੌਲ ਹੈ। ਇਸ ਇਤਿਹਾਸਕ ਫੇਰੀ ਤੋਂ ਨਾ ਸਿਰਫ਼ ਭਾਰਤੀ ਭਾਈਚਾਰੇ, ਸਗੋਂ ਸਥਾਨਕ ਚੀਨੀ ਨਾਗਰਿਕਾਂ ਅਤੇ ਕਾਰੋਬਾਰੀਆਂ ਨੂੰ ਵੀ ਬਹੁਤ ਉਮੀਦਾਂ ਹਨ। ਇਸ ਫੇਰੀ ਨੂੰ ਦੋਵਾਂ ਦੇਸ਼ਾਂ ਵਿਚਕਾਰ ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਮੰਨਿਆ ਜਾ ਰਿਹਾ ਹੈ।

## ਅਮਰੀਕਾ ਵਿੱਚ ਸਿੱਖਾਂ ਬਾਰੇ ਦਿੱਤੇ ਬਿਆਨ ਕਾਰਨ ਕਸੂਤੇ ਫਸੇ ਰਾਹੁਲ ਗਾਂਧੀ, ਹਾਈਕੋਰਟ ਤੱਕ ਪਹੁੰਚਿਆ ਮਾਮਲਾ

**ਨਵੀਂ ਦਿੱਲੀ**, 30 **ਅਗਸਤ (ਆਵਾਜ਼ਿ ਕੌਮ ਬਿਊਰੋ)**-ਕਾਂਗਰਸ ਸੰਸਦ ਮੈਂਬਰ ਰਾਹੁਲ ਗਾਂਧੀ ਨੇ ਵਾਰਾਣਸੀ ਦੀ ਐਮਪੀ-ਐਮਐਲਏ ਅਦਾਲਤ ਦੇ ਫੈਸਲੇ ਵਿਰੁੱਧ ਇਲਾਹਾਬਾਦ ਹਾਈ ਕੋਰਟ ਦਾ ਦਰਵਾਜ਼ਾ ਖੜਕਾਇਆ ਹੈ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਵੱਲੋਂ ਅਮਰੀਕਾ ਵਿੱਚ ਸਿੱਖਾਂ ਬਾਰੇ ਦਿੱਤੇ ਬਿਆਨ ’ਤੇ ਨਿਗਰਾਨੀ ਪਟੀਸ਼ਨ ਨੂੰ ਸਵੀਕਾਰ ਕਰਨ ਦੇ ਫੈਸਲੇ ਨੂੰ ਚੁਣੌਤੀ ਦਿੱਤੀ ਗਈ ਹੈ। ਜਸਟਿਸ ਸਮੀਰ ਜੈਨ ਦੀ ਬੈਂਚ 1 ਸਤੰਬਰ ਨੂੰ ਉਨ੍ਹਾਂ ਦੀ ਅਪਰਾਧਿਕ ਸੋਧ ਪਟੀਸ਼ਨ ’ਤੇ ਸੁਣਵਾਈ ਕਰੇਗੀ। ਵਾਰਾਣਸੀ ਦੇ ਵਿਸ਼ੇਸ਼ ਜੱਜ (ਐਮਪੀ-ਐਮਐਲਏ ਅਦਾਲਤ) ਯਜੁਵੇਂਦਰ ਵਿਕਰਮ ਸਿੰਘ ਨੇ 21 ਜੁਲਾਈ 2025 ਨੂੰ ਨਿਗਰਾਨ ਨਾਗੇਸ਼ਵਰ ਮਿਸ਼ਰਾ ਦੁਆਰਾ ਦਾਇਰ ਨਿਗਰਾਨੀ ਪਟੀਸ਼ਨ ਨੂੰ ਸਵੀਕਾਰ ਕਰ ਲਿਆ ਸੀ। ਰਾਹੁਲ ਗਾਂਧੀ ਨੇ ਇਸ ਹੁਕਮ ਨੂੰ ਚੁਣੌਤੀ ਦਿੱਤੀ ਹੈ। ਰਾਹੁਲ ਗਾਂਧੀ ਨੇ ਸਤੰਬਰ 2024 ਵਿੱਚ ਆਪਣੀ ਅਮਰੀਕਾ ਫੇਰੀ ਦੌਰਾਨ ਇੱਕ ਪ੍ਰੋਗਰਾਮ ਵਿੱਚ ਸਿੱਖ ਭਾਈਚਾਰੇ ਬਾਰੇ ਬਿਆਨ ਦਿੱਤਾ ਸੀ। ਰਾਹੁਲ ਨੇ ਕਿਹਾ ਸੀ ਕਿ ਭਾਰਤ ਵਿੱਚ ਮਾਹੌਲ ਸਿੱਖਾਂ ਲਈ ਚੰਗਾ ਨਹੀਂ ਹੈ। ਉਨ੍ਹਾਂ ਨੇ ਇੱਕ ਪੱਤਰਕਾਰ ਤੋਂ ਪੁੱਛਿਆ ਸੀ ਕਿ ਕੀ ਇੱਕ ਸਿੱਖ ਹੋਣ ਦੇ ਨਾਤੇ, ਉਨ੍ਹਾਂ ਨੂੰ ਪੱਗ ਬੰਨ੍ਹਣ, ਕੜਾ ਪਹਿਨਣ ਅਤੇ ਗੁਰਦੁਆਰੇ ਜਾਣ ਦੀ ਇਜਾਜ਼ਤ ਹੋਵੇਗੀ? ਰਾਹੁਲ ਨੇ ਇਹ ਗੱਲ ਆਪਣੇ ਪ੍ਰੋਗਰਾਮ ਵਿੱਚ ਮੌਜੂਦ ਸਿੱਖ ਪੱਤਰਕਾਰ ਭਲਿੰਦਰ ਸਿੰਘ ਦਾ ਨਾਮ ਪੁੱਛਣ ਤੋਂ ਬਾਅਦ ਕਹੀ। ਭਲਿੰਦਰ ਸਿੰਘ ਅਤੇ ਹੋਰ ਸਿੱਖਾਂ ਨੇ ਖੁਦ ਇਸ ’ਤੇ ਇਤਰਾਜ਼ ਜਤਾਇਆ ਸੀ। ਇਹ ਦੋਸ਼ ਲਗਾਇਆ ਗਿਆ ਸੀ ਕਿ ਰਾਹੁਲ ਦਾ ਬਿਆਨ ਭੜਕਾਊ ਸੀ ਅਤੇ ਲੋਕਾਂ ਨੂੰ ਰਾਜਨੀਤਿਕ ਲਾਭ ਲਈ ਲੜਨ ਲਈ ਉਕਸਾਉਣ ਦਾ ਉਦੇਸ਼ ਸੀ। ਵਾਰਾਣਸੀ ਦੇ ਤਿਲਮਾਪੁਰ ਦੇ ਰਹਿਣ ਵਾਲੇ ਨਾਗੇਸ਼ਵਰ ਮਿਸ਼ਰਾ ਨੇ ਰਾਹੁਲ ਦੇ ਅਮਰੀਕਾ ਵਿੱਚ ਦਿੱਤੇ ਗਏ ਬਿਆਨ ਸਬੰਧੀ ਸਾਰਨਾਥ ਪੁਲਿਸ ਸਟੇਸ਼ਨ ਵਿੱਚ ਐਫਆਈਆਰ ਦਰਜ ਕਰਨ ਲਈ ਅਰਜ਼ੀ ਦਿੱਤੀ ਸੀ, ਪਰ ਐਫਆਈਆਰ ਦਰਜ ਨਹੀਂ ਕੀਤੀ ਗਈ। ਇਸ ਤੋਂ ਬਾਅਦ, ਕੇਸ ਦਰਜ ਕਰਵਾਉਣ ਲਈ, ਉਸਨੇ ਬੀਐਨਐਸਐਸ ਦੀ ਧਾਰਾ 173 (4) ਦੇ ਤਹਿਤ ਜੁਡੀਸ਼ੀਅਲ ਮੈਜਿਸਟਰੇਟ ਦੀ ਅਦਾਲਤ ਵਿੱਚ ਅਰਜ਼ੀ ਦਾਇਰ ਕੀਤੀ। ਅਦਾਲਤ ਨੇ ਇਸਨੂੰ ਇਹ ਕਹਿ ਕੇ ਰੱਦ ਕਰ ਦਿੱਤਾ ਕਿ ਇਹ ਅਧਿਕਾਰ ਖੇਤਰ ਤੋਂ ਬਾਹਰ ਹੈ ਨਾਗੇਸ਼ਵਰ ਮਿਸ਼ਰਾ ਦੀ ਅਰਜ਼ੀ ਨੂੰ 28 ਨਵੰਬਰ 2024 ਨੂੰ ਸੁਣਵਾਈ ਤੋਂ ਬਾਅਦ ਵਧੀਕ ਮੁੱਖ ਜੁਡੀਸ਼ੀਅਲ ਮੈਜਿਸਟਰੇਟ (ਐਮਪੀ-ਐਮਐਲਏ) ਦੀ ਅਦਾਲਤ ਨੇ ਰੱਦ ਕਰ ਦਿੱਤਾ। ਅਦਾਲਤ ਨੇ ਕਿਹਾ ਕਿ ਭਾਸ਼ਣ ਅਮਰੀਕਾ ਵਿੱਚ ਦਿੱਤਾ ਗਿਆ ਸੀ, ਇਸ ਲਈ ਇਹ ਮਾਮਲਾ ਉਨ੍ਹਾਂ ਦੇ ਅਧਿਕਾਰ ਖੇਤਰ ਤੋਂ ਬਾਹਰ ਹੈ ਫਿਰ ਨਾਗੇਸ਼ਵਰ ਮਿਸ਼ਰਾ ਨੇ ਵਾਰਾਣਸੀ ਸੈਸ਼ਨ ਕੋਰਟ ਵਿੱਚ ਇੱਕ ਨਿਗਰਾਨੀ ਪਟੀਸ਼ਨ ਦਾਇਰ ਕੀਤੀ। ਐਮਪੀ ਐਮਐਲਏ ਕੋਰਟ ਦੇ ਵਿਸ਼ੇਸ਼ ਜੱਜ ਨੇ 21 ਜੁਲਾਈ ਨੂੰ ਇਸਨੂੰ ਸਵੀਕਾਰ ਕਰ ਲਿਆ। ਇਸ ਦੇ ਵਿਰੁੱਧ, ਰਾਹੁਲ ਹੁਣ ਹਾਈ ਕੋਰਟ ਪਹੁੰਚ ਗਿਆ ਹੈ।

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵੱਲੋਂ



# ਪੰਜ ਤਖ਼ਤ ਸਾਹਿਬਾਨ

ਅਤੇ

## 32 ਤੋਂ ਵੱਧ ਹੋਰ ਇਤਿਹਾਸਕ ਗੁਰਧਾਮਾਂ ਦੀ ਯਾਤਰਾ

29 ਅਕਤੂਬਰ ਤੋਂ 8 ਨਵੰਬਰ 2025 ਅਤੇ 15 ਫਰਵਰੀ 2026 ਤੋਂ 25 ਫਰਵਰੀ 2026

ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

★ ਸੰਪਰਕ ★

## ਭਾਈ ਰਘਵੀਰ ਸਿੰਘ

## +44 7976 210161




CROWN
INTERIOR DESIGN
DESIGN - MANUFACTURING SUPPLY AND FITTING
Follow us on :
DEALS IN :
ਆਵਾਜ਼ਿ ਕੌਮ
AWAZE QAUM
International Newspaper & WEB TV
Kitchens
Bedrooms
Media Wall
Loft
Wardrobes & Sliding Doors
Dressing Table
Study Room
Bar
All Inclusive Free Measurement
Design & Quotes
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
SCAN HERE FOR
WEBSITE


SCAN HERE FOR WEBSITE
Follow us on :
CROWN
INTERIOR DESIGN
DESIGN - MANUFACTURING SUPPLY AND FITTING
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
ਆਵਾਜ਼ਿ ਕੌਮ
AWAZE QAUM
International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਧੁਰਕੀ ਸ਼ਬਦ ਸਚੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ | Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।
ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ
ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk
email: sanjha47@hotmail.com

SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV


ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ॥
ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ॥
30ਵਾਂ ਸ਼ਹੀਦੀ ਦਿਹਾੜਾ
ਪੰਥ ਦੇ ਮਹਾਨ ਸ਼ਹੀਦ
ਭਾਈ ਦਿਲਾਵਰ ਸਿੰਘ ਜੀ
ਦੀ ਸ਼ਹੀਦੀ ਨੂੰ ਕੋਟਿ ਕੋਟਿ ਪ੍ਰਣਾਮ!
ਆਵਾਜ਼ਿ ਕੌਮ AWAZE QAUM International Newspaper & WEB TV
ਵੀਰ ਤੂੰ ਇਹ ਨਾ ਸੋਚੀਂ ਕੇ ਤੇਰੇ ਸ਼ਹੀਦ ਹੋ ਜਾਣ ਤੋਂ ਬਾਦ ਅਸੀ ਆਰਾਮ ਨਾਲ ਬੈਠ ਜਾਵਾਂਗੇ ਮੈ ਵਾਅਦਾ ਕਰਦਾ ਹਾਂ ਕਿ ਅਸੀਂ ਆਪਣੇ ਖ਼ੂਨ ਦੇ ਆਖਰੀ ਕਤਰੇ ਤੱਕ ਸਿੱਖ ਕੌਮ ਦੇ ਸੰਘਰਸ਼ ਦੀ ਲੜਾਈ ਜਾਰੀ ਰੱਖਾਂਗੇ ਮੈ ਅਪਣੇ ਕੀਤੇ ਹੋਏ ਉਸ ਵਾਅਦੇ ਉੱਤੇ ਅੱਜ ਵੀ ਕਾਇਮ ਹਾਂ ਅਤੇ ਰਹਾਂਗਾ । ਮੇਰਾ ਸਰੀਰ ਸਿੱਖ ਕੌਮ ਦੀ ਅਮਾਨਤ ਹੈ ਅਸੀ ਹਿੰਦੁਸਤਾਨੀ ਸਿਸਟਮ ਚ ਗ਼ੁਲਾਮ ਹਾਂ । ਜਦੋਂ ਤਕ ਅਸੀਂ ਆਪਣਾ ਕੌਮੀ ਘਰ ਬਣਾਉਣ ਦਾ ਸੁਪਨਾ ਪੂਰਾ ਨਹੀਂ ਕਰ ਲੈਂਦੇ ਤਦ ਤਕ ਸਿੱਖ ਕੌਮ ਦੇ ਹੱਕਾਂ ਦੇ ਸੰਘਰਸ਼ ਦੀ ਜੱਦੋ ਜਹਿਦ ਜਾਰੀ ਰੱਖਾਂਗੇ।
ਪੰਥ ਦਾ ਸੇਵਕ -ਜਗਤਾਰ ਸਿੰਘ ਤਾਰਾ
(ਨਜ਼ਰਬੰਦ ਬੁੜੈਲ ਜੇਲ੍ਹ,ਚੰਡੀਗੜ੍ਹ)
ਜਾਰੀ ਕਰਤਾ
ਸਰਬਜੀਤ ਸਿੰਘ ਬਾਵਾ



ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤੁ॥ ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥
ਪੰਥ ਦੇ ਮਹਾਨ ਸ਼ਹੀਦ
ਭਾਈ ਦਿਲਾਵਰ ਸਿੰਘ ਜੀ
ਦੀ ਸ਼ਹਾਦਤ ਨੂੰ ਕੋਟਿ
ਕੋਟਿ ਪ੍ਰਣਾਮ
ਜਦੋਂ ਤੀਕ ਹੈ ਇਹ ਜ਼ਮੀਨ ਅੰਬਰ, ਕਹਿੰਦਾ ਰਹੇਗਾ ਇਹ ਅਸਮਾਨ ਏਥੇ । 'ਖਾਲਿਸਤਾਨ' ਦੇ ਸੱਚੇ ਸਪੂਤ ਪਿਆਰੇ, ਕੌਮ ਵਾਸਤੇ ਹੋ ਗਏ ਕੁਰਬਾਨ ਏਥੇ ।
ਆਵਾਜ਼ਿ ਕੌਮ
AWAZE QAUM
International Newspaper & WEB TV
ਜਾਰੀ ਕਰਤਾ:
ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਸਰੀ/ਡੇਲਟਾ

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

ਆਵਾਜ਼ਿ ਕੌਮ
AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mentioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**Contact Detail :**
**+44 7458 381111 +44 7976 210161**
**email: gnstuk@hotmail.com**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

**--ADVICE--**
**Request to all Sangat to have own travel Insurance individualy!**

**Program is subject to change without Prior Notice.**

ਆਵਾਜ਼ਿ ਕੌਮ
AWAZE QAUM

## JOURNEY OF A LIFE TIME
## PANJ TAKHAT YATRA
### 5 TAKHAT YATRA - 10 NIGHTS / 11 DAYS


ਆਵਾਜ਼ਿ ਕੌਮ
AWAZE QAUM


### 15th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**


**RAGHBIR SINGH**
**+44 7458 381111, +44 7976 210161**

**PARAMJIT SHERGILL**
**+44 7858 198159**

**INDERJIT KAUR**
**+44 7883 635835**

**KULVINDER MANN**
**+44 7900 982906**

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖ਼ਾਲਸਾ ।

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥

## RAGHBIR SINGH (Call : +44 7976 210161)

121. Broadway west Walsall, West Midlands, WS1 4DW, England uk


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ੍ਰੀ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name: RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

✶ ਸਲਾਹ ✶
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

ਆਵਾਜ਼ਿ ਕੌਮ AWAZE QAUM

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
# ਪੰਜ ਤਖ਼ਤ ਯਾਤਰਾ

ਆਵਾਜ਼ਿ ਕੌਮ AWAZE QAUM

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੁ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)



ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਊਜੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਊ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਬਿ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਊਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--✶ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ✶--

| | | | |
|---|---|---|---|
| RAGHBIR SINGH | PARAMJIT SHERGILL | INDERJIT KAUR | KULWINDER MANN |
| +44 7458 381111, +44 7976 210161 | +44 7858 198159 | +44 7883 635835 | +44 7900 982906 |


ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ
ਆਵਾਜ਼ਿ ਕੌਮ AWAZE QAUM TV
AWAZE QAUM TOURS & TRAVELS
ORGANISE
PANJ TAKHAT YATRA
ਪੰਜ ਤਖ਼ਤ ਦਰਸ਼ਨ ਯਾਤਰਾ
( FROM 15th FEB 2026 TO 25th FEB 2026 )
10 Nights 11 Days Tour From 15th Feb 2026 to 25th Feb 2026
AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS
• Luxury Hotel with Breakfast & Dinner
• Luxury Air-conditioned Coaches
• Domestic Flights
• Guide
• Flexibility to stay in India before & after the trip*
• Starting and Ending Point at Jalandhar
NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE
Account Name RAGHBIR SINGH
Bank Name HALIFAX
Sort Code 11-08-07
Account Number 00516474
ADVICE
REQUEST TO ALL SANGAT TO HAVE YOUR OWN TRAVEL INSURANCE INDIVIDUALLY !
FOR MORE INFO CONTACT
RAGHBIR SINGH
(CALL +44 7458 381111, +44 7976 210161)
PARAMJIT SHERGILL +44 7858 198159
INDERJIT KAUR +44 7883 635835
KULVINDER MANN +44 7900 982906
121, BROADWAY WEST WALSALL, WEST MIDLANDS, WS1 4DW, ENGLAND UK

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥







ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ

20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

**ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ**

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

1 ਨਵੰਬਰ 2025 ਦਿਨ ਸ਼ਨੀਵਾਰ ਨੂੰ

ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404



ਆਵਾਜ਼ਿ ਕੌਮ AWAZE QAUM International Newspaper & WEB TV




### ਬਹਿਮਣ ਜੱਸਾ ਸਿੰਘ ਦੇ ਪੰਚਾਇਤ ਮੈਂਬਰਾਂ ਸਮੇਤ

# ਅਨੇਕਾਂ ਪਰਿਵਾਰ ਭਾਜਪਾ 'ਚ ਸ਼ਾਮਿਲ, ਮਲੂਕਾ ਨੇ ਕੀਤਾ ਸਨਮਾਨਿਤ

ਤਲਵੰਡੀ ਸਾਬੋ, 30 ਅਗਸਤ (ਗੁਰਜੰਟ ਸਿੰਘ ਨਥੇਹਾ)- ਵਿਧਾਨ ਸਭਾ ਹਲਕਾ ਤਲਵੰਡੀ ਚ ਵਿਰੋਧੀ ਰਾਜਸੀ ਧਿਰਾਂ ਨੂੰ ਭਾਜਪਾ ਨੇ ਅੱਜ ਤਕੜਾ ਝਟਕਾ ਦਿੰਦਿਆਂ ਪਿੰਡ ਬਹਿਮਣ ਜੱਸਾ ਸਿੰਘ ਦੇ ਤਿੰਨ ਮੌਜੂਦਾ ਪੰਚਾਇਤ ਮੈਂਬਰਾਂ ਸਮੇਤ ਦੋ ਦਰਜਨ ਤੋਂ ਵੱਧ ਉਨਾਂ ਦੇ ਸਮੱਰਥਕ ਪਰਿਵਾਰਾਂ ਨੂੰ ਭਾਜਪਾ ਚ ਸ਼ਾਮਿਲ ਕਰਵਾਇਆ। ਭਾਜਪਾ ਦੇ ਜਿਲ੍ਹਾ ਬਠਿੰਡਾ (ਦਿਹਾਤੀ) ਪ੍ਰਧਾਨ ਗੁਰਪ੍ਰੀਤ ਸਿੰਘ ਮਲੂਕਾ ਸਾਬਕਾ ਚੇਅਰਮੈਨ ਜਿਲ੍ਹਾ ਪ੍ਰੀਸ਼ਦ ਦੀ ਅਗਵਾਈ ਹੇਠ ਰੱਖੇ ਉਕਤ ਪ੍ਰੋਗਰਾਮ ਦੌਰਾਨ ਰੇਸ਼ਮ ਸਿੰਘ, ਰਣਧੀਰ ਸਿੰਘ ਅਤੇ ਰਾਜਵਿੰਦਰ ਸਿੰਘ ਤਿੰਨੇ ਪੰਚਾਇਤ ਮੈਂਬਰਾਂ ਵੱਡੀ ਗਿਣਤੀ ਲੋਕਾਂ ਨੇ ਭਾਜਪਾ ਦਾ ਸਾਥ ਦੇਣ ਦਾ ਐਲਾਨ ਕੀਤਾ। ਮੀਡੀਆ ਇੰਚਾਰਜ ਰਤਨ ਸ਼ਰਮਾ ਮਲੂਕਾ ਵੱਲੋਂ ਜਾਰੀ ਪ੍ਰੈੱਸ ਬਿਆਨ ਮੁਤਾਬਿਕ ਭਾਜਪਾ 'ਚ ਸ਼ਾਮਿਲ ਹੋਏ ਤਿੰਨੇ ਪੰਚਾਇਤ ਮੈਂਬਰਾਂ ਅਤੇ ਹੋਰਨਾਂ ਲੋਕਾਂ ਨੂੰ ਪਾਰਟੀ 'ਚ ਬਣਦਾ ਮਾਨ ਸਨਮਾਨ ਦੇਣ ਦਾ ਯਕੀਨ ਦਵਾਉਂਦੇ ਹੋਏ ਗੁਰਪ੍ਰੀਤ ਸਿੰਘ ਮਲੂਕਾ ਨੇ ਕਿਹਾ ਕੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਚ ਕੇਂਦਰ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਲੋਕ ਲਗਾਤਾਰ ਭਾਜਪਾ 'ਚ ਸ਼ਾਮਿਲ ਹੋ ਰਹੇ ਹਨ।ਉਨਾਂ ਮੁਤਾਬਿਕ ਭਾਜਪਾ ਨੂੰ ਮੈਂਬਰਸ਼ਿਪ ਅਭਿਆਨ ਦੌਰਾਨ ਭਰਵਾਂ ਹੁੰਗਾਰਾ ਮਿਲਿਆ ਸੀ ।ਸ਼ਹਿਰੀ ਖੇਤਰ 'ਚ ਭਾਜਪਾ ਪਹਿਲਾਂ ਹੀ ਮਜ਼ਬੂਤ ਸੀ ਤੇ ਹੁਣ ਪੇਂਡੂ ਖੇਤਰਾਂ 'ਚ ਵੀ ਭਾਜਪਾ ਨੂੰ ਭਰਪੂਰ ਸਮਰਥਨ ਮਿਲ ਰਿਹਾ ਹੈ। ਮਲੂਕਾ ਨੇ ਕਿਹਾ ਕੇ ਭਾਜਪਾ ਦੀ ਮੂਲ ਵਿਚਾਰਧਾਰਾ ਸਭ ਦਾ ਸਾਥ ਸਭ ਦਾ ਵਿਕਾਸ ਨੂੰ ਅੱਗੇ ਵਧਾਉਣ ਲਈ ਪਿੰਡਾਂ 'ਚ ਲੋਕ ਸੇਵਾ ਕੈਂਪ ਲਾਏ ਗਏ ਸਨ ਕੈਂਪ ਦੌਰਾਨ ਤਲਵੰਡੀ ਰਾਮਪੁਰਾ ਤੇ ਮੌੜ ਹਲਕੇ ਦੇ ਪਿੰਡਾਂ 'ਚ ਹਜਾਰਾਂ ਦੀ ਗਿਣਤੀ 'ਚ ਕੇਂਦਰੀ ਯੋਜਨਾਵਾਂ ਦੇ ਲਾਭ ਪਾਤਰੀ ਕਾਰਡ ਬਣਾਏ ਗਏ ਹਨ।ਸੂਬੇ 'ਚ ਹੜ੍ਹਾਂ ਨਾਲ ਹੋਏ ਨੁਕਸਾਨ ਵਾਰੇ ਉਨ੍ਹਾਂ ਕਿਹਾ ਕੇ ਭਾਜਪਾ ਦੇ ਆਗੂ ਲਗਤਾਰ ਰਾਹਤ ਕਾਰਜਾਂ 'ਚ ਸ਼ਾਮਿਲ ਹੋ ਕੇ ਮਦੱਦ ਕਰ ਰਹੇ ਹਨ ਤੇ ਆਉਣ ਵਾਲੇ ਦਿਨਾਂ 'ਚ ਜਿਲ੍ਹਾ ਦਿਹਾਤੀ ਬਠਿੰਡਾ ਇਕਾਈ ਵੱਲੋਂ ਰਾਸ਼ਨ ਤੇ ਹੋਰ ਸਮੱਗਰੀ ਵੀ ਹੜ੍ਹ ਪੀੜਿਤਾਂ ਲਈ ਭੇਜੀ ਜਾਵੇਗੀ ਇਸ ਮੌਕੇ ਭਾਜਪਾ ਜਰਨਲ ਸਕੱਤਰ ਮੇਜਰ ਸਿੰਘ, ਮੰਡਲ ਪ੍ਰਧਾਨ ਇਕਬਾਲ ਸਿੰਘ, ਸੁਖਵਿੰਦਰ ਕੌਰ ਸ਼ੇਰਗੜ੍ਹ, ਰਜਨੀ ਜੱਸਲ, ਕੁਲਵਿੰਦਰ ਕੌਰ, ਰਾਜ ਸਿੰਘ ਖਾਲਸਾ, ਬਲਕਰਨ ਸਿੰਘ, ਨਛੱਤਰ ਸਿੰਘ, ਪਵਨ ਸ਼ਰਮਾ, ਬੂਟਾ ਭਾਈਰੂਪਾ, ਗੁਰਜੀਤ ਸਿੰਘ ਗੋਰਾ ਦਿਉਣ ਆਦਿ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ ॥ ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥



# ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਦੀ 30 ਵੀਂ ਸਲਾਨਾ ਬਰਸੀ

## 31 ਅਗਸਤ 2025 ਦਿਨ ਐਤਵਾਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਪਹੁੰਚੋ

ਪੰਜਾਬ ਵਿੱਚੋਂ ਸਿੱਖ ਜਵਾਨੀ ਨੂੰ ਚੁਣ-ਚੁਣ ਕੇ ਖਤਮ ਕਰਨ ਵਾਲੇ ਜ਼ੁਲਮੀ ਹਾਕਮ ਬੇਅੰਤ ਸਿੰਹੁ ਦੇ ਜ਼ੁਲਮੀ ਰਾਜ ਅਤੇ ਉਸ ਦਾ ਨਾਸ਼ ਕਰਦੇ ਹੋਏ 31 ਅਗਸਤ 1995 ਨੂੰ 'ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਮਹਾਨ ਸ਼ਹਾਦਤ ਪ੍ਰਾਪਤ ਕਰ ਗਏ ਸਨ। ਆਓ ਰਲ ਮਿਲਕੇ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦੀ ਸਲਾਨਾ ਬਰਸੀ ਮੌਕੇ ਉਨ੍ਹਾਂ ਵੱਲੋਂ ਖਾਲਿਸਤਾਨ ਦੇ ਸੰਘਰਸ਼ ਲਈ ਦਿੱਤੀ ਕੁਰਬਾਨੀ ਅਤੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰੀਏ। ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ 31 ਅਗਸਤ 2025 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਵੱਖ-ਵੱਖ ਦੇਸ਼ਾਂ ਵਿਦੇਸ਼ਾਂ ਵਿੱਚ 'ਕੌਮੀ ਸ਼ਹੀਦ' ਭਾਈ ਦਿਲਾਵਰ ਸਿੰਘ ਬੱਬਰ ਦੀ ਯਾਦ ਵਿੱਚ ਰੱਖੇ ਪ੍ਰੋਗਰਾਮਾਂ ਵਿੱਚ ਵੱਧ ਤੋਂ ਵੱਧ ਪਰਿਵਾਰਾਂ ਸਹਿਤ ਹਾਜ਼ਰੀ ਲਗਵਾਉ ਅਤੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰੋ ਜੀ।

ਗੁਰੂ ਪੰਥ ਦੇ ਦਾਸ

**ਜੱਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਸਤਨਾਮ ਸਿੰਘ ਬੱਬਰ, ਭਾਈ ਰਾਜਿੰਦਰ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਬਿਧੀ ਸਿੰਘ ਬੱਬਰ**



## ਜਾਰੀ ਕਰਤਾ : ਬੱਬਰ ਖਾਲਸਾ

ਆਵਾਜ਼ਿ ਕੌਮ AWAZE QAUM International Newspaper & WEB TV

### ਬਿਪਤਾ ਦੀ ਘੜੀ ਵਿੱਚ

# ਪੰਜਾਬ ਦੇ ਭਾਜਪਾ ਆਗੂਆਂ ਦੀ ਚੁੱਪ ਹੈਰਾਨ ਕਰਨ ਵਾਲੀ - ਅਮਨ ਅਰੋੜਾ



**ਸੁਨਾਮ ( ਰਣਜੀਤ ਸਿੰਘ ਪੇਧਨੀ )**- ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਪੰਜਾਬ ਦੇ ਭਾਜਪਾ ਆਗੂਆਂ ਨੂੰ ਆੜੇ ਹੱਥੀਂ ਲੈਂਦਿਆਂ ਕਿਹਾ ਹੈ ਕਿ ਅੱਜ ਜਦੋਂ ਪੰਜਾਬ ਬਿਪਤਾ ਦੀ ਘੜੀ ਵਿੱਚੋਂ ਲੰਘ ਰਿਹਾ ਹੈ ਤਾਂ ਉਹਨਾਂ ਦੀ ਚੁੱਪ ਹੈਰਾਨ ਕਰਨ ਵਾਲੀ ਹੈ।ਅਜਿਹੇ ਮੌਕੇ ਕੇਂਦਰ ਨੂੰ ਤੁਰੰਤ ਪੈਕੇਜ ਜਾਰੀ ਕਰਨ ਲਈ ਦਬਾਅ ਪਾਉਣ ਦੀ ਬਿਜਾਏ ਭਾਜਪਾ ਆਗੂਆਂ ਵੱਲੋਂ ਸਿਰਫ਼ ਸੂਬਾ ਸਰਕਾਰ ਦੀਆਂ ਕਮੀਆਂ ਲੱਭਣ ਉੱਤੇ ਜ਼ੋਰ ਦਿੱਤਾ ਜਾ ਰਿਹਾ ਹੈ।

## ਕੈਬਨਿਟ ਮੰਤਰੀ ਅਮਨ ਅਰੋੜਾ ਦੀ ਹਾਜ਼ਰੀ ਵਿੱਚ ਹਲਕਾ ਸੁਨਾਮ ਤੋਂ ਰਾਹਤ ਸਮੱਗਰੀ ਦੇ 11 ਟਰੱਕ ਰਵਾਨਾ

ਅੱਜ ਸਥਾਨਕ ਅਨਾਜ ਮੰਡੀ ਤੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਨੂੰ ਰਾਹਤ ਸਮੱਗਰੀ ਦੇ 11 ਟਰੱਕ ਰਵਾਨਾ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਹਰਿਆਣਾ ਸਰਕਾਰ ਵੱਲੋਂ ਪਾਣੀ ਦੇ ਕੋਟੇ ਵਿੱਚ ਕਟੌਤੀ ਕਰਨ ਬਾਰੇ ਕਹਿਣ ਨਾਲ ਭਾਜਪਾ ਦੀ ਅਗਵਾਈ ਵਾਲੀ ਹਰਿਆਣਾ ਸਰਕਾਰ, ਕੇਂਦਰ ਸਰਕਾਰ ਅਤੇ ਪੰਜਾਬ ਦੇ ਭਾਜਪਾ ਆਗੂਆਂ ਦਾ ਅਸਲੀ ਚਿਹਰਾ ਨੰਗਾ ਹੋ ਗਿਆ ਹੈ। ਉਹਨਾਂ ਕਿਹਾ ਕਿ ਇਸ ਬਿਪਤਾ ਦੀ ਘੜੀ ਵਿੱਚ ਪੰਜਾਬ ਦੇ ਭਾਜਪਾ ਆਗੂਆਂ ਦੀ ਚੁੱਪ ਤਾਂ ਬਿਲਕੁਲ ਹੀ ਹੈਰਾਨੀ ਪੈਦਾ ਕਰਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਉਹਨਾਂ ਕਿਹਾ ਕਿ ਜਦੋਂ ਪੰਜਾਬ ਨੂੰ ਆਪਣੀਆਂ ਫ਼ਸਲਾਂ ਲਈ ਪਾਣੀ ਚਾਹੀਦਾ ਹੁੰਦਾ ਹੈ ਤਾਂ ਉਸ ਵੇਲੇ ਹਰਿਆਣਾ ਵਾਧੂ ਪਾਣੀ ਮੰਗਦਾ ਹੈ ਪਰ ਅੱਜ ਅਸੀਂ ਹਰਿਆਣਾ ਨੂੰ ਕਹਿ ਰਹੇ ਹਾਂ ਕਿ ਉਹ ਵਾਧੂ ਪਾਣੀ ਲੈ ਲਵੇ ਤਾਂ ਜੋ ਸੂਬੇ ਨੂੰ ਪਾਣੀ ਦੀ ਮਾਰ ਤੋਂ ਬਚਾਇਆ ਜਾ ਸਕੇ ਤਾਂ ਹਰਿਆਣਾ ਸਰਕਾਰ ਨੇ ਕਹਿ ਦਿੱਤਾ ਕਿ ਉਹਨਾਂ ਨੂੰ ਹੁਣ ਪਾਣੀ ਦੀ ਲੋੜ ਨਹੀਂ ਹੈ। ਉਲਟਾ ਨਿਰਧਾਰਤ ਕੋਟੇ ਵਿੱਚੋਂ ਵੀ ਕਟੌਤੀ ਕਰਨ ਬਾਰੇ ਕਿਹਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਇਹ ਕਿੱਥੋਂ ਦਾ ਇਨਸਾਫ ਹੈ ਕਿ ਜਦੋਂ ਪਾਣੀ ਦੀ ਮਾਰ ਪੈਣੀ ਹੈ ਤਾਂ ਪੰਜਾਬ ਇਕੱਲਾ ਬਰਦਾਸ਼ਤ ਕਰੇ ਪਰ ਹੁਣ ਵਾਧੂ ਪਾਣੀ ਨੂੰ ਸੰਭਾਲਣ ਵੇਲੇ ਹਰਿਆਣਾ ਸਰਕਾਰ ਪੱਲਾ ਝਾੜ ਗਈ ਹੈ। ਉਹਨਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਮਹਿਜ਼ 6800 ਰੁਪਏ ਪ੍ਰਤੀ ਏਕੜ ਦੇਣ ਦੀ ਬਿਜਾਏ ਮੁਆਵਜ਼ਾ ਰਾਸ਼ੀ ਨੂੰ ਵਧਾਇਆ ਜਾਵੇ। ਪੂਰੇ ਦੇਸ਼ ਦਾ ਢਿੱਡ ਭਰਨ ਵਾਲੇ ਸੂਬੇ ਪੰਜਾਬ ਦਾ ਲੱਖਾਂ ਏਕੜ ਫ਼ਸਲੀ ਨੁਕਸਾਨ ਹੋਇਆ ਹੈ। ਇਸ ਲਈ ਸੂਬੇ ਨੂੰ ਵਿਸ਼ੇਸ਼ ਪੈਕੇਜ ਦੇਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਵਿਰੋਧੀ ਪਾਰਟੀਆਂ ਨੂੰ ਰਾਜਨੀਤੀ ਤੋਂ ਉੱਪਰ ਉੱਠ ਕੇ ਲੋਕਾਂ ਦੀ ਸਹਾਇਤਾ ਲਈ ਸਾਂਝੇ ਯਤਨ ਕਰਨੇ ਚਾਹੀਦੇ ਹਨ।

ਉਹਨਾਂ ਕਿਹਾ ਕਿ ਅੱਜ ਪੰਜਾਬ ਨੂੰ ਕੁਦਰਤ ਦੀ ਵੱਡੀ ਮਾਰ ਪਈ ਹੈ।ਹਿਮਾਚਲ ਪ੍ਰਦੇਸ਼ ਵਿੱਚ ਬੱਦਲ ਫਟਣ ਕਾਰਨ ਪੰਜਾਬ ਦੇ 7-8 ਜ਼ਿਲ੍ਹੇ ਬਹੁਤ ਪ੍ਰਭਾਵਿਤ ਹੋਏ ਹਨ। ਪਹਿਲੇ ਦਿਨ ਤੋਂ ਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸਾਰੇ ਮੰਤਰੀ, ਸਾਰੇ ਵਿਧਾਇਕ ਅਤੇ ਪ੍ਰਸ਼ਾਸ਼ਨ ਰਾਹਤ ਕਾਰਜਾਂ ਵਿੱਚ ਲੱਗੇ ਹੋਏ ਹਨ। ਲੋਕਾਂ ਦੇ ਜਾਨ ਮਾਲ ਅਤੇ ਆਰਥਿਕ ਵਸੀਲਿਆਂ ਨੂੰ ਬਚਾਉਣ ਲਈ ਪੰਜਾਬ ਸਰਕਾਰ ਵੱਲੋਂ ਕੋਈ ਵੀ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਪਰ ਸਾਡਾ ਸਾਰਿਆਂ ਦਾ ਨੈਤਿਕ ਤੌਰ ਉੱਤੇ ਫਰਜ਼ ਬਣਦਾ ਹੈ ਕਿ ਆਪਾਂ ਸਾਰੇ ਰਲ਼ ਮਿਲ ਕੇ ਪੀੜਤ ਲੋਕਾਂ ਦੀ ਸਹਾਇਤਾ ਲਈ ਅੱਗੇ ਆਈਏ। ਉਹਨਾਂ ਕਿਹਾ ਕਿ ਅੱਜ ਹਲਕਾ ਸੁਨਾਮ ਵੱਲੋਂ ਸਮੂਹ ਧਿਰਾਂ ਦੇ ਸਹਿਯੋਗ ਨਾਲ ਹੜ੍ਹ ਤੋਂ ਜ਼ਿਆਦਾ ਪ੍ਰਭਾਵਿਤ ਡੇਰਾ ਬਾਬਾ ਨਾਨਕ, ਅਜਨਾਲਾ, ਰਾਜਾਸਾਂਸੀ, ਫਾਜ਼ਿਲਕਾ, ਭੋਆ ਅਤੇ ਪੱਟੀ ਲਈ 11 ਟਰੱਕ ਭੇਜੇ ਗਏ ਹਨ, ਜਿਸ ਵਿੱਚ ਪਾਣੀ, ਰਾਸ਼ਨ ਅਤੇ ਪਸ਼ੂਆਂ ਲਈ ਚਾਰਾ ਭੇਜਿਆ ਗਿਆ ਹੈ। ਉਹਨਾਂ ਇਸ ਰਾਹਤ ਸਮੱਗਰੀ ਵਿੱਚ ਯੋਗਦਾਨ ਪਾਉਣ ਵਾਲੀਆਂ ਸਾਰੀਆਂ ਧਿਰਾਂ ਦਾ ਧੰਨਵਾਦ ਕੀਤਾ।

ਇਸ ਮੌਕੇ ਮੁਕੇਸ਼ ਜੁਨੇਜਾ ਚੇਅਰਮੈਨ ਮਾਰਕਿਟ ਕਮੇਟੀ ਸੁਨਾਮ, ਮੀਡੀਆ ਕੋਆਰਡੀਨੇਟਰ ਜਤਿੰਦਰ ਜੈਨ, ਆੜਤੀ ਐਸੋਸੀਏਸ਼ਨ ਸੁਨਾਮ ਦੇ ਪ੍ਰਧਾਨ ਰਾਜਨ ਹੋਡਲਾ, ਸੈਲਰ ਐਸੋਸੀਏਸ਼ਨ ਸੁਨਾਮ ਦੇ ਪ੍ਰਧਾਨ ਸੰਜੀਵ ਪੋਨੀ, ਸ਼ੈਲਰ ਐਸੋਸੀਏਸ਼ਨ ਦੇਹਾਤੀ ਦੇ ਸੰਦੀਪ ਝੂਜਾ, ਭੱਠਾ ਐਸੋਸੀਏਸ਼ਨ ਪ੍ਰਧਾਨ ਹਕੂਮਤ ਰਾਏ ਜਿੰਦਲ, ਫਲੋਰ ਮਿਲਰਜ਼ ਪ੍ਰਧਾਨ ਅਨਿਲ ਪੋਪਲੀ, ਨਿਸ਼ਾਨ ਸਿੰਘ ਟੋਨੀ ਪ੍ਰਧਾਨ ਨਗਰ ਕੌਂਸਲ ਸੁਨਾਮ, ਟਰੱਕ ਯੂਨੀਅਨ ਸੁਨਾਮ ਪ੍ਰਧਾਨ ਯਾਦਵਿੰਦਰ ਸਿੰਘ ਰਾਜਾ, ਟਰੱਕ ਯੂਨੀਅਨ ਸੰਗਰੂਰ ਪ੍ਰਧਾਨ ਰਣਦੀਪ ਸਿੰਘ ਮਿੰਟੂ, ਸਮੂਹ ਪਿੰਡ ਨਿਵਾਸੀ ਈਲਵਾਲ, ਪਿੰਡ ਖੇੜੀ, ਪਿੰਡ ਦੁੱਗਾਂ, ਲੌਂਗੋਵਾਲ, ਤੱਕੀਪੁਰ, ਸਾਹੋਕੇ, ਮੰਡੇਰ ਕਲਾਂ, ਤੋਗੇਵਾਲ, ਲੋਹਾਖੇੜਾ, ਚੀਮਾ ਦੇ ਲੋਕ, ਸਮੂਹ ਸੰਗਤ ਮਾਡਲ ਟਾਊਨ ਇੱਕ, ਸਮੂਹ ਮਾਡਲ ਟਾਊਨ ਦੇ ਅਤੇ ਨਗਰ ਕੋਟਲਾ ਕੋਟੜਾ ਦੇ ਵਾਸੀ, ਸਮੂਹ ਬਲਾਕ ਟੀਮ ਆਮ ਆਦਮੀ ਪਾਰਟੀ ਸੁਨਾਮ, ਅਤੇ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਵਰਕਰ ਹਾਜ਼ਰ ਸਨ।

### ਸਿੱਖ ਜਥੇਬੰਦੀਆਂ ਅਤੇ ਪਾਖੰਡੀ ਬਾਬੇ ਦਰਮਿਆਨ ਬਣਿਆ ਟਕਰਾਅ ਟਲਿਆ—ਸਿੱਖ ਆਗੂ

# ਪੁਲਿਸ ਪ੍ਰਸ਼ਾਸਨ ਨੇ ਨਿਭਾਈ ਅਹਿਮ ਭੂਮਿਕਾ

**ਫ਼ਿਰੋਜ਼ਪੁਰ, 30 ਅਗਸਤ (ਮਨੋਹਰ ਲਾਲ)** :— ਪਿਛਲੇ ਕੁਝ ਦਿਨਾਂ ਤੋਂ ਡੇਰਾ ਵਡਭਾਗ ਸਿੰਘ ਦੇ ਘੇਰੇ ਨਾਲ ਜੁੜੇ ਇਕ ਵਿਅਕਤੀ ਅਤੇ ਫ਼ਿਰੋਜ਼ਪੁਰ ਦੀ ਸਮੁੱਚੀਆਂ ਸਿੱਖ ਜਥੇਬੰਦੀਆਂ ਦਰਮਿਆਨ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਨੂੰ ਚੁਣੌਤੀ ਦੇਣ ਦੇ ਮਸਲੇ ਤੇ ਜ਼ੋ ਤਣਾਅ ਬਣਿਆ ਸੀ, ਉਹ ਅੱਜ ਪੁਲਿਸ ਪ੍ਰਸ਼ਾਸਨ ਵੱਲੋਂ ਸਿੱਖ ਜਥੇਬੰਦੀਆਂ ਦੇ ਫੈਸਲੇ ਮੁਤਾਬਿਕ ਪੂਰੀ ਸੂਝਬੂਝ ਨਾਲ ਹੱਲ ਕਰਕੇ ਦੋਹਾਂ ਧਿਰਾਂ ਦਰਮਿਆਨ ਬਣਿਆ ਟਕਰਾਅ ਟਲ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਭਾਈ ਲਖਬੀਰ ਸਿੰਘ ਮਹਾਲਮ ਪ੍ਰਧਾਨ ਏਕਨੂਰ ਖਾਲਸਾ ਫੌਜ਼, ਭਾਈ ਜ਼ਸਪਾਲ ਸਿੰਘ ਤੇ ਸਾਥੀਆਂ ਨੇ ਦੱਸਿਆ ਕਿ ਫੈਸਲੇ ਮੁਤਾਬਿਕ ਜ਼ੋ ਵਿਅਕਤੀ ਬੇਅੰਤ ਸਿੰਘ ਵਾਸੀ ਬਾਹਰਵਾਰ ਜ਼ੀਰਾ ਗੇਟ ਆਪਣੇ ਘਰ ਬਾਬਾ ਵਡਭਾਗ ਸਿੰਘ ਦੀ ਗੱਦੀ ਲਾਉਂਦਾ ਹੈ, ਆਪਣੇ ਘਰ ਸ੍ਰੀ ਗੁਰੂ ਗ੍ਰੰਥ ਸਾਹਿਬ ਲਿਜਾ ਕੇ ਆਖੰਡ ਪਾਠ ਕਰਵਾਉਣਾ ਚਾਹੁੰਦਾ ਸੀ ਜ਼ੋ ਕਿ ਸ੍ਰੀ ਅਕਾਲ ਤਖਤ ਸਾਹਿਬ ਦੀ ਮਰਿਆਦਾ ਨੂੰ ਚਣੌਤੀ ਸੀ।ਉਨ੍ਹਾਂ ਦੱਸਿਆ ਕਿ ਜਿਸ ਤੇ ਸਿੱਖ ਜਥੇਬੰਦੀਆਂ ਜਿਨ੍ਹਾਂ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ, ਇੰਟਰਨੈਸ਼ਨਲ ਪੰਥਕ ਦਲ, ਏਕਨੂਰ ਖਾਲਸਾ ਫੌਜ਼ ਅਤੇ ਕਈ ਹੋਰ ਸੰਪਰਦਾਵਾਂ ਸ਼ਾਮਲ ਸਨ ਨੇ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਨੂੰ ਮੰਗ ਪੱਤਰ ਅਤੇ ਲਿਖਤੀ ਸ਼ਿਕਾਇਤ ਵੀ ਕੀਤੀ ਸੀ ਅਤੇ ਉਹ ਵਿਅਕਤੀ ਆਪਣੀ ਜਿੱਦ ਤੇ ਅੜਿਆ ਹੋਇਆ ਸੀ, ਜਿਸ ਕਾਰਣ ਦੋਹਾਂ ਧਿਰਾਂ ਦਰਮਿਆਨ ਟਕਰਾਅ ਦੀ ਸਥਿਤੀ ਬਣੀ ਹੋਈ ਸੀ। ਪੁਲਿਸ ਪ੍ਰਸ਼ਾਸਨ ਡੀ.ਐਸ.ਪੀ ਸਿਟੀ ਸੁਖਵਿੰਦਰ ਸਿੰਘ ਅਤੇ ਥਾਣਾ ਸਿਟੀ ਦੇ ਇੰਚਾਰਜ ਜਤਿੰਦਰ ਸਿੰਘ ਨੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਉਸ ਵਿਅਕਤੀ ਤੇ ਦਬਾਅ ਬਣਾਇਆ ਅਤੇ ਸਿੱਖ ਜਥੇਬੰਦੀਆਂ ਵੱਲੋਂ ਲਾਏ ਇਤਰਾਜ ਨਾਲ ਸਹਿਮਤ ਹੁੰਦਿਆਂ ਉਸ ਨੂੰ ਸਮਝਾਇਆ ਅਤੇ ਤਾੜਨਾ ਕੀਤੀ ਕਿ ਉਹ ਆਪਣੇ ਘਰ ਵਿਚ ਜਿਥੇ ਉਹ ਗੱਦੀ ਲਾਉਂਦਾ ਹੈ ਕਿਸੇ ਵੀ ਸੂਰਤ ਵਿਚ ਆਖੰਡ ਪਾਠ ਨਹੀਂ ਕਰਵਾ ਸਕਦਾ, ਜਿਸ ਦੇ ਉਸ ਨੇ ਮਾਮਲੇ ਨੂੰ ਸਮਝਦਿਆਂ ਕਿਸੇ ਹੋਰ ਘਰ ਵਿਚ ਆਖੰਡ ਪਾਠ ਕਰਵਾ ਦਿੱਤਾ, ਜਿਸ ਤੇ ਸਾਰਾ ਮਾਮਲਾ ਸ਼ਾਂਤ ਹੋ ਗਿਆ। ਇਸ ਮੌਕੇ ਤੇ ਭਾਈ ਲਖਬੀਰ ਸਿੰਘ ਮਹਾਲਮ ਪ੍ਰਧਾਨ ਏਕਨੂਰ ਖਾਲਸਾ ਫੌਜ਼, ਭਾਈ ਹਿੰਮਤ ਸਿੰਘ ਸੀਨੀਅਰ ਆਗੂ ਏਕਨੂਰ ਖਾਲਸਾ ਫੌਜ਼, ਭਾਈ ਲਖਬੀਰ ਸਿੰਘ ਮਹਾਲਮ ਪ੍ਰਧਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਬਾਬਾ ਸਤਨਾਮ ਸਿੰਘ ਵਲੀਆ ਪੰਜਾਬ ਪ੍ਰਧਾਨ ਧਾਰਮਿਕ ਵਿੰਗ ਇੰਟਰਨੈਸ਼ਨਲ ਪੰਥਕ ਦਲ, ਭਾਈ ਜ਼ਸਪਾਲ ਸਿੰਘ ਫੈਡਰੇਸ਼ਨ, ਡਾ: ਗੁਰਮੀਤ ਸਿੰਘ ਫੈਡਰੇਸ਼ਨ, ਕੁਲਦੀਪ ਸਿੰਘ ਨੰਢਾ ਫੈਡਰੇਸ਼ਨ, ਸਵਰਨ ਸਿੰਘ ਏਕਨੂਰ ਖਾਲਸਾ ਫੌਜ਼ ਸ਼ਹਿਰੀ ਪ੍ਰਧਾਨ, ਜਗਤਾਰ ਸਿੰਘ, ਸਰਬਜੀਤ ਸਿੰਘ, ਹਰਜਿੰਦਰ ਸਿੰਘ ਬੱਗਾ, ਜ਼ਸਵੀਰ ਸਿੰਘ ਜੱਸ, ਸਤਨਾਮ ਸਿੰਘ, ਮਿਹਰ ਸਿੰਘ ਜ਼ੋਸਨ, ਜਰਨੈਲ ਸਿੰਘ ਗਾਬੜੀਆ, ਸੰਤੋਖ ਸਿੰਘ, ਬਲਕਾਰ ਸਿੰਘ, ਹਰਜਿੰਦਰ ਸਿੰਘ ਸਮੇਤ ਵੱਖ—ਵੱਖ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

## ਸਾਰੇ ਦੇਸ਼ ਦੀਆਂ ਮੁਸੀਬਤਾਂ ਆਪਣੇ ਸਿਰ ਝੱਲਣ ਵਾਲੇ ਪੰਜਾਬ ਪੰਜਾਬੀਆਂ ਦੀ ਹੜ੍ਹਾਂ ਕਾਰਨ ਮੁਸੀਬਤ ਵਿੱਚ ਦੇਸ਼ ਭਰ ਵਿੱਚੋਂ ਕੋਈ ਨਹੀਂ ਆਇਆ ਇਮਦਾਦ ਕਰਨ ਲਈ, ਸ਼ਰਮਨਾਕ ਗੱਲ ਹੋਈ-ਇਕਬਾਲ ਸਿੰਘ ਤੁੰਗ



ਅੱਜ ਪੰਜਾਬ ਤੇ ਹੜਾ ਕਾਰਨ ਆਈ ਮੁਸੀਬਤ ਵਿੱਚ ਸਾਰੇ ਦੇਸ਼ ਭਰ ਵਿੱਚੋ ਕੋਈ ਨਹੀ ਆਇਆ ਪੰਜਾਬੀਓ ਇਸ ਤੇ ਵਿਚਾਰ ਜ਼ਰੂਰ ਕਰਿਓ ਪਾਣੀ ਦੀ ਮਾਰ ਝੱਲ ਰਹਿ ਲੋਕਾ ਦੀ ਇਮਦਾਦ ਕਰਨ ਦੀ ਥਾ ਪੰਜਾਬ ਸਰਕਾਰ ਸਮੇਤ ਸਾਰੀਆਂ ਰਾਜਨੀਤਕ ਪਾਰਟੀਆ ਇਕੱਠੇ ਹੋ ਕੇ ਹੜ ਪੀੜਤਾ ਲਈ ਕੁੱਝ ਕਰਨਾ ਤਾਂ ਦੂਰ ਦੀ ਗੱਲ ਹੋਈ ਉਲਟਾ ਇਕ ਦੂਸਰੇ ਤੇ ਇਲਜਾਮਤਰਾਸ਼ੀ ਕਰ ਕੇ ਸਿਆਸੀ ਖੇਡਾ ਖੇਡ ਰਹੀਆ ਹਨ ਜਿਥੇ ਪੰਜਾਬ ਦੀ ਭੰਡ ਮਾਨ ਦੀ ਅਖੌਤੀ ਸਰਕਾਰ ਦੀ ਕਾਰਗੁਜ਼ਾਰੀ ਤਾ ਜੀਰੋ ਹੈ ਓਥੇ ਦੁਸਰੀਆ ਧਿਰਾ ਵੀ ਫੋਟੋ ਸ਼ੂਟ ਵਿੱਚ ਸਮਾ ਬਤੀਤ ਕਰ ਰਹੀਆ ਹਨ ਪਰ ਬਹੁਤ ਸਾਰੀਆਂ ਧਾਰਮਿਕ ਸਮਾਜ ਸੇਵਕ ਦੇਸ਼ ਵਿਦੇਸ਼ ਵਿੱਚੋ ਆਈਆ ਸੇਵਾ ਸੁਸਾਇਟੀਆਂ ਦਿਨ ਰਾਤ ਮਿਹਨਤ ਨਾਲ ਹੜਾ ਦੀ ਮਾਰ ਝੱਲ ਰਹੇ ਲੋਕਾ ਨਾਲ ਰਲਮਿਲ ਕੇ ਇਸ ਮੁਸੀਬਤ ਦਾ ਸਾਹਮਣਾ ਕਰ ਕੇ ਸੇਵਾਦਾਰੀ ਵਿੱਚ ਜੁੱਟੇ ਹਨ ਪਰ ਅੱਜ ਬਹੁਤ ਦੁੱਖ ਹੋਇਆ ਕੇ ਅਸੀ ਪੰਜਾਬੀ ਲੋਕ ਦੇਸ਼ ਭਰ ਵਿੱਚ ਕਿਤੇ ਵੀ ਕੋਈ ਮੁਸ਼ਕਲ ਪੇਸ਼ ਆ ਜਾਏ ਤਾ ਸਰਕਾਰ ਤੋ ਪਹਿਲਾ ਪੰਜਾਬ ਭਰ ਵਿੱਚੋ ਰਾਹਤ ਸਮੱਗਰੀਆ ਲੈ ਕੇ ਅਸੀ ਪੰਜਾਬੀ ਪਹੁੰਚ ਜਾਂਦੇ ਹਾਂ ਪਰ ਬੜੀ ਸ਼ਰਮਨਾਕ ਗੱਲ ਹੈ ਪੰਜਾਬੀਆ ਤੇ ਆਈ ਮੁਸੀਬਤ ਵਿੱਚ ਕੋਈ ਨਹੀ ਆਇਆ ਪੰਜਾਬੀਓ ਇਹ ਗੱਲ ਯਾਦ ਰੱਖਿਆ ਜੇ ਸਾਨੂੰ ਵੀ ਅੱਜ ਬਹੁਤ ਬਹੁਤ ਜਰੂਰਤ ਹੈ ਪੰਜਾਬ ਦਾ ਭਾਰੀ ਨੁਕਸਾਨ ਹੋਇਆ ਹੈ ਸਾਡੀ ਖਾਲਸਾ ਏਡ, ਸਰਬੱਤ ਦਾ ਭਲਾ,ਤੇ ਦੇਸ਼ ਵਿਦੇਸ਼ ਵਿੱਚ ਵਸਦੇ ਪੰਜਾਬੀਆਂ ਨੂੰ ਬੇਨਤੀਆ ਹਨ ਕੇ ਪੰਜਾਬ ਅੰਦਰ ਬਹੁ ਗਿਣਤੀ ਸਿੱਖ ਭਾਈ ਚਾਰਾ ਹੈ ਦੇਸ਼ ਦੀਆ ਸਰਕਾਰਾ ਸਿੱਖਾ ਨੂੰ ਸਿੱਖੀ ਨੂੰ ਖਤਮ ਕਰਨ ਲਈ ਤਾਂ ਬਹੁਤ ਘਟੀਆ ਪੱਧਰ ਤੱਕ ਪਹੁੰਚ ਜਾਦੀਆਂ ਹਨ ਇਸ ਲਈ ਆਓ ਅੱਜ ਪੰਜਾਬ ਨੂੰ ਪੰਜਾਬੀਅਤ ਨੂੰ ਬਚਾਉਣ ਲਈ ਦੇਸ਼ ਵਿਦੇਸ਼ ਵਿੱਚੋ ਹਰ ਕੋਈ ਗੁਰੂ ਦੇ ਸਿੱਖ ਰਾਜਨੀਤਕ ਪਦਰ ਤੋ ਉਪਰ ਉਠ ਇਕੱਠੇ ਹੋ ਕੇ ਪੰਜਾਬੀਆ ਨੂੰ ਆਰਥਿਕ ਤੌਰ ਤੇ ਵਾਪਸ ਲਿਆਉਣ ਲਈ ਇੱਕ ਸਾਝੀ ਸਹਾਇਤਾ ਕਮੇਟੀ ਦਾ ਗਠਣ ਕਰਕੇ ਸਹਾਇਤਾ ਫੰਡ ਮੁਹੱਈਆ ਕਰਵਾਇਆ ਜਾਏ ਤਾ ਜੋ ਪੰਜਾਬ ਵਿੱਚ ਕਰੋੜਾ ਅਰਬਾਂ ਖਰਬਾਂ ਦੀ ਮਾਰ ਹੇਠ ਆਏ ਲੋੜਵੰਦ ਲੋਕਾ ਦੀ ਇਮਦਾਦ ਕੀਤੀ ਜਾਏ ਅਤੇ ਬੇਈਮਾਨ ਠੱਗ ਲੋਕਾ ਤੋ ਬਚਿਆ ਜਾਏ, ਦਾਸ ਇਕਬਾਲ ਸਿੰਘ ਤੁੰਗ ਸਾਬਕਾ ਨਿੱਜੀ ਸਕਤਰ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਸਾਹਿਬ ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ।

-ਇਕਬਾਲ ਸਿੰਘ ਤੁੰਗ ਸਾਬਕਾ ਨਿੱਜੀ ਸਕਤਰ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਸਾਹਿਬ

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਮੱਤੇਵਾਲ ਮਹਿਤਾ ਰੋਡ ਅੰਮ੍ਰਿਤਸਰ ਅਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਹੜ ਪੀੜਤਾਂ ਲਈ ਲਗਾਤਾਰ ਲੰਗਰਾਂ ਦੀ ਸੇਵਾ ਜਾਰੀ



**ਚੌਕ ਮਹਿਤਾ, 30 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ (ਮੱਤੇਵਾਲ)ਦੇ ਮੁੱਖੀ ਸ੍ਰੀ ਮਾਨ ਵ ਸੰਤ ਬਾਬਾ ਸੱਜਣ ਸਿੰਘ ਜੀ ਦੇ ਸਹਿਯੋਗ ਅਤੇ ਪ੍ਰੇਰਨਾ ਸਦਕਾ ਸਮੂਹ ਇਲਾਕੇ ਦੀਆਂ ਸੰਗਤਾਂ ਐਨ ਆਰ ਆਈ ਵੱਲੋਂ ਹੜ ਪੀੜਤਾਂ ਵਾਸਤੇ ਗੁਰੂ ਜੀ ਦਾ ਲੰਗਰ, ਸੁਕੀ ਰਸਦ, ਪਾਣੀ ,ਪਸ਼ੂਆਂ ਦਾ ਚਾਰਾ, ਅਤੇ ਹੋਰ ਵਸਤਾਂ ਭੇਜੀਆਂ ਜਾ ਰਹੀਆਂ ਹਨ ।ਸੰਤ ਬਾਬਾ ਸੱਜਣ ਸਿੰਘ ਜੀ ਨਾਲ ਗੱਲਬਾਤ ਕਰਦਿਆਂ ਹੋਇਆਂ ਉਹਨਾਂ ਦੱਸਿਆ ਕਿ ਲੋੜਵੰਦਾਂ ਦੀ ਸੇਵਾ ਕਰਨਾ ਸਾਡੇ ਗੁਰੂ ਸਾਹਿਬ ਦਾ ਹੁਕਮ ਹੈ ਉਹਨਾਂ ਨੇ ਨਾਲ ਇਹ ਵੀ ਕਿ ਹੜ ਪੀੜਤ ਇਲਾਕਿਆਂ ਦੇ ਨੇੜੇ ਜਿਹੜੇ ਵੀ ਪਿੰਡ ਹਨ ਉਹ ਵੀ ਸੇਵਾ ਕਰਨ ਕਿਉਂਕਿ ਸਿੱਖ ਧਰਮ ਵਿੱਚ ਸੇਵਾ ਕਰਨਾ ਸਭ ਤੋਂ ਉੱਤਮ ਹੈ ।ਇਸ ਮੌਕੇ ਰਣਜੀਤ ਸਿੰਘ ਰਾਣਾ ਬਾਬੋਵਾਲ, ਜਗਰੂਪ ਸਿੰਘ ਬੋਪਾਰਾਏ ,ਬਾਬਾ ਜੱਸਾ ਸਿੰਘ ,ਅਵਤਾਰ ਸਿੰਘ ਬੋਪਾਰਾਏ, ਮੇਜਰ ਸਿੰਘ , ਸਰਪੰਚ ਗੁਰਵਿੰਦਰ ਸਿੰਘ ਨਿਬਰਵਿੰਡ, ਰਵੀ ਕਲੇਰ,ਬਲਿਹਾਰ ਸਿੰਘ ਬਲਜਿੰਦਰ ਸਿੰਘ, ਸਲੱਖਣ ਸਿੰਘ ਜਥੇਦਾਰ ਨਿੰਦਰ ਸਿੰਘ ਭੋਏ ,ਬਾਬਾ ਸੁੱਖਾ ਸਿੰਘ ,ਗੁਰਨਾਮ ਸਿੰਘ, ਪ੍ਰੀਤ, ਬਲਬੀਰ ਸਿੰਘ ਬੋਪਾਰਾਏ, ਗੁਰਪ੍ਰੀਤ ਸਿੰਘ ,ਬਚਿੱਤਰ ਸਿੰਘ ਮੱਤੇਵਾਲ ,ਗਿਆਨ ਸਿੰਘ ਬੋਪਾਰਾਏ ,ਬਰਿੰਦਰ ਸਿੰਘ ,ਬਾਬਾ ਰਾਜਾ, ਪਲਵਿੰਦਰ ਸਿੰਘ, ਰਵਿੰਦਰ ਸਿੰਘ, ਜੋਬਨ ਬੁਲਾਰਾ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਨੇ ਹੜ੍ਹ ਪੀੜਤਾਂ ਲਈ ਖੋਲੇ ਦਰਵਾਜੇ




**ਫ਼ਿਰੋਜ਼ਪੁਰ, 30 ਅਗਸਤ (ਮਨੋਹਰ ਲਾਲ)** :— ਗੁਰਦੁਆਰਾ ਰਾਮਦਾਸ ਅਰਮਾਨਪੁਰ ਦੇ ਮੁੱਖ ਸੇਵਾਦਾਰ ਭਗਤ ਮਿਲਖਾ ਸਿੰਘ ਨੇ ਹੜ੍ਹਾਂ ਪੀੜਤਾਂ ਪਰਿਵਾਰਾਂ ਲਈ ਗੁਰਦੁਆਰਾ ਸਾਹਿਬ ਤੋਂ ਸੰਗਤਾਂ ਲਈ ਲੰਗਰ ਪਰਸ਼ਾਦ ਤਿਆਰ ਕਰਕੇ ਅਤੇ ਪਸ਼ੂਆਂ ਲਈ ਤੂੜੀ ਤੇ ਹਰੇ ਚਾਰੇ ਦੀਆਂ ਕਈ ਟਰਾਲੀ ਭਰਕੇ ਹੜ੍ਹ ਪੀੜਤਾਂ ਲਈ ਭੇਜੀਆਂ ਅਤੇ ਬੰਨਾਂ ਤੇ ਚੱਲ ਰਹੀਆਂ ਮਸ਼ੀਨਾਂ ਲਈ ਡੀਜਲ ਦਾ ਪ੍ਰਬੰਧ ਵੀ ਕਰਾਇਆ ਅਤੇ ਬਾਬਾ ਜੀ ਵੱਲੋਂ ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਬੇਨਤੀ ਕੀਤੀ ਕਿ ਕੋਈ ਗੁਰੂ ਘਰ ਆ ਕੇ ਰਹਿ ਸਕਦੇ ਹਨ, ਉਥੇ ਸੰਗਤ ਲਈ ਲੰਗਰ ਪ੍ਰਸ਼ਾਦੇ ਦਾ ਪ੍ਰਬੰਧ ਵੀ ਕੀਤਾ ਗਿਆ ਹੈ ਅਤੇ ਪਸ਼ੂਆਂ ਦੀ ਸਾਂਭ—ਸੰਭਾਲ ਲਈ ਵੀ ਖਾਸ ਪ੍ਰਬੰਧ ਕੀਤੇ ਗਏ ਹਨ। ਇਸ ਮੌਕੇ ਭਗਤ ਮਿਲਖਾ ਸਿੰਘ ਤੇ ਉਨ੍ਹਾਂ ਨਾਲ ਉਨ੍ਹਾਂ ਦੇ ਸੇਵਾਦਾਰ ਕੌਰਜੀਤ ਸਿੰਘ, ਗੁਰਜੀਤ ਸਿੰਘ ਮੱਲੀ, ਸੁਖਜਿੰਦਰ ਸਿੰਘ ਕੁਲਗੜ੍ਹੀ, ਇੰਦਰਪਾਲ ਸਿੰਘ, ਨਿਰਵੈਰ ਸਿੰਘ, ਮਨਪ੍ਰੀਤ ਸਿੰਘ ਸਰਪੰਚ, ਗੁਰਜੀਤ ਸਿੰਘ, ਸੁਖਦੇਵ ਸਿੰਘ, ਅਮਰੀਕ ਸਿੰਘ ਨੰਬਰਦਾਰ, ਜੱਗਾ ਸਿੰਘ, ਜਗਦੀਪ ਸਿੰਘ, ਜ਼ਸਬੀਰ ਸਿੰਘ ਠੇਕੇਦਾਰ ਗੁਰਮੇਜ਼ ਸਿੰਘ, ਨਰਿੰਦਰ ਸਿੰਘ ਸੋਢੀ, ਜਗਦੀਸ਼ ਸਿੰਘ ਮੱਲੀ, ਗੁਲਜਾਰ ਸਿੰਘ, ਬਲਵੀਰ ਸਿੰਘ, ਗੁਰਚਰਨ ਸਿੰਘ ਸਰਪੰਚ, ਬਲਵਿੰਦਰ ਸਿੰਘ, ਗੁਰਦੇਵ ਸਿੰਘ, ਬਲਜੀਤ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸ਼ਹੀਦ ਭਾਈ ਅਨੋਖ ਸਿੰਘ ਬੱਬਰ ਅਤੇ ਸ਼ਹੀਦ ਭਾਈ ਸੁਲੱਖਣ ਸਿੰਘ ਬੱਬਰ ਸੂਰਬੀਰ ਜੋਧਿਆ ਦੀ ਸਾਲਾਨਾ ਬਰਸੀ ਸਮਾਗਮ ਦੇ ਸੰਬੰਧ ਵਿੱਚ

# ਸ਼੍ਰੀ ਅਕਾਲ ਤਖਤ ਸਾਹਿਬ ਵਿਖੇ ਸ਼੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ






**ਅੰਮ੍ਰਿਤਸਰ, 30 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼ਹੀਦ ਭਾਈ ਅਨੋਖ ਸਿੰਘ ਬੱਬਰ ਅਤੇ ਸ਼ਹੀਦ ਭਾਈ ਸੁਲੱਖਣ ਸਿੰਘ ਬੱਬਰ ਸੂਰਬੀਰ ਜੋਧਿਆ ਦੀ ਸਾਲਾਨਾ ਬਰਸੀ ਸਮਾਗਮ ਦੇ ਸੰਬੰਧ ਵਿੱਚ ਸ਼੍ਰੀ ਅਕਾਲ ਤਖਤ ਸਾਹਿਬ ਸ਼੍ਰੀ ਅੰਮ੍ਰਿਤਸਰ ਸਾਹਿਬ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਦੇ ਅਸਥਾਨ ਵਿਖੇ ਸ਼੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਸ਼ਹੀਦ ਭਾਈ ਅਨੋਖ ਸਿੰਘ ਬੱਬਰ ਸ਼ਹੀਦ ਭਾਈ ਸੁਲੱਖਣ ਸਿੰਘ ਬੱਬਰ ਸ਼ਹੀਦ ਭਾਈ ਹਰਪਾਲ ਸਿੰਘ ਬੱਬਰ ਸ਼ਹੀਦ ਬਾਬਾ ਚਰਨ ਸਿੰਘ ਠੱਠੀ ਖਾਰਾ ਸ਼ਹੀਦ ਭਾਈ ਜਨਰਲ ਸੁਬੇਗ ਸਿੰਘ ਦੇ ਪਰਿਵਾਰਾ ਨੂੰ ਸਨਮਾਨਿਤ ਕੀਤਾ ਗਿਆ ਇਸ ਮੌਕੇ ਤੇ ਹਾਜ਼ਰ ਆਖੰਡ ਕੀਰਤਨੀ ਜਥਾ ਜਰਮਨੀ ਸੇਵਾਦਾਰ ਭਾਈ ਭੁਪਿੰਦਰ ਸਿੰਘ ਭਲਵਾਨ ਪ੍ਰੋਫੈਸਰ ਬਲਜਿੰਦਰ ਸਿੰਘ ਜਥੇਦਾਰ ਮਹਾਬੀਰ ਸਿੰਘ ਸੁਲਤਾਨ ਵਿੰਡ ਸਤਨਾਮ ਸਿੰਘ ਖੰਡਾ ਸਤਨਾਮ ਸਿੰਘ ਝਜੀਆ ਬਾਬਾ ਗੁਰਮੀਤ ਸਿੰਘ ਬਾਬਾ ਸੁਖਦੇਵ ਸਿੰਘ ਸਰਬਜੀਤ ਸਿੰਘ ਘੁਮਾਣ ਭਗਵੰਤ ਸਿੰਘ ਸਿਆਲਕਾ SGPC ਮੈਂਬਰ ਜਨਰਲ ਸੁਬੇਗ ਸਿੰਘ ਦੇ ਭਾਰਾਤਾ ਭਾਈ ਬੇਅੰਤ ਸਿੰਘ ਆਦਿ ਨੇ ਹਾਜਰੀਆਂ ਭਰੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

ਹਰਿਆਣਾ ਕਮੇਟੀ ਪ੍ਰਧਾਨ ਝੀਂਡਾ ਰੱਜ ਕੇ ਕਰ ਰਿਹਾ ਗੁਰੂ ਕੀ ਗੋਲਕ ਦੀ ਦੁਰਵਰਤੋਂ - ਜਥੇਦਾਰ ਮੰਡੇਬਰ

# ਝੀਂਡਾ ਦੇ ਜਨਮ ਦਿਨ ਦੇ ਸੱਦਾ ਪੱਤਰ ਵੰਡ ਰਹੇ ਹਰਿਆਣਾ ਕਮੇਟੀ ਦੀਆਂ ਗੱਡੀਆਂ ਤੇ ਮੁਲਾਜ਼ਮ

**ਸਿਰਸਾ, 30 ਅਗਸਤ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੈਂਬਰਾਂ ਅਤੇ ਸਿੱਖ ਸੰਗਤਾਂ ਵਿੱਚੋਂ ਆਪਣਾ ਭਰੋਸਾ ਗਵਾ ਚੁੱਕਾ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਅੱਜ ਕੱਲ ਗੁਰੂ ਕੀ ਗੋਲਕ ਦੀ ਰੱਜ ਕੇ ਦੁਰਵਰਤੋਂ ਕਰ ਰਿਹਾ ਹੈ ਇਨਾਂ ਵਿਚਾਰਾਂ ਦਾ ਪ੍ਰਗਟਾਵਾ ਮੀਡੀਆ ਨਾਲ ਇੱਕ ਲਿਖਤੀ ਪ੍ਰੈਸਨੋਟ ਜਾਰੀ ਕਰਦਿਆਂ ਜਥੇਦਾਰ ਸੁਖਵਿੰਦਰ ਸਿੰਘ ਮੰਡੇਬਰ ਸਾਬਕਾ ਜਨਰਲ ਸਕੱਤਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕੀਤਾ ਜਥੇਦਾਰ ਮੰਡੇਬਰ ਨੇ ਦੱਸਿਆ ਕੇ ਜਗਦੀਸ਼ ਸਿੰਘ ਝੀਂਡਾ ਆਪਣਾ 73ਵਾਂ ਜਨਮਦਿਨ 5 ਸਤੰਬਰ ਨੂੰ ਆਪਣੇ ਪਿੰਡ ਝੀਂਡਾ ਵਿੱਚ ਮਨਾ ਰਿਹਾ ਹੈ ਜਿਸ ਦੇ ਸੱਦਾ ਪੱਤਰ ਗੁਰੂ ਕੀ ਗੋਲਕ ਵਿੱਚੋਂ ਤੇਲ ਪਾ ਕੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਗੱਡੀਆਂ ਉੱਪਰ ਕਮੇਟੀ ਦੇ ਮੁਲਾਜ਼ਮ ਪਿੰਡਾਂ ਵਿੱਚ ਵੰਡ ਰਹੇ ਹਨ ਜੋ ਕੇ ਸਿੱਧੇ ਤੌਰ ਤੇ ਗੁਰੂ ਕੀ ਗੋਲਕ ਦੀ ਦੁਰਵਰਤੋਂ ਹੈ ਜਥੇਦਾਰ ਮੰਡੇਬਰ ਨੇ ਕਿਹਾ ਕੇ ਪਹਿਲੀ ਗੱਲ ਤਾਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 350 ਸਾਲਾ ਸ਼ਹੀਦੀ ਸ਼ਤਾਬਦੀ ਦਾ ਸਾਲ ਚੱਲ ਰਿਹਾ ਹੈ ਦੂਸਰਾ




ਆਵਾਜ਼ਿ ਕੌਮ AWAZE QAUM International Newspaper & WEB TV

ਹਰਿਆਣਾ ਪੰਜਾਬ ਵਿੱਚ ਹੜਾਂ ਦੀ ਮਾਰ ਨਾਲ ਲੋਕ ਘਰੋਂ ਬੇਘਰ ਹੋ ਰਹੇ ਹਨ ਪੀੜਤ ਪਰਿਵਾਰਾਂ ਕੋਲ ਪੁੱਜਣ ਦੀ ਬਜਾਏ ਝੀਂਡਾ ਸਰਕਾਰੀ ਦਫਤਰਾਂ ਵਿੱਚ ਲੀਡਰਾਂ ਅਤੇ ਅਫਸਰਾਂ ਨੂੰ ਆਪਣੇ ਜਨਮਦਿਨ ਦੇ ਸੱਦਾ ਪੱਤਰ ਵੰਡਦਾ ਫਿਰ ਰਿਹਾ ਹੈ ਅਤੇ ਬੁੱਢੇ ਵਾਰੇ ਆਪਣਾ ਜਨਮ ਦਿਨ ਮਨਾ ਰਿਹਾ ਹੈ ਜਥੇਦਾਰ ਮੰਡੇਬਰ ਨੇ ਕਿਹਾ ਕੇ ਇਹ ਤਾਂ ਉਹ ਕਹਾਵਤ ਬਣਦੀ ਹੈ ਕਿ 'ਰੋਮ ਜਲ ਰਿਹਾ ਸੀ ਤੇ ਨੀਰੋ ਬੰਸਰੀ ਵਜਾ ਰਿਹਾ ਸੀ' ਉਨਾਂ ਕਿਹਾ ਕੇ ਝੀਂਡਾ ਨੇ ਆਪਣੇ 72 ਜਨਮ ਦਿਨ ਤਾਂ ਕਦੇ ਮਨਾਏ ਨਹੀਂ ਤੇ ਇਸ ਵਾਰ ਪਤਾ ਨਹੀਂ ਝੀਂਡਾ ਨੂੰ 73ਵਾਂ ਜਨਮਦਿਨ ਮਨਾਉਣ ਦਾ ਕੀ ਚਾਅ ਚੜਿਆ ਹੋਇਆ ਹੈ ਪਹਿਲਾਂ ਵੀ ਝੀਂਡਾ ਨੇ 26 ਜੂਨ ਨੂੰ ਕਾਲਾ ਦਿਵਸ ਪ੍ਰੋਗਰਾਮ ਉੱਤੇ ਪੂਰੇ ਹਰਿਆਣਾ ਕਮੇਟੀ ਦੇ ਪ੍ਰਬੰਧ ਹੇਠਲੇ ਗੁਰਦੁਆਰਿਆਂ ਵਿੱਚੋਂ ਗੁਰੂ ਕੀ ਗੋਲਕ ਦਾ ਤੇਲ ਗੱਡੀਆਂ ਵਿੱਚ ਪਾ ਕੇ ਮੁਲਾਜ਼ਮਾਂ ਨੂੰ ਸੱਦ ਕੇ ਗੁਰੂ ਕੀ ਗੋਲਕ ਦੀ ਦੁਰਵਰਤੋਂ ਕੀਤੀ ਸੀ ਝੀਂਡਾ ਨੇ ਦੋ ਗੱਡੀਆਂ 13 - 14 ਮੁਲਾਜ਼ਮ ਆਪਣੇ ਨਾਲ ਟਾਸਕ ਫੋਰਸ ਪੀਏ ਤੇ ਡਰਾਈਵਰਾਂ ਦੇ ਰੂਪ ਵਿੱਚ ਲਗਾਕੇ ਗੁਰੂ ਕੀ ਗੋਲਕ ਦੀ ਰੱਜ ਕੇ ਦੁਰਵਰਤੋਂ ਕਰ ਰਿਹਾ ਹੈ ਜਥੇਦਾਰ ਮੰਡੇਬਰ ਨੇ ਕਿਹਾ ਕੇ 5



ਸਤੰਬਰ ਨੂੰ ਝੀਂਡੇ ਦੇ ਨਿੱਜੀ ਪ੍ਰੋਗਰਾਮ ਤੇ ਪੁੱਜਣ ਵਾਲੇ ਕਮੇਟੀ ਮੁਲਾਜ਼ਮਾਂ ਤੇ ਵੀ ਨਜ਼ਰ ਰੱਖੀ ਜਾਵੇਗੀ ਝੀਂਡਾ ਦੀ ਨਾਲਾਇਕੀ ਕਾਰਣ ਦਫ਼ਤਰ ਦਾ ਪ੍ਰਬੰਧ ਬੁਰੀ ਤਰਾਂ ਨਾਲ ਫੇਲ ਹੋ ਚੁੱਕਾ ਹੈ ਅਤੇ ਦਫ਼ਤਰ ਵਿੱਚ ਕੁਰੀਤੀਆਂ ਦੀਆਂ ਖਬਰਾਂ ਮੀਡੀਆ ਦਾ ਸਿੰਗਾਰ ਬਣ ਰਹੀਆਂ ਹਨ ਉਨਾਂ ਕਿਹਾ ਕੇ ਦੂਜਿਆਂ ਨੂੰ ਬੀਜੇਪੀ ਦੇ ਏਜੰਟ ਕਹਿਣ ਵਾਲਾ ਝੀਂਡਾ ਅੱਜ ਸਵੇਰੇ ਦੁਪਹਿਰੇ ਸ਼ਾਮ ਬੀਜੇਪੀ ਦੇ ਲੀਡਰਾਂ ਤੇ ਅਫਸਰਾਂ ਕੋਲ ਆਪਣੀ ਪ੍ਰਧਾਨਗੀ ਬਚਾਉਣ ਵਾਸਤੇ ਲੇਲੜੀਆਂ ਕੱਢਦਾ ਫਿਰਦਾ ਤਰਲੇ ਲੈ ਰਿਹਾ ਹੈ ਜਿਸ ਕਾਰਣ ਅਤੇ ਗੁਰੂ ਕੀ ਗੋਲਕ ਦੀ ਦੁਰਵਰਤੋਂ ਕਰਕੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬਹੁਤਾਤ ਮੈਂਬਰਾਂ ਅਤੇ ਹਰਿਆਣਾ ਦੀਆਂ ਸਿੱਖ ਸੰਗਤਾਂ ਚੋਂ ਆਪਣਾ ਭਰੋਸਾ ਗਵਾ ਚੁੱਕਾ ਹੈ ਹਰਿਆਣਾ ਕਮੇਟੀ ਦੇ ਸੋਸ਼ਲ ਮੀਡੀਆ ਪੇਜ਼ ਉੱਤੇ ਪਈਆਂ ਫੋਟੋਆਂ ਦੱਸਦੀਆਂ ਹਨ ਕੇ ਪ੍ਰਧਾਨ ਝੀਂਡਾ ਗੁਰੂ ਘਰਾਂ ਦੇ ਪ੍ਰਬੰਧ ਧਰਮ ਪ੍ਰਚਾਰ ਦੀ ਬਜਾਏ ਸਵੇਰੇ ਦੁਪਹਿਰੇ ਸ਼ਾਮ ਸਰਕਾਰੀ ਦਫਤਰਾਂ ਦੇ ਵਿੱਚ ਹੀ ਚਾਹਾਂ ਪੀਂਦਾ ਫਿਰ ਰਿਹਾ ਹੈ ਹੁਣ ਤਾਂ ਇਹ ਮਹਿਸੂਸ ਹੋ ਰਿਹਾ ਹੈ ਕਿ ਝੀਂਡਾ ਨੂੰ ਮੁੱਖ ਮੰਤਰੀ ਨਿਵਾਸ ਦੇ ਸਾਹਮਣੇ ਇੱਕ ਪੱਕਾ ਤੰਬੂ ਲਗਾ ਲੈਣਾ ਚਾਹੀਦਾ ਹੈ ਜਿਸ ਵਿੱਚ ਸਵੇਰੇ ਦੁਪਹਿਰੇ ਸ਼ਾਮ ਨੂੰ ਮੁੱਖ ਮੰਤਰੀ ਦੇ ਬਾਹਰ ਜਾਂਦਿਆਂ ਅੰਦਰ ਵੜਦਿਆਂ ਦਰਸ਼ਨ ਕਰ ਸਕੇ ਜਥੇਦਾਰ ਮੰਡੇਬਰ ਨੇ ਕਿਹਾ ਕੇ ਆਉਣ ਵਾਲੇ ਸਮੇਂ ਵਿੱਚ ਪ੍ਰਧਾਨ ਝੀਂਡਾ ਤੋਂ ਗੁਰੂ ਕੀ ਗੋਲਕ ਦੀ ਦੁਰਵਰਤੋਂ ਦੀ ਪਾਈ ਪਾਈ ਦਾ ਹਿਸਾਬ ਲਿਆ ਜਾਵੇਗਾ।

# ਸੰਤ ਬਾਬਾ ਨੰਦ ਸਿੰਘ ਜੀ ਕਲੇਰਾਂ ਵਾਲਿਆਂ ਜਿਨ੍ਹਾਂ ਦੀ ਬਰਸੀ ਵਿੱਚ ਐਮ.ਪੀ ਲੋਡ ਮੇਅਰ ਅਤੇ ਚਰਚ ਦੇ ਅਧਿਕਾਰੀ ਵੀ ਸ਼ਾਮਿਲ ਹੋਏ





**ਫ਼ਿਰੋਜ਼ਪੁਰ, 30 ਅਗਸਤ (ਮਨੋਹਰ ਲਾਲ)** :— ਸੰਤ ਬਾਬਾ ਨੰਦ ਸਿੰਘ ਜੀ ਕਲੇਰਾਂ ਵਾਲਿਆਂ ਦੀ 82ਵੀਂ ਬਰਸੀ ਜੋ ਕਿ ਯੂਕੇ ਦੇ ਵਿੱਚ 1988 ਤੋਂ ਮਨਾਈ ਜਾ ਰਹੀ ਆ ਸਭ ਤੋਂ ਪਹਿਲਾਂ ਇਹ ਪ੍ਰੋਗਰਾਮ ਸੰਤ ਬਾਬਾ ਨਾਹਰ ਸਿੰਘ ਸਨੇਰਾ ਵਾਲਿਆਂ ਨੇ ਸ਼ੁਰੂ ਕੀਤਾ ਸੀ ਉਸ ਤੋਂ ਬਾਅਦ ਉਹਨਾਂ ਦੇ ਬਾਬੇ ਕੇ ਟਰਸਟ ਤੋਂ ਬਾਅਦ ਜਸਵਿੰਦਰ ਸਿੰਘ ਕਾਲਾ ਅਤੇ ਮਨਜੀਤ ਸਿੰਘ ਭੋਗਲ ਨੇ ਵਧੀਆ ਕੰਮ ਆਰੰਭਿਆ ਉਸ ਤੋਂ ਬਾਅਦ ਇਸ ਵਾਰ ਜਿਹੜੀ ਬਰਸੀ ਆ ਉਹ ਉਹਨਾਂ ਨੇ ਬਹੁਤ ਹੀ ਵਧੀਆ ਤਰੀਕੇ ਨਾਲ ਤੇ ਵਧੀਆ ਪੱਧਰ ਤੇ ਮਨਾਈ ਹੈ ਇਸ ਵਿੱਚ ਬਹੁਤ ਹੀ ਮਾਣ ਵਾਲੀ ਗੱਲ ਹੈ ਇਸ ਪ੍ਰੋਗਰਾਮ ਦੇ ਵਿੱਚ ਮਾਨਯੋਗ ਮਨਿਸਟਰ ਐਮਪੀ ਮੈਨੋਲੀਆ ਲਿਬਰਲ ਡੈਮੋਕਰੈਟਿਕ ਐਮ.ਪੀ ਹਨ ਦੇ ਉਸ ਤੋਂ ਇਲਾਵਾ ਵੈਂਡਲੇ ਸੈਮਸੰਗ ਜੋਗੀ ਚਰਚ ਦੇ ਕੁਦਰਤ ਅਧਿਕਾਰੀਆਂ ਹਨ ਉਸ ਤੋਂ ਇਲਾਵਾ ਰੀਗੇ ਸਿੰਘ ਲੋਡ ਜਿਹੜੇ ਮੇਅਰ ਨੇ ਲਮਿੰਗਟਨਸ ਪਾ ਦੇ ਉਸ ਤੋਂ ਇਲਾਵਾ ਨਵਲੀਨ ਟਾਂਗਰੀ ਲੋਡ ਮੇਅਰ ਨੇ ਵਾਰਵਿਕ ਦੇ ਇਹ ਉਚੇਚੇ ਤੌਰ ਤੇ ਪਹੁੰਚੇ ਹੋਏ ਸਨ ਬੜੀ ਮਾਣ ਵਾਲੀ ਗੱਲ ਹੈ ਕਿ ਸਿੱਖਾਂ ਦੇ ਇਸ ਬਰਸੀ ਸਮਾਗਮ ਤੇ ਗੋਰੇ ਬੜੀ ਵਧੀਆ ਤਰੀਕੇ ਨਾਲ ਸ਼ੇਅਰ ਕੀਤੀ ਤੇ ਬਹੁਤ ਵਧੀਆ ਉਹਨਾਂ ਨੇ ਮਾਨ ਸਨਮਾਨ ਲਿੱਤਾ ਵੀ ਤੇ ਨੁਮਾਇੰਦਿਆਂ ਨੂੰ ਇਹ ਵੀ ਜਾਣਕਾਰੀ ਦਿੱਤੀ ਕਿ ਅਸੀਂ ਅਗਲੇ ਅੱਗੇ ਵੀ ਇਹੋ ਜਿਹੇ ਪ੍ਰੋਗਰਾਮ ਅਸੀਂ ਆਯੋਜਨ ਕਰਦੇ ਰਵਾਂਗੇ ਜਿਨਾਂ ਵਿੱਚ ਜਸਵਿੰਦਰ ਸਿੰਘ ਕਾਲਾ ਤੇ ਮਨਜੀਤ ਸਿੰਘ ਯੂਕੇ ਬਹੁਤ ਹੀ ਅੱਗੇ ਹੋ ਕੇ ਕੰਮ ਕਰ ਰਹੇ ਹਨ ਉਹਨਾਂ ਦੀ ਟੀਮ ਹੈ ਪੂਰੀ ਉਹਨਾਂ ਵਿੱਚ ਵੀ ਇਹ ਮੇਨ ਪ੍ਰੋਗਰਾਮ ਤਾਂ ਇਹੀ ਕਰ ਰਹੇ ਨੇ ਪਰ ਫਿਰ ਵੀ ਅਸੀਂ ਸਹਿਯੋਗ ਬਾਬੇ ਕੇ ਟਰਸਟ ਨੂੰ ਕਰ ਰਹੇ ਹਾਂ ਬਰਤਾਨੀਆ ਦੀ ਗੌਰਮੈਂਟ ਤੇ ਬਰਤਾਣੀ ਦਾ ਪ੍ਰਸ਼ਾਸਨ ਤੇ ਬਰਤਾਨੀਆ ਦੇ ਐਮਪੀ ਤੇ ਅਸੀਂ ਹਮੇਸ਼ਾ ਹੀ ਬਾਬੇ ਕੇ ਟਰਸਟ ਨਾਲ ਸਹਯੋਗ ਕਰਦੇ ਆ ਰਹੇ ਹਾਂ ਅਸੀਂ ਸਤਿਕਾਰਯੋਗ ਜਸਵਿੰਦਰ ਸਿੰਘ ਕਾਲਾ ਮਨਜੀਤ ਸਿੰਘ ਭੋਗਲ ਤੇ ਇਹਨਾਂ ਦੀ ਟੀਮ ਦਾ ਧੰਨਵਾਦ ਕਰਦੇ ਹਾਂ ਤੇ ਜਿਨਾਂ ਨੇ ਸਾਨੂੰ ਇੱਥੇ ਪ੍ਰੋਗਰਾਮ ਤੇ ਸੱਦਿਆ ਤੇ ਇਸ ਤੋਂ ਪਹਿਲਾਂ ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾ ਵਾਲੇ ਆਪਣੇ ਪ੍ਰੋਗਰਾਮ ਦੇ ਵਿੱਚ ਐਮਪੀ ਲੋਡ ਮੇਅਰ ਮੇਅਰ ਨੂੰ ਸੱਦੇ ਹੁੰਦੇ ਸੀ ਇਹ ਪਰੰਪਰਾ ਇਹਨਾਂ ਨੇ ਦੁਬਾਰਾ ਸ਼ੁਰੂ ਕੀਤੀ ਹ ਅਸੀਂ ਬਹੁਤ ਧੰਨਵਾਦੀ ਹਾਂ ਅਸੀਂ ਹਰ ਸਹਿਯੋਗ ਇਹਨਾਂ ਨੂੰ ਦਵਾਂਗੇ ਇਹ ਪ੍ਰੋਗਰਾਮ ਬਰਸੀ ਹਰ ਸਾਲ ਵਧੀਆ ਪੱਧਰ ਦੇ ਮਨਾਈ ਜਾਵੇ ਅਸੀਂ ਇਸ ਦਾ ਧੰਨਵਾਦ ਵੀ ਕਰਦੇ ਹਾਂ ਤੇ ਇਹਨਾਂ ਨੂੰ ਵੈਲ ਵਿਸ਼ਵ ਵੀ ਕਰਦੇ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਈ ਦਿਲਾਵਰ ਸਿੰਘ ਬੱਬਰ ਦੀ 30ਵੇਂ ਸ਼ਹੀਦੀ ਦਿਨ 'ਤੇ ਸ਼ਹਾਦਤ ਤੋਂ ਅਣਖ ਦੀ ਪ੍ਰੇਰਨਾ ਤੱਕ

ਪੰਜਾਬ ਦੀ ਧਰਤੀ ਅੱਜ ਵੀ 31 ਅਗਸਤ 1995 ਨੂੰ ਹੋਈ ਉਸ ਸ਼ਹਾਦਤ ਨੂੰ ਯਾਦ ਕਰਦੀ ਹੈ ਜਦੋਂ ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਨੇ ਆਪਣਾ ਆਪ ਕੁਰਬਾਨ ਕਰਕੇ ਬੇਅੰਤ ਸਿੰਘ ਦੇ ਜ਼ੁਲਮਾਂ ਦਾ ਅੰਤ ਕੀਤਾ। ਇਹ ਸ਼ਹਾਦਤ ਕਿਸੇ ਇਕ ਵਿਅਕਤੀ ਦੇ ਖ਼ਿਲਾਫ਼ ਨਹੀਂ ਸੀ, ਸਗੋਂ ਉਸ ਪੂਰੀ ਜ਼ੁਲਮੀ ਪ੍ਰਣਾਲੀ ਦੇ ਖ਼ਿਲਾਫ਼ ਸੀ ਜਿਸ ਨੇ ਨੌਜਵਾਨਾਂ ਨੂੰ ਝੂਠੇ ਮੁਕਾਬਲਿਆਂ ਵਿੱਚ ਮਾਰਿਆ, ਧੀਆਂ-ਭੈਣਾਂ ਦੀ ਇਜ਼ਤ ਲੁੱਟੀ ਅਤੇ ਬਜ਼ੁਰਗਾਂ ਦੀਆਂ ਪੱਗਾਂ ਰੋਲੀਆਂ।




ਭਾਈ ਦਿਲਾਵਰ ਸਿੰਘ ਦਾ ਸੰਦੇਸ਼ ਸਪਸ਼ਟ ਸੀ, ਜਦੋਂ ਨਿਆਂ ਦੇ ਦਰਵਾਜ਼ੇ ਬੰਦ ਹੋ ਜਾਣ ਤਾਂ ਇਤਿਹਾਸ ਉਹਨਾਂ ਨੂੰ ਜਨਮ ਦਿੰਦਾ ਹੈ ਜੋ ਸੱਚ ਅਤੇ ਅਣਖ ਦੀ ਰਾਹੀਂ ਜ਼ੁਲਮ ਦਾ ਅੰਤ ਕਰਦੇ ਹਨ। ਸਿੱਖ ਕੌਮ ਦਾ ਸੰਘਰਸ਼ ਬਾਬਾ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੀ ਲਹਿਰ ਤੋਂ ਲੈ ਕੇ ਅੱਜ ਤੱਕ ਜਾਰੀ ਹੈ। ਇਹ ਲੜਾਈ ਸਿਰਫ ਰਾਜਨੀਤਕ ਨਹੀਂ, ਸਗੋਂ ਅਸਤਿਤਵਕ ਹੈ, ਆਪਣੀ ਨਿਆਰੀ ਹੋਂਦ ਅਤੇ ਸਵੈਮਾਨ ਨਾਲ ਜੀਊਣ ਲਈ। ਭਾਈ ਦਿਲਾਵਰ ਸਿੰਘ ਦੀ ਸ਼ਹਾਦਤ ਸਾਬਤ ਕਰਦੀ ਹੈ ਕਿ ਅਸੂਲਾਂ ਤੇ ਆਧਾਰਤ ਸੰਘਰਸ਼ਾਂ ਨੂੰ ਨਾ ਗੋਲੀਆਂ ਨਾਲ, ਨਾ ਗੁਮਰਾਹੀ ਨਾਲ ਅਤੇ ਨਾ ਹੀ ਵਿਕਾਊ ਨੇਤਾਵਾਂ ਨਾਲ ਖ਼ਤਮ ਕੀਤਾ ਜਾ ਸਕਦਾ ਹੈ। ਅੱਜ ਦਾ ਪੰਜਾਬ ਨਵੀਆਂ ਚੁਣੌਤੀਆਂ ਨਾਲ ਜੂਝ ਰਿਹਾ ਹੈ ਨਸ਼ਿਆਂ ਦੀ ਲਹਿਰ, ਬੇਅਦਬੀਆਂ, ਧਾਰਮਿਕ ਸੰਸਥਾਵਾਂ ਦੀ ਰਾਜਨੀਤਿਕ ਵਰਤੋਂ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਦਾ ਸੌਦਾ। ਇਹ ਸਾਨੂੰ ਯਾਦ ਦਿਵਾਉਂਦਾ ਹੈ ਕਿ ਸ਼ਹਾਦਤ ਦਿਹਾੜੇ ਸਿਰਫ ਫੁੱਲ ਚੜ੍ਹਾਉਣ ਜਾਂ ਰਸਮੀ ਤਸਵੀਰਾਂ ਲਈ ਨਹੀਂ, ਸਗੋਂ ਉਹਨਾਂ ਦੇ ਰਸਤੇ 'ਤੇ ਤੁਰਨ ਦੀ ਪ੍ਰੇਰਨਾ ਲਈ ਹੁੰਦੇ ਹਨ।



ਸਿਆਣਿਆਂ ਨੇ ਕਿਹਾ ਹੈ ਗਿਆਨ ਤੋਂ ਬਿਨ੍ਹਾਂ ਸੱਚ ਨਹੀਂ, ਸੱਚ ਤੋਂ ਬਿਨ੍ਹਾਂ ਅਣਖ ਨਹੀਂ ਅਤੇ ਅਣਖ ਤੋਂ ਬਿਨ੍ਹਾਂ ਸਰਬੱਤ ਦਾ ਭਲਾ ਨਹੀਂ। ਭਾਈ ਦਿਲਾਵਰ ਸਿੰਘ ਦੀ ਸ਼ਹਾਦਤ ਸਾਨੂੰ ਇਹੀ ਸਿੱਖਿਆ ਦਿੰਦੀ ਹੈ।

ਸਵਾਲ ਅਜੇ ਵੀ ਸਾਡੇ ਸਾਹਮਣੇ ਹੈ ਕੀ ਅਸੀਂ ਉਹਨਾਂ ਦੇ ਸੁਪਨੇ ਅਨੁਸਾਰ ਤੁਰ ਰਹੇ ਹਾਂ ਜਾਂ ਸਿਰਫ ਰਸਮਾਂ ਤੱਕ ਸੀਮਿਤ ਹੋ ਗਏ ਹਾਂ? ਸੱਚੀ ਸ਼ਰਧਾਂਜਲੀ ਇਹੀ ਹੈ ਕਿ ਉਹਨਾਂ ਦੇ ਖ਼ੂਨ ਨਾਲ ਸੀਂਚੇ ਸੰਘਰਸ਼ ਨੂੰ ਅੱਗੇ ਵਧਾਇਆ ਜਾਵੇ, ਤਾਂ ਜੋ ਪੰਜਾਬ ਦੀ ਧਰਤੀ ਫਿਰ ਇਕ ਵਾਰੀ ਆਜ਼ਾਦੀ, ਅਣਖ ਅਤੇ ਸਰਬੱਤ ਦੇ ਭਲੇ ਦਾ ਪ੍ਰਤੀਕ ਬਣੇ।

**-ਸਰਬਜੀਤ ਸਿੰਘ ਬਨੂੜ**




**ਹਰਿ ਪ੍ਰਭਿ ਕਾਜੁ ਰਚਾਇਆ ॥ ਗੁਰਮੁਖਿ ਵੀਆਹਣਿ ਆਇਆ ॥**

ਧੰਨ ਧੰਨ ਸ਼੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੀ ਬਰਾਤ ਲੈ ਕੇ ਪਿਤਾ ਮਹਿਤਾ ਕਾਲੂ ਜੀ ਭਾਦੋਂ ਸੁਦੀ ਸੱਤਵੀਂ ਬਿਕਰਮੀ ਸੰਮਤ 1544 ਅਤੇ ਸੰਨ 1487 ਈਸਵੀ ਨੂੰ ਤਲਵੰਡੀ ਦੇ ਨਵਾਬ ਰਾਇ ਬੁਲਾਰ ਜੀ ਭਾਈ ਬਾਲਾ ਜੀ, ਭਾਈ ਮਰਦਾਨਾ ਜੀ,ਤੇ ਨਵਾਬ ਦੌਲਤ ਖਾਂ ਤੇ ਸੱਜਣਾਂ, ਰਿਸ਼ਤੇਦਾਰਾਂ ਤੇ ਪਰਿਵਾਰ ਦੇ ਹੋਰ ਮੈਂਬਰਾਂ ਨਾਲ ਪੂਰੇ ਸਜ-ਧਜ ਕੇ ਸੁਲਤਾਨਪੁਰ ਲੋਧੀ ਤੋਂ ਕਪੂਰਥਲਾ, ਸੁਭਾਨਪੁਰ, ਬਾਬਾ ਬਕਾਲਾ ਤੋਂ ਹੁੰਦੇ ਹੋਏ ਇਤਿਹਾਸਿਕ ਸ਼ਹਿਰ ਬਟਾਲੇ ਬਰਾਤ ਦੇ ਰੂਪ ’ਚ ਪਹੁੰਚੇ। ਬਰਾਤ ਦਾ ਉਤਾਰਾ ਜਿਸ ਜਗ੍ਹਾਂ ’ਤੇ ਕੀਤਾ ਗਿਆ, ਉਹ ਗੁਰਦੁਆਰਾ ‘ਸ੍ਰੀ ਕੰਧ ਸਾਹਿਬ’ ਜੀ ਦੇ ਅਸਥਾਨ ਦੇ ਨਾਂ ਨਾਲ ਮਸ਼ਹੂਰ ਹੈ ਅਤੇ ਜਿਸ ਜਗ੍ਹਾ ’ਤੇ ਗੁਰੂ ਜੀ ਵੱਲੋਂ ਲਾਵਾਂ-ਫੇਰਿਆਂ ਦੀ ਰਸਮ ਅਦਾ ਕੀਤੀ ਗਈ, ਉਹ ਅਸਥਾਨ ਗੁਰਦੁਆਰਾ ਸ੍ਰੀ ‘ਡੇਹਰਾ ਸਾਹਿਬ’ ਜੀ ਦੇ ਨਾਂ ਨਾਲ ਪ੍ਰਸਿੱਧ ਹੈ। ਜਿਸ ਅਸਥਾਨ ’ਤੇ ਬਰਾਤ ਦਾ ਉਤਾਰਾ ਕੀਤਾ ਗਿਆ, ਉਹ ਅਸਥਾਨ ਹਵੇਲੀ ਭਾਈ ਜਮੀਤ ਰਾਇ ਬੰਸੀ ਦੀ ਸੀ। ਜਦੋਂ ਗੁਰੂ ਜੀ ਦੀ ਬਰਾਤ ਆਈ ਤਾਂ ਉਸ ਸਮੇਂ ਭਾਰੀ ਬਾਰਿਸ਼ ਹੋ ਰਹੀ ਦੱਸੀ ਜਾਂਦੀ ਹੈ। ਇਥੇ ਹੀ ਇਕ ਕੱਚੀ ਕੰਧ ਸੀ, ਜਿਸ ਹੇਠ ਗੁਰੂ ਜੀ ਨੇ ਕੁਝ ਚਿਰ ਨਿਵਾਸ ਕੀਤਾ ਸੀ। ਇਸੇ ਦੌਰਾਨ ਇਕ ਬਜ਼ੁਰਗ ਮਾਤਾ ਨੇ ਗੁਰੂ ਜੀ ਨੂੰ ਕਿਹਾ ਕਿ ਇਹ ਕੱਚੀ ਕੰਧ ਹੈ, ਜੋ ਢਹਿਣ ਵਾਲੀ ਹੈ, ਇਥੋਂ ਉੱਠ ਕੇ ਪਰ੍ਹਾਂ ਹੋ ਜਾਓ, ਤਾਂ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਨੇ ਕਿਹਾ ਕਿ ‘ਮਾਤਾ ਭੋਲੀਏ, ਇਹ ਕੰਧ ਜੁਗਾਂ-ਜੁਗਾਂਤਰਾਂ ਤੱਕ ਕਾਇਮ ਰਹੇਗੀ ਅਤੇ ਸਾਡੇ ਵਿਆਹ ਦੀ ਯਾਦਗਾਰ ਹੋਵੇਗੀ।’ ਇਹ ਕੱਚੀ ਕੰਧ ਗੁਰਦੁਆਰਾ ਸ੍ਰੀ ਕੰਧ ਸਾਹਿਬ ਵਿਖੇ ਸ਼ੀਸ਼ੇ ਦੇ ਫਰੇਮ ’ਚ ਸੁਰੱਖਿਅਤ ਅੱਜ ਵੀ ਮੌਜੂਦ ਹੈ ਅਤੇ ਲੱਖਾਂ ਸੰਗਤਾਂ ਅੱਜ ਵੀ ਇਸ ਪਵਿੱਤਰ ਕੰਧ ਦੇ ਦਰਸ਼ਨ ਕਰਕੇ ਆਪਣਾ ਜੀਵਨ ਸਫ਼ਲ ਕਰ ਰਹੀਆਂ ਹਨ। ਬਾਅਦ ’ਵਿੱਚ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦੇ ਪੋਤਰੇ ਮਹਾਰਾਜਾ ਕੰਵਰ ਨੌਨਿਹਾਲ ਨੇ ਇਸ ਅਸਥਾਨ ’ਤੇ ਪੱਕਾ ਗੁਰੂ ਅਸਥਾਨ ਬਣਵਾਇਆ ਸੀ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਨਾਲ ਸੰਬੰਧਤ ਜੋੜ ਮੇਲਾ ਹਰ ਸਾਲ ਗੁਰਦੁਆਰਾ ਸ੍ਰੀ ਕੰਧ ਸਾਹਿਬ ਵਿਖੇ ਬੜੀ ਹੀ ਧੂਮ-ਧਾਮ ਅਤੇ ਸ਼ਰਧਾਪੂਰਵਕ ਮਨਾਇਆ ਜਾਂਦਾ ਹੈ। ਸੰਗਤਾਂ ਵੱਡੀ ਗਿਣਤੀ ’ਚ ਇਸ ਅਸਥਾਨ ’ਤੇ ਆ ਕੇ ਹਾਜ਼ਰੀ ਭਰਦੀਆਂ ਹਨ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਦੀਆਂ ਹਨ।

**ਗੁਰੂ ਪੰਥ ਦਾ ਦਾਸ**

**ਬਾਬਾ ਮੁਖਤਿਆਰ ਸਿੰਘ ਮੁਖੀ ,ਟੋਡਰਵਾਲ**

**ਵਿਦਿਆਰਥੀ ਦਮਦਮੀ ਟਕਸਾਲ, ਯੂ. ਐਸ. ਏ.**

ਆਵਾਜ਼ਿ ਕੌਮ AWAZE QAUM International Newspaper & WEB TV

### ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ

# ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਵਿਸ਼ੇਸ਼ ਤੌਰ ’ਤੇ ਪਹੁੰਚੇ

## ਇਲਾਕੇ ਦੇ ਸਾਰੇ ਪਿੰਡਾਂ ਵਿੱਚ ਰਾਸ਼ਨ ਵੰਡਿਆ ਅਤੇ ਵਚਨਬੱਧਤਾ ਪ੍ਰਗਟਾਈ ਕਿ ਇਸ ਆਫਤ ਦੇ ਖਤਮ ਹੋਣ ਤੱਕ ਸ਼੍ਰੋਮਣੀ ਕਮੇਟੀ ਵੱਲੋਂ ਲੋੜੀਂਦੀਆਂ ਸੇਵਾਵਾਂ ਨਿਰੰਤਰ ਜਾਰੀ ਰਹਿਣਗੀਆਂ











ਡੇਰਾ ਬਾਬਾ ਨਾਨਕ, ਰਮਦਾਸ ਆਦਿ ਇਲਾਕਅਾਂ ਦੇ ਪਿੰਡ ਜਿੱਥੇ ਹੜ੍ਹਾਂ ਨੇ ਬਹੁਤ ਵੱਡੇ ਪੱਧਰ ਤੇ ਨੁਕਸਾਨ ਕੀਤਾ ਹੈ। ਜਿੱਥੇ ਇਨ੍ਹਾਂ ਇਲਾਕਿਆਂ ਵਿੱਚ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠ ਆਉਂਦੇ ਗੁਰਦੁਆਰਾ ਸਾਹਿਬਾਨ ਵੱਲੋਂ ਲੰਗਰ ਅਤੇ ਜ਼ਰੂਰੀ ਵਸਤਾਂ ਦੀਆਂ ਸੇਵਾਵਾਂ ਲਗਾਤਾਰ ਜਾਰੀ ਹਨ, ਓਥੇ ਅੱਜ ਸ਼੍ਰੋਮਣੀ ਕਮੇਟੀ ਪ੍ਰਧਾਨ ਸ. ਹਰਜਿੰਦਰ ਸਿੰਘ ਧਾਮੀ ਨੇ ਵਿਸ਼ੇਸ਼ ਤੌਰ ’ਤੇ ਹੜ੍ਹ ਪੀੜਤਾਂ ਦੇ ਦੁੱਖ ਨੂੰ ਵੰਡਾਉਣ ਲਈ ਇਨ੍ਹਾਂ ਇਲਾਕਿਆਂ ਦਾ ਦੌਰਾ ਕੀਤਾ ਅਤੇ ਚਲ ਰਹੀਆਂ ਸੇਵਾਵਾਂ ਦਾ ਜਾਇਜ਼ਾ ਲਿਆ। ਓਨ੍ਹਾਂ ਨੇ ਸ੍ਰੀ ਗੁਰੂ ਰਾਮਦਾਸ ਜੀ ਦੇ ਲੰਗਰਾਂ ਵਿੱਚੋਂ ਜਥਾਸ਼ਕਤ ਰਾਸ਼ਨ ਹੜ੍ਹ ਪੀੜਤਾਂ ਤੱਕ ਪਹੁੰਚਣ ਲਈ ਪ੍ਰਬੰਧਕਾਂ ਦੀ ਡਿਊਟੀ ਲਗਾਈ ਜਿਸ ਦੇ ਤਹਿਤ ਅੱਜ ਸੁੱਕੀ ਰਸਦ ਦੀਆਂ ਗੱਡੀਆਂ ਸ੍ਰੀ ਦਰਬਾਰ ਸਾਹਿਬ ਤੋਂ ਇਨ੍ਹਾਂ ਇਲਾਕਿਆਂ ਲਈ ਰਵਾਨਾ ਕੀਤੀਆਂ ਗਈਆਂ। ਉਨ੍ਹਾਂ ਨੇ ਆਪ ਵੀ ਇਲਾਕੇ ਦੇ ਸਾਰੇ ਪਿੰਡਾਂ ਵਿੱਚ ਰਾਸ਼ਨ ਵੰਡਿਆ ਅਤੇ ਵਚਨਬੱਧਤਾ ਪ੍ਰਗਟਾਈ ਕਿ ਇਸ ਆਫਤ ਦੇ ਖਤਮ ਹੋਣ ਤੱਕ ਸ਼੍ਰੋਮਣੀ ਕਮੇਟੀ ਵੱਲੋਂ ਲੋੜੀਂਦੀਆਂ ਸੇਵਾਵਾਂ ਨਿਰੰਤਰ ਜਾਰੀ ਰਹਿਣਗੀਆਂ। (ਵਿਸ਼ੇਸ਼ ਰਿਪੋਰਟ : ਆਵਾਜ਼ਿ ਕੌਮ ਬਿਊਰੋ, ਯੂ. ਕੇ.)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




### ਮੁੱਖ ਮੰਤਰੀ ਸ੍ਰ ਭਗਵੰਤ ਮਾਨ ਦੱਸਣ ਕਿ

# ਅੱਜ ਔਖੇ ਵੇਲੇ ਕਿਥੇ ਹਨ ਕੇਜਰੀਵਾਲ ਤੇ ਕਿਥੇ ਹਨ ਮਨੀਸ਼ ਸਿਸੋਦੀਆ : ਸ਼ਮਸ਼ੇਰ ਸਿੰਘ ਪੱਧਰੀ






**ਅੰਮ੍ਰਿਤਸਰ 30 ਅਗਸਤ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਅੰਮ੍ਰਿਤਸਰ ਕਾਰਜਕਾਰੀ ਕਮੇਟੀ ਮੈਂਬਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਅਜਨਾਲ ਹਲਕੇ ਵਿੱਚ ਹੜਾਂ ਦੀ ਲਪੇਟ ਹੇਠਾਂ ਆਏ ਇਲਾਕਿਆਂ ਦਾ ਦੌਰਾ ਕਰਦਿਆਂ ਇਕ ਪ੍ਰੈਸ ਨੋਟ ਰਾਹੀਂ ਤਿੱਖੇ ਸ਼ਬਦਾਂ 'ਚ ਮੁੱਖ ਮੰਤਰੀ ਭਗਵੰਤ ਮਾਨ ਨੂੰ ਘੇਰਦਿਆਂ ਕਿਹਾ ਕਿ ਅੱਜ ਜਦੋਂ ਪੰਜਾਬ ਦੇ ਲੋਕ ਹੜਾਂ ਕਾਰਨ ਆਪਣੇ ਘਰ, ਖੇਤ ਅਤੇ ਪਸ਼ੂ ਬਚਾਉਣ ਲਈ ਦਰਿਆਵਾਂ ਅਤੇ ਨਕਾਸੀਆਂ ਦੇ ਪਾਣੀ ਵਿੱਚ ਡੁੱਬ ਰਹੇ ਹਨ, ਤਾਂ ਲੋਕਾਂ ਦੇ ਵੋਟਾਂ ਨਾਲ ਤਾਕਤ 'ਚ ਆਈ ਆਮ ਆਦਮੀ ਪਾਰਟੀ ਦੀ ਟੋਲੀ ਗਾਇਬ ਹੋ ਗਈ ਹੈ। ਇਸ ਵਕਤ ਭਾਈ ਪੱਧਰੀ ਦੇ ਨਾਲ ਹਲਕਾ ਅਜਨਾਲਾ ਦੇ ਸੇਵਾਦਾਰ ਭਾਈ ਸੁਰਿੰਦਰਪਾਲ ਸਿੰਘ ਤਾਲਬਪੁਰਾ ਜੀ ਤੋਂ ਇਲਾਵਾ ਭਾਈ ਸੁਖਬੀਰ ਸਿੰਘ ਚੀਮਾਂ, ਭਾਈ ਸੁਖਵਿੰਦਰ ਸਿੰਘ ਜੀ ਸਾਂਘਣਾਂ, ਭਾਈ ਪਰਮਜੀਤ ਸਿੰਘ ਜੀ ਮੋਹਣੀਪਾਰਕ, ਜਥੇਦਾਰ ਹਰਪ੍ਰੀਤ ਸਿੰਘ ਜੀ ਖ਼ਾਲਸਾ, ਭਾਈ ਮਨਜੀਤ ਸਿੰਘ ਜੀ ਮੋਹਣੀਪਾਰਕ, ਭਾਈ ਕੁਲਵਿੰਦਰ ਸਿੰਘ ਜੀ ਵਡਾਲੀ, ਸ੍ਰੀ ਰਕੇਸ਼ ਕੁਮਾਰ, ਅਮਨ ਜੀ, ਭਾਈ ਗੁਰਵਿੰਦਰ ਸਿੰਘ ਝੰਡੇਰ, ਭਾਈ ਮਹਿੰਦਰਪਾਲ ਸਿੰਘ ਜੀ ਤੁੰਗ, ਭਾਈ ਜੁਗਰਾਜ ਸਿੰਘ ਭੰਗਵਾਂ, ਭਾਈ ਪ੍ਰਗਟ ਸਿੰਘ ਮੀਰਾਂਕੋਟ ਅਤੇ ਭਾਈ ਸੁਖਬੀਰ ਸਿੰਘ ਭਿੰਡਰ ਵੀ ਨਾਲ ਸਨ। ਭਾਈ ਪੱਧਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੂੰ ਇਹ ਹਿੰਮਤ ਕਰਨੀ ਚਾਹੀਦੀ ਹੈ ਕਿ ਉਹ ਪੰਜਾਬ ਦੇ ਲੋਕਾਂ ਨੂੰ ਦੱਸਣ ਕਿ ਜਿਹੜੇ ਕੇਜਰੀਵਾਲ ਨੇ ਲੋਕਾਂ ਨੂੰ ਸੁੱਖ-ਸਹੂਲਤਾਂ ਦੇ ਵਾਅਦੇ ਕੀਤੇ ਸਨ, ਉਹ ਅੱਜ ਕਿਉਂ ਗੁੰਮ ਹਨ ? ਜਿਹੜੇ ਮਨੀਸ਼ ਸਿਸੋਦੀਆ ਤੇ ਹੋਰ ਨੇਤਾ ਪੰਜਾਬ ਦੇ ਹਰ ਮਸਲੇ 'ਤੇ ਭਾਸ਼ਣਾਂ ਦੇਣ ਆਉਂਦੇ ਹਨ, ਉਹ ਅੱਜ ਕਿਥੇ ਹਨ ਜਦੋਂ ਪੰਜਾਬੀਆਂ ਦੇ ਘਰ ਪਾਣੀਆਂ ਵਿੱਚ ਤਬਾਹ ਹੋ ਰਹੇ ਹਨ। ਕੀ ਇਹੀ ਉਹ ਬਦਲਾਅ ਸੀ ਜੋ ਪੰਜਾਬ ਨੂੰ ਦੱਸਿਆ ਗਿਆ ਸੀ ? ਉਨ੍ਹਾਂ ਨੇ ਕਿਹਾ ਕਿ ਹਾਲਾਤ ਇਹ ਹਨ ਕਿ ਪਿੰਡਾਂ ਦੇ ਲੋਕ ਆਪਣੇ ਹੀ ਸਹਾਰੇ ਜ਼ਿੰਦਗੀ ਦੀ ਜੰਗ ਲੜ ਰਹੇ ਹਨ। ਸਰਕਾਰ ਦੇ ਵਾਅਦਿਆਂ ਅਤੇ ਦਾਅਵਿਆਂ ਦੇ ਉਲਟ ਇਕ ਬੂੰਦ ਵੀ ਸਰਕਾਰੀ ਮਦੱਦ ਨਹੀਂ ਪਹੁੰਚੀ। ਲੋਕਾਂ ਦੇ ਹੱਕਾਂ ਨੂੰ ਮਾਰਨ ਵਾਲੀ ਇਹ ਸਰਕਾਰ ਸਿਰਫ਼ ਪ੍ਰਚਾਰ 'ਚ ਹੀ ਵੱਡੀ ਹੈ, ਪਰ ਜ਼ਮੀਨ 'ਤੇ ਜ਼ੀਰੋ ਸਾਬਤ ਹੋ ਰਹੀ ਹੈ। ਪੱਧਰੀ ਨੇ ਦੱਸਿਆ ਕਿ ਇਸ ਔਖੇ ਸਮੇਂ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਬਾਕੀ ਹੜ ਪ੍ਰਭਾਵਿਤ ਇਲਾਕਿਆਂ ਵਾਂਗ ਹਲਕਾ ਅਜਨਾਲਾ ਵਿੱਚ ਵੀ ਚਾਰ ਰਾਹਤ ਕੈਂਪ ਲਗਾ ਕੇ ਪੀੜਤ ਪਰਿਵਾਰਾਂ ਨੂੰ ਖਾਣ-ਪੀਣ, ਦਵਾਈਆਂ, ਸੁੱਖੇ ਕੱਪੜੇ ਅਤੇ ਪਸ਼ੂਆਂ ਲਈ ਚਾਰੇ ਦੀ ਸਹੂਲਤ ਮੁਹੱਈਆ ਕਰਵਾਉਣੀ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸਾਡੀ ਪਾਰਟੀ ਦੇ ਵਰਕਰ ਪੂਰੇ ਇਲਾਕੇ ਵਿੱਚ ਘਰ-ਘਰ ਪਹੁੰਚ ਕੇ ਲੋਕਾਂ ਦੀ ਸਹਾਇਤਾ ਕਰ ਰਹੇ ਹਨ। ਇਹੀ ਅਸਲੀ ਸਿਆਸਤ ਹੈ ਲੋਕਾਂ ਦੇ ਨਾਲ ਖੜ੍ਹਨਾ, ਨਾਂ ਕਿ ਔਖੇ ਵੇਲੇ ਗਾਇਬ ਹੋ ਜਾਣਾ। ਪੱਧਰੀ ਨੇ ਅੰਤ 'ਚ ਕਿਹਾ ਕਿ ਸਾਡੀ ਪਾਰਟੀ ਪੂਰੇ ਭਰੋਸੇ ਨਾਲ ਲੋਕਾਂ ਨੂੰ ਯਕੀਨ ਦਿਵਾਉਂਦੀ ਹੈ ਕਿ ਹੜ ਪੀੜਤਾਂ ਸਾਡੇ ਕਿਸਾਨ ਭਰਾਵਾਂ ਨੂੰ ਇਕੱਲਾ ਨਹੀਂ ਛੱਡਿਆ ਜਾਵੇਗਾ। ਚਾਹੇ ਸਰਕਾਰ ਚੁੱਪ ਹੈ, ਪਰ ਅਕਾਲੀ ਦਲ ਵਾਰਿਸ ਪੰਜਾਬ ਦੇ ਹਮੇਸ਼ਾਂ ਗਰੀਬਾਂ, ਕਿਸਾਨਾਂ ਅਤੇ ਪੀੜਤਾਂ ਦੇ ਨਾਲ ਖੜ੍ਹੀ ਰਹੇਗੀ।

**ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਅੰਮ੍ਰਿਤਸਰ ਦੇ ਹਲਕਾ ਅਜਨਾਲਾ ਵਿੱਚ ਹੜ ਪੀੜਤਾਂ ਲਈ ਚਾਰ ਰਾਹਤ ਕੈਂਪ ਸਥਾਪਿਤ**

# ਪੰਜਾਬ ਵਿੱਚ ਵਾਰ-ਵਾਰ ਹੜ੍ਹ ਆਉਣ ਦੇ ਕਾਰਨਾਂ ਦੀ ਕੀਤੀ ਜਾਵੇ ਜਾਂਚ, ਸੱਚ ਲਿਆਇਆ ਜਾਵੇ ਸਾਹਮਣੇ-ਜਥੇਦਾਰ ਕੁਲਦੀਪ ਸਿੰਘ ਗੜਗੱਜ



**ਸ੍ਰੀ ਅੰਮ੍ਰਿਤਸਰ, 30 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਪੰਜਾਬ ਅੰਦਰ ਮੌਜੂਦਾ ਹੜ੍ਹ ਦੀ ਸਥਿਤੀ ਵਿੱਚ ਸਮੂਹ ਪੰਜਾਬੀਆਂ ਖਾਸਕਰ ਸਿੱਖ ਜਥੇਬੰਦੀਆਂ ਨੂੰ ਵਿਸ਼ੇਸ਼ ਅਪੀਲ ਕੀਤੀ ਗਈ ਹੈ ਕਿ ਇਸ ਆਫ਼ਤ ਦੇ ਸਮੇਂ ਵਿੱਚ ਪੰਜਾਬ ਦੇ ਕਿਸੇ ਵੀ ਪਿੰਡ ਵਿੱਚ ਕੋਈ ਮੁਸੀਬਤ ਵਿੱਚ ਫਸਿਆ ਪੰਜਾਬੀ ਬਿਨਾਂ ਛੱਤ ਅਤੇ ਬਿਨਾਂ ਪਰਸ਼ਾਦੇ ਤੋਂ ਨਾ ਰਹੇ। ਉਨ੍ਹਾਂ ਕਿਹਾ ਕਿ ਕਿਸੇ ਦੇ ਵੀ ਪਸ਼ੂ ਚਾਰੇ ਤੋਂ ਬਿਨਾਂ ਭੁੱਖੇ ਨਾ ਰਹਿਣ। ਉਨ੍ਹਾਂ ਸੇਵਾ ਕਰ ਰਹੀਆਂ ਸੰਸਥਾਵਾਂ ਨੂੰ ਆਖਿਆ ਕਿ ਹੜ੍ਹ ਪੀੜਤ ਲੋਕਾਂ ਨੂੰ ਮਦਦ ਅਤੇ ਸਹਿਯੋਗ ਦੀ ਸਭ ਤੋਂ ਵੱਧ ਲੋੜ ਪਿੰਡਾਂ ਵਿੱਚੋਂ ਪਾਣੀ ਉਤਰ ਜਾਣ ਤੋਂ ਬਾਅਦ ਪਵੇਗੀ, ਇਸ ਲਈ ਬਾਅਦ ਵਿੱਚ ਪ੍ਰਭਾਵਿਤ ਲੋਕਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਭਾਈਚਾਰੇ, ਮੁਹੱਬਤ ਅਤੇ ਇਤਫ਼ਾਕ ਕਰਕੇ ਜਾਣਿਆ ਜਾਂਦਾ ਹੈ ਜੋ ਪਹਿਲਾਂ ਵੀ ਬਹੁਤ ਮੁਸੀਬਤਾਂ ਵਿੱਚੋਂ ਨਿਕਲਿਆ ਹੈ ਅਤੇ ਹੁਣ ਵੀ ਪੰਜਾਬ ਦੀ ਬਨਸਪਤੀ, ਲੋਕ, ਪਸ਼ੂ ਪੰਛੀ ਅਤੇ ਇਹ ਧਰਤੀ ਹੜ੍ਹਾਂ ਦੀ ਮੌਜੂਦਾ ਮੁਸੀਬਤ ਵਿੱਚੋਂ ਵੀ ਬਾਹਰ ਆ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਬਹੁਤ ਸਾਰੇ ਇਲਾਕਿਆਂ ਵਿੱਚ ਹੜ੍ਹਾਂ ਦੀ ਮਾਰ ਹੈ ਅਤੇ ਪ੍ਰਭਾਵਿਤ ਇਲਾਕਿਆਂ ਦੇ ਪਿੰਡਾਂ ਵਿੱਚ ਪਾਣੀ ਲੋਕਾਂ ਦੇ ਘਰਾਂ ਵਿੱਚ ਵੜਿਆ ਹੈ, ਇਸ ਕਾਰਨ ਜਿੱਥੇ ਘਰਾਂ ਨੂੰ ਨੁਕਸਾਨ ਪੁੱਜਿਆ ਹੈ ਉੱਥੇ ਹੀ ਪਸ਼ੂ ਮਾਰੇ ਗਏ ਹਨ ਤੇ ਕਿਸਾਨਾਂ ਦੀਆਂ ਫ਼ਸਲਾਂ ਵੀ ਤਬਾਹ ਹੋ ਗਈਆਂ ਹਨ। ਉਨ੍ਹਾਂ ਕਿਹਾ ਕਿ ਇਸ ਸਥਿਤੀ ਵਿੱਚ ਆਪਸੀ ਪ੍ਰੇਮ, ਇਤਫ਼ਾਕ ਤੇ ਭਾਈਚਾਰੇ ਦੀ ਬਹੁਤ ਲੋੜ ਹੈ। ਉਨ੍ਹਾਂ ਕਿਹਾ ਕਿ ਭਾਈਚਾਰਕ ਸਾਂਝ ਨਾਲ ਪੰਜਾਬ ਨੇ ਹਮੇਸ਼ਾ ਹੀ ਹਰ ਮੁਸ਼ਿਕਲ ਹੱਲ ਕੀਤੀ ਹੈ। ਅੱਜ ਵੀ ਪੰਜਾਬੀਆਂ ਨੇ ਪੂਰੇ ਸੰਸਾਰ ਦੇ ਲੋਕਾਂ ਨੂੰ ਇਹ ਦੱਸਿਆ ਹੈ ਕਿ ਅਸੀਂ ਔਖੇ ਤੋਂ ਔਖੇ ਸਮੇਂ ਵਿੱਚ ਇੱਕ ਦੂਜੇ ਦੇ ਨਾਲ ਖੜ੍ਹੇ ਹਾਂ ਤੇ ਮਦਦ ਕਰ ਰਹੇ ਹਾਂ। ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਹੜ੍ਹ ਪ੍ਰਭਾਵਿਤ ਲੋਕਾਂ ਦੀ ਸੇਵਾ ਕਰ ਰਹੀਆਂ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਤੇ ਸ਼ਖ਼ਸੀਅਤਾਂ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਤੇ ਆਖਿਆ ਕਿ ਜਦੋਂ ਤੱਕ ਲੋਕਾਂ ਦੀਆਂ ਮੁਸ਼ਿਕਲਾਂ ਹੱਲ ਨਹੀਂ ਹੋ ਜਾਂਦੀਆਂ ਸੇਵਾ ਕਾਰਜ ਲਗਾਤਾਰ ਜਾਰੀ ਰੱਖੇ ਜਾਣ।

ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਇਹ ਗੱਲ ਵੀ ਜ਼ਰੂਰ ਜਾਂਚੀ ਜਾਵੇ ਕਿ ਵਾਰ-ਵਾਰ ਪੰਜਾਬ ਵਿੱਚ ਹੜ੍ਹ ਕਿਉਂ ਆ ਰਹੇ ਹਨ, ਇਸ ਦੇ ਕਾਰਨ ਸਾਹਮਣੇ ਆਉਣੇ ਚਾਹੀਦੇ ਹਨ ਤਾਂ ਜੋ ਪੰਜਾਬ ਵਾਸੀ ਸੁਚੇਤ ਹੋ ਕੇ ਅਗਾਂਹ ਵਾਸਤੇ ਸੁਰੱਖਿਆ ਦੇ ਪ੍ਰਬੰਧ ਪੁਖਤਾ ਕਰ ਸਕਣ। ਉਨ੍ਹਾਂ ਗੁਰੂ ਸਾਹਿਬ ਦੇ ਸਨਮੁਖ ਅਰਦਾਸ ਕੀਤੀ ਕਿ ਪੰਜਾਬ ਹੜ੍ਹ ਵਾਲੀ ਸਥਿਤੀ ਵਿੱਚੋਂ ਛੇਤੀ ਹੀ ਬਾਹਰ ਆਵੇ ਤੇ ਇੱਥੋਂ ਦੇ ਲੋਕ ਖੁਸ਼ਹਾਲ ਜੀਵਨ ਬਤੀਤ ਕਰਨ।

### ਹੜ੍ਹ ਅਤੇ ਸੋਕੇ ਦਾ ਨੁਕਸਾਨ ਪੰਜਾਬ ਦੇ ਹਿੱਸੇ ਆਇਆ

# ਇਹ ਦੋਹਰੀ ਨੀਤੀ ਦੇ ਅੰਤ ਦਾ ਸਮਾਂ ਆ ਚੁੱਕਾ ਹੈ - ਗਿਆਨੀ ਹਰਪ੍ਰੀਤ ਸਿੰਘ





**ਚੰਡੀਗੜ੍ਹ, 30 ਅਗਸਤ (ਆਵਾਜ਼ਿ ਕੌਮ ਬਿਊਰੋ)-** ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੱਲੋ ਅੱਜ ਹੜ੍ਹ ਨਾਲ ਪ੍ਰਭਾਵਿਤ ਇਲਾਕਿਆਂ ਜ਼ਿਲਾ ਫਿਰੋਜ਼ਪੁਰ ਅਤੇ ਹਰੀਕੇ ਪੱਤਣ ਦਾ ਦੌਰਾ ਕੀਤਾ ਗਿਆ । ਇਸ ਮੌਕੇ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਪਾਣੀਆਂ ਦੀ ਵੰਡ ਤੇ ਧੋਖੇ ਅਤੇ ਠੱਗੀ ਦੀ ਨੀਤੀ ਨੂੰ ਜੜ੍ਹੋਂ ਪੁੱਟਣ ਦਾ ਸਮਾਂ ਆ ਗਿਆ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਵੱਖ ਵੱਖ ਸਮੇਂ ਕੇਂਦਰ ਦੀਆਂ ਸਰਕਾਰਾਂ ਨੇ ਪਾਣੀਆਂ ਦੇ ਮਸਲੇ ਤੇ ਪੰਜਾਬ ਨਾਲ ਧੋਖਾ ਕੀਤਾ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਹੁਣ ਸਮਾਂ ਆ ਗਿਆ ਜਦੋਂ ਸਮੁੱਚੇ ਪੰਜਾਬੀਆਂ ਨੂੰ ਇੱਕਠੇ ਹੋ ਕੇ ਦੂਜੇ ਸੂਬਿਆਂ ਨੂੰ ਦਿੱਤੇ ਜਾਣ ਵਾਲੇ ਪਾਣੀ ਦੀ ਕੀਮਤ ਵਸੂਲਣ ਲਈ ਆਵਾਜ ਬੁਲੰਦ ਕਰਨੀ ਚਾਹੀਦੀ ਹੈ। ਪੰਜਾਬ ਇੱਕ ਰਿਪੇਰੀਅਨ ਸੂਬਾ ਹੈ,ਜਿਸ ਕਰਕੇ ਹੜ੍ਹ ਦਾ ਸਭ ਤੋਂ ਵੱਧ ਨੁਕਸਾਨ ਹੁਣ ਤੱਕ ਪੰਜਾਬ ਨੂੰ ਝੱਲਣਾ ਪਿਆ। ਦੂਜੇ ਸੂਬੇ ਆਪਣੇ ਕੁਦਰਤੀ ਵਸੀਲਿਆਂ ਤੋਂ ਆਪਣੇ ਸੂਬਿਆਂ ਦੀ ਆਮਦਨ ਵਿੱਚ ਵਾਧਾ ਕਰਦੇ ਹਨ, ਇਸ ਕਰਕੇ ਪੰਜਾਬ ਨੂੰ ਵੀ ਹੱਕ ਹੈ ਕਿ ਓਹ ਹਰਿਆਣਾ ਰਾਜਸਥਾਨ ਦਿੱਲੀ ਨੂੰ ਦਿੱਤੇ ਜਾਣ ਵਾਲੇ ਪਾਣੀ ਤੇ ਬਣਦੀ ਕੀਮਤ ਵਸੂਲ ਕਰੇ। ਪਾਣੀ ਦੀ ਵਸੂਲੀ ਕੀਮਤ ਨਾਲ ਸੂਬੇ ਦਾ ਬਜਟ ਵਧੇਗਾ ਅਤੇ ਇਸ ਪੈਸੇ ਨੂੰ ਡੈਮ ਪੱਕੇ ਕਰਨ, ਬੰਨ ਪੱਕੇ ਕਰਨ ਅਤੇ ਨਹਿਰੀ ਸੰਚਾਈ ਹੇਠ ਰਕਬਾ ਵਧਾਇਆ ਜਾ ਸਕਦਾ ਹੈ। ਇਸ ਤਰੀਕੇ ਨਾਲ ਜਿੱਥੇ ਇੱਕ ਪਾਸੇ ਹੜ ਤੋ ਹੋਣ ਵਾਲੇ ਕੁਦਰਤੀ ਨੁਕਸਾਨ ਤੋ ਬਚਿਆ ਜਾ ਸਕਦਾ ਹੈ,ਉਥੇ ਦੀ ਸੂਬੇ ਦੀ ਆਮਦਨ ਵਧੇਗੀ ਅਤੇ ਜ਼ਮੀਨ ਹੇਠਲਾ ਪਾਣੀ ਪ੍ਰਦੂਸ਼ਿਤ ਹੋਣ ਤੋਂ ਅਤੇ ਡਾਰਕ ਜ਼ੋਨ ਵਿੱਚ ਜਾਣ ਤੋਂ ਬਚੇਗਾ। ਗਿਆਨੀ ਹਰਪ੍ਰੀਤ ਸਿੰਘ ਨੇ ਸਾਲ 2023 ਵਿੱਚ ਹਿਮਾਚਲ ਪ੍ਰਦੇਸ਼ ਅਤੇ ਦਿੱਲੀ ਸਰਕਾਰ ਵਿਚਾਲੇ ਹੋਏ ਐਗਰੀਮੈਂਟ ਦਾ ਹਵਾਲਾ ਦਿੰਦੇ ਕਿਹਾ ਕਿ ਜੇਕਰ ਦਿੱਲੀ ਸਰਕਾਰ, ਹਿਮਾਚਲ ਪ੍ਰਦੇਸ਼ ਤੋਂ ਮੁੱਲ ਪਾਣੀ ਖਰੀਦ ਸਕਦੀ ਹੈ ਤਾਂ ਪੰਜਾਬ ਦਾ ਪਾਣੀ ਮੁਫ਼ਤ ਹੀ ਕਿਉਂ ਲੁੱਟਿਆ ਜਾ ਰਿਹਾ ਹੈ। ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਪੈਪਸੂ ਸਮੇਂ ਤੋਂ ਹੁਣ ਤੱਕ ਪਾਣੀਆਂ ਦੇ ਮੁੱਲ ਦੀ ਸਮੀਖਿਆ ਕਰਕੇ ਉਸ ਕੀਮਤ ਦੀ ਨਾ ਸਿਰਫ ਭਰਪਾਈ ਹੋਵੇ ਸਗੋ ਭਵਿੱਖ ਵਿੱਚ ਪਾਣੀ ਦੀ ਕੀਮਤ ਨੂੰ ਲਾਜ਼ਮੀ ਰੂਪ ਵਿੱਚ ਵਸੂਲਿਆ ਜਾਣਾ ਚਾਹੀਦਾ ਹੈ ਓਹਨਾਂ ਹਰਿਆਣਾ ਸਰਕਾਰ ਦੀ ਆਲੋਚਨਾ ਕਰਦੇ ਕਿਹਾ ਕਿ ਅੱਜ ਜਦੋਂ ਪੰਜਾਬ ਮੁਸ਼ਿਕਲ ਸਥਿਤੀ ਵਿੱਚ ਹੈ ਤਾਂ ਹਰਿਆਣਾ ਨੇ ਭਾਖੜਾ ਜਰੀਏ ਪਾਣੀ ਲੈਣ ਤੋ ਸਾਫ ਇਨਕਾਰ ਕਰਕੇ ਸਾਬਿਤ ਕੀਤਾ ਹੈ ਕਿ ਡੋਬੇ ਸੋਕੇ ਦਾ ਨੁਕਸਾਨ ਸਿਰਫ ਪੰਜਾਬ ਦੇ ਹਿੱਸੇ ਆਇਆ ਹੈ। ਗਿਆਨੀ ਹਰਪ੍ਰੀਤ ਸਿੰਘ ਵੱਲੋ ਅੱਜ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਦੇ ਹੋਏ, ਇਹਨਾਂ ਇਲਾਕਿਆਂ ਵਿੱਚ ਜਿੱਥੇ ਰਾਸ਼ਨ ਸਮੱਗਰੀ ਨੂੰ ਭੇਜਿਆ ਉੱਥੇ ਹੀ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਵੱਲੋ ਚਲਾਏ ਜਾ ਰਹੇ ਰਾਹਤ ਕੈਂਪਾਂ ਦਾ ਵੀ ਦੌਰਾ ਕੀਤਾ। ਗਿਆਨੀ ਹਰਪ੍ਰੀਤ ਸਿੰਘ ਨੇ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਨੂੰ ਮੁੜ ਹਦਾਇਤ ਕੀਤੀ ਕਿ ਓਹ ਹਰ ਤਰਾਂ ਦੀ ਮੱਦਦ ਲਈ ਤਿਆਰ ਰਹਿਣ। ਇਸ ਦੇ ਨਾਲ ਗਿਆਨੀ ਹਰਪ੍ਰੀਤ ਸਿੰਘ ਨੇ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਹਾਲੇ ਤੱਕ ਏਨੇ ਵੱਡੇ ਨੁਕਸਾਨ ਤੇ ਇੱਕ ਰੁਪਿਆ ਵੀ ਰਾਹਤ ਪੈਕਜ ਦੇ ਤੌਰ ਤੇ ਨਾ ਜਾਰੀ ਕਰਨ ਤੇ ਸਵਾਲ ਉਠਾਏ। ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸੂਬਾ ਸਰਕਾਰ ਪੂਰੀ ਤਰਾਂ ਫੇਲ੍ਹ ਹੋ ਚੁੱਕੀ ਹੈ,ਪੰਜਾਬੀ ਆਪਣੀ ਫਿਤਰਤ ਅਨੁਸਾਰ ਪੀੜਤ ਪਰਿਵਾਰਾਂ ਦੀ ਮਦਦ ਲਈ ਅੱਗੇ ਆਏ ਹਨ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਪੰਜਾਬ ਪ੍ਰਤੀ ਸ਼ੁਰੂ ਤੋਂ ਜਾਰੀ ਬੇਗਾਨਗੀ ਵਾਲੀ ਨਜ਼ਰ ਦੂਰ ਨਹੀਂ ਕੀਤੀ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਹ ਨਹੀਂ ਹੋ ਸਕਦਾ ਕਿ ਕੇਂਦਰ ਸਰਕਾਰ ਕੋਲ ਪੰਜਾਬ ਦੇ ਤਾਜਾ ਹਾਲਤਾਂ ਦੀ ਕੋਈ ਰਿਪੋਰਟ ਹੀ ਨਾ ਹੋਵੇ, ਪਰ ਕੇਂਦਰ ਸਰਕਾਰ ਵਲੋਂ ਔਖੀ ਘੜੀ ਵਿੱਚ ਵੱਟੀ ਚੁੱਪ ਪੰਜਾਬੀਆਂ ਨੂੰ ਦਰਦ ਜ਼ਰੂਰ ਦੇ ਰਹੀ ਹੈ। ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਦੌਰੇ ਮੌਕੇ ਗਿਆਨੀ ਹਰਪ੍ਰੀਤ ਸਿੰਘ ਦੇ ਨਾਲ ਬਰਜਿੰਦਰ ਸਿੰਘ ਬਰਾੜ, ਅਜੇਪਾਲ ਸਿੰਘ ਬਰਾੜ,ਦਵਿੰਦਰ ਸਿੰਘ ਸੇਖੋਂ, ਕੁਲਬੀਰ ਸਿੰਘ ਮੱਤਾ, ਅਮਨਿੰਦਰ ਸਿੰਘ ਬਨੀ ਬਰਾੜ, ਗਗਨਦੀਪ ਸਿੰਘ ਸੰਧੂ ਅਤੇ ਮਨਪ੍ਰੀਤ ਸਿੰਘ ਭੋਲੂਵਾਲਾ ਹਾਜ਼ਰ ਸਨ।

**☛ ਪਾਣੀਆਂ ਤੇ ਠੱਗੀ ਬੰਦ ਹੋਵੇ,ਦੂਜੇ ਸੂਬਿਆਂ ਨੂੰ ਦਿੱਤੇ ਜਾਣ ਵਾਲੇ ਪਾਣੀ ਤੇ ਰਾਇਲਟੀ ਵਸੂਲ ਕਰਕੇ ਡੈਮਾਂ ਅਤੇ ਦਰਿਆਵਾਂ ਤੇ ਖਰਚ ਹੋਵੇ ☛ ਸੂਬਾ ਸਰਕਾਰ ਅਤੇ ਕੇਂਦਰ ਸਰਕਾਰ ਵਲੋਂ ਹਾਲੇ ਤੱਕ ਇੱਕ ਪੈਸਾ ਵੀ ਰਾਹਤ ਪੈਕਜ ਵਲੋਂ ਜਾਰੀ ਨਾ ਕਰਨਾ ਮੰਦਭਾਗਾ**



### ਘੱਟ ਗਿਣਤੀਆਂ ਲਈ ਟਿਊਸ਼ਨ ਫੀਸ ਸਕੀਮ ਦੀ ਆਖਰੀ ਮਿਤੀ ਵਧਾਉਣ ਲਈ

# ਮੁੱਖਮੰਤਰੀ ਰੇਖਾ ਗੁਪਤਾ ਨੂੰ ਲਿਖਿਆ ਪੱਤਰ: ਜਸਵਿੰਦਰ ਸਿੰਘ ਜੌਲੀ



**ਨਵੀਂ ਦਿੱਲੀ 30 ਅਗਸਤ (ਮਨਪ੍ਰੀਤ ਸਿੰਘ ਖਾਲਸਾ):-** ਜਸਵਿੰਦਰ ਸਿੰਘ ਜੌਲੀ, ਚੇਅਰਮੈਨ, ਘੱਟ ਗਿਣਤੀ ਸੈੱਲ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਨੇ ਘੱਟ ਗਿਣਤੀ ਵਿਦਿਆਰਥੀਆਂ ਲਈ ਟਿਊਸ਼ਨ ਫੀਸ ਦੀ ਭਰਪਾਈ ਯੋਜਨਾ ਬਾਰੇ ਦਿੱਲੀ ਦੇ ਮੁੱਖਮੰਤਰੀ ਰੇਖਾ ਗੁਪਤਾ ਨੂੰ ਪੱਤਰ ਲਿਖ ਕੇ ਉਨ੍ਹਾਂ ਦਾ ਇਸ ਮਾਮਲੇ ਵਿਚ ਦਖਲਅੰਦਾਜ਼ੀ ਦੇਣ ਦੀ ਗੁਜਾਰਿਸ਼ ਦੇਣ ਲਈ ਕਿਹਾ ਹੈ। ਉਨ੍ਹਾਂ ਲਿਖਿਆ ਕਿ ਅਰਜ਼ੀਆਂ ਜਮ੍ਹਾਂ ਕਰਨ ਦੀ ਮੌਜੂਦਾ ਆਖਰੀ ਮਿਤੀ 31 ਅਗਸਤ 2025 ਹੈ। ਹਾਲਾਂਕਿ, ਦਿੱਲੀ ਸਰਕਾਰ ਦੇ ਅਧੀਨ ਸਬੰਧਤ ਵਿਭਾਗ ਦੁਆਰਾ ਲੋੜੀਂਦੀ ਸਮਾਂ ਸੀਮਾ ਦੇ ਅੰਦਰ ਆਮਦਨ ਸਰਟੀਫਿਕੇਟ ਜਾਰੀ ਨਾ ਕੀਤੇ ਜਾਣ ਕਾਰਨ ਵੱਡੀ ਗਿਣਤੀ ਵਿੱਚ ਯੋਗ ਵਿਦਿਆਰਥੀ ਆਪਣੀਆਂ ਅਰਜ਼ੀਆਂ ਪੂਰੀਆਂ ਕਰਨ ਵਿੱਚ ਅਸਮਰੱਥ ਹਨ। ਕਿਉਂਕਿ ਆਮਦਨ ਸਰਟੀਫਿਕੇਟ ਇਸ ਯੋਜਨਾ ਲਈ ਇੱਕ ਲਾਜ਼ਮੀ ਦਸਤਾਵੇਜ਼ ਹੈ, ਵਿਦਿਆਰਥੀਆਂ ਨੂੰ ਨਿਰਧਾਰਤ ਮਿਤੀ ਤੋਂ ਪਹਿਲਾਂ ਅਰਜ਼ੀ ਦੇਣ ਵਿੱਚ ਗੰਭੀਰ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹਨਾਂ ਹਾਲਾਤਾਂ ਦੇ ਮੱਦੇਨਜ਼ਰ, ਮੈਂ ਤੁਹਾਡੇ ਦਫ਼ਤਰ ਨੂੰ ਨਿਮਰਤਾ ਨਾਲ ਬੇਨਤੀ ਕਰਦਾ ਹਾਂ ਕਿ ਸਮਾਂ ਸੀਮਾ ਘੱਟੋ-ਘੱਟ ਦੋ ਮਹੀਨੇ ਵਧਾਈ ਜਾਵੇ, ਤਾਂ ਜੋ ਕੋਈ ਵੀ ਯੋਗ ਘੱਟ ਗਿਣਤੀ ਵਿਦਿਆਰਥੀ ਪ੍ਰਕਿਰਿਆਤਮਕ ਦੇਰੀ ਕਾਰਨ ਇਸ ਭਲਾਈ ਯੋਜਨਾ ਦੇ ਲਾਭਾਂ ਤੋਂ ਵਾਂਝਾ ਨਾ ਰਹੇ। ਅੰਤ ਵਿਚ ਉਨ੍ਹਾਂ ਲਿਖਿਆ ਕਿ ਬੱਚਿਆਂ ਦੇ ਭਵਿੱਖ ਲਈ ਤੁਹਾਡੀ ਦਿਆਲੂ ਦਖਲਅੰਦਾਜ਼ੀ ਇਹ ਯਕੀਨੀ ਬਣਾਏਗੀ ਕਿ ਇਸ ਯੋਜਨਾ ਦਾ ਉਦੇਸ਼ - ਘੱਟ ਗਿਣਤੀ ਵਿਦਿਆਰਥੀਆਂ ਦੀ ਸਿੱਖਿਆ ਦਾ ਸਮਰਥਨ ਕਰਨਾ - ਪੂਰੀ ਤਰ੍ਹਾਂ ਪ੍ਰਾਪਤ ਹੋ ਜਾਵੇ, ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਨਿਯੰਤਰਣ ਤੋਂ ਬਾਹਰ ਦੇ ਕਾਰਨਾਂ ਕਰਕੇ ਦੁੱਖ ਨਾ ਝੱਲਣਾ ਪਵੇ।

# ਤਖਤ ਪਟਨਾ ਸਾਹਿਬ ਕਮੇਟੀ ਦੀ ਰੇਲ ਰਾਜ ਮੰਤਰੀ ਨਾਲ ਮੁਲਾਕਾਤ, ਰੇਲ ਪ੍ਰਚਾਲਨ ਨੂੰ ਆਧੁਨਿਕ ਬਣਾਉਣ ਦੀ ਮੰਗ



**ਨਵੀਂ ਦਿੱਲੀ, 30 ਅਗਸਤ (ਮਨਪ੍ਰੀਤ ਸਿੰਘ ਖਾਲਸਾ)-**ਤਖਤ ਸ਼੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ ਅਤੇ ਸਕੱਤਰ ਗੁਰਵਿੰਦਰ ਸਿੰਘ ਵੱਲੋਂ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨਾਲ ਮੁਲਾਕਾਤ ਕੀਤੀ ਗਈ, ਜਿਸ ਵਿੱਚ ਤਖਤ ਸਾਹਿਬ ਆਉਣ ਵਾਲੀ ਸੰਗਤ ਦੀ ਸੁਵਿਧਾ ਲਈ ਰੇਲ ਪ੍ਰਚਾਲਨ ਨੂੰ ਆਧੁਨਿਕ ਬਣਾਉਣ ਦੀ ਮੰਗ ਕੀਤੀ ਗਈ। ਇਸ ਮੁਲਾਕਾਤ ਦੇ ਬਾਅਦ ਮੰਤਰੀ ਜੀ ਨੇ ਤੁਰੰਤ ਇਕ ਕਮੇਟੀ ਦਾ ਗਠਨ ਕਰਕੇ ਸਾਰੀਆਂ ਮੰਗਾਂ ਨੂੰ ਜਲਦੀ ਪੂਰਾ ਕਰਨ ਦਾ ਆਸ਼ਵਾਸਨ ਦਿੱਤਾ। ਸ: ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਉਨ੍ਹਾਂ ਨੇ ਰੇਲ ਰਾਜ ਮੰਤਰੀ ਨਾਲ ਮੀਟਿੰਗ ਕਰਕੇ ਸੰਗਤ ਦੀ ਸੁਵਿਧਾ ਲਈ ਮੰਗਾਂ ਉਨ੍ਹਾਂ ਦੇ ਸਾਹਮਣੇ ਰੱਖੀਆਂ, ਜਿਨ੍ਹਾਂ ਵਿੱਚ ਪਟਨਾ ਸਾਹਿਬ ਤੋਂ ਅੰਮ੍ਰਿਤਸਰ ਦੇ ਵਿਚਕਾਰ ਇਕ ਨਵੀਂ ਸੁਪਰਫਾਸਟ ਅੰਮ੍ਰਿਤ ਭਾਰਤ ਐਕਸਪ੍ਰੈਸ ਟ੍ਰੇਨ ਚਲਾਉਣ ਦੀ ਮੰਗ ਕੀਤੀ ਗਈ ਹੈ, ਕਿਉਂਕਿ ਪੰਜਾਬ ਤੋਂ ਬੜੀ ਗਿਣਤੀ ਵਿੱਚ ਸੰਗਤ ਹੁਣ ਪਟਨਾ ਸਾਹਿਬ ਦਰਸ਼ਨ ਲਈ ਆਉਂਦੀ ਹੈ, ਪਰ ਕੋਈ ਵੀ ਸੁਪਰਫਾਸਟ ਟ੍ਰੇਨ ਨਾ ਹੋਣ ਕਰਕੇ ਸੰਗਤ ਨੂੰ ਮੁਸ਼ਕਲਾਂ ਆਉਂਦੀਆਂ ਹਨ।

ਰੇਲਗੱਡੀ ਸੰਖਿਆ 12317/12318 ਅਕਾਲ ਤਖਤ ਐਕਸਪ੍ਰੈਸ ਜੋ ਕਿ ਅੰਮ੍ਰਿਤਸਰ ਤੋਂ ਆਉਂਦੀ ਹੈ, ਵਿੱਚ ਪੈਂਟਰੀ ਕਾਰ ਨਾ ਹੋਣ ਨਾਲ ਸੰਗਤ ਨੂੰ ਖਾਣ ਪੀਣ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਹੈ, ਇਸ ਲਈ ਇਸ ਵਿੱਚ ਪੈਂਟਰੀ ਕਾਰ ਲਗਾਉਣ ਅਤੇ ਇਸ ਨੂੰ ਦੋਨੋਂ ਪਾਸਿਆਂ ਤੋਂ ਰੋਜ਼ਾਨਾ ਚਲਾਉਣ ਦੀ ਮੰਗ ਕੀਤੀ ਗਈ ਹੈ, ਕਿਉਂਕਿ ਅਜੇ ਇਹ ਰੇਲਗੱਡੀ ਹਫਤੇ ਵਿੱਚ ਸਿਰਫ ਦੋ ਵਾਰ ਚਲਦੀ ਹੈ। ਪਟਨਾ ਸਾਹਿਬ ਸਟੇਸ਼ਨ ਨੂੰ ਆਧੁਨਿਕ ਰੇਲਵੇ ਸਟੇਸ਼ਨ ਬਣਾਉਣ ਦੀ ਮੰਗ ਵੀਂ ਰੱਖੀ ਗਈ ਹੈ। ਪਟਨਾ ਸਾਹਿਬ ਤੋਂ ਗੁਜ਼ਰਨ ਵਾਲੀਆਂ ਮੁੱਖ ਰੇਲਗੱਡੀਆਂ ਦਾ ਠਹਿਰਾਓ ਪਟਨਾ ਸਾਹਿਬ ਸਟੇਸ਼ਨ ’ਤੇ ਦੇਣ ਦੀ ਵੀ ਮੰਗ ਕੀਤੀ ਗਈ ਹੈ। ਸ: ਜਗਜੋਤ ਸਿੰਘ ਸੋਹੀ ਨੇ ਕਿਹਾ ਕਿ ਇਸ ਤੋਂ ਪਹਿਲਾਂ ਵੀ ਰੇਲ ਰਾਜ ਮੰਤਰੀ ਵੱਲੋਂ ਤਖਤ ਪਟਨਾ ਸਾਹਿਬ ਆਉਣ ਵਾਲੀ ਸੰਗਤ ਲਈ ਦਿਲੋਂ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਰੇਲ ਮੰਤਰਾਲੇ ਵੱਲੋਂ ਪੰਜਵੇਂ ਤਖਤ ਨੂੰ ਜੋੜਨ ਲਈ ਜੋ ਨਵੀਂ ਟ੍ਰੇਨ ਚਲਾਉਣ ਦੀ ਮੰਜ਼ੂਰੀ ਦਿੱਤੀ ਜਾ ਰਹੀ ਹੈ, ਉਸ ਲਈ ਪੂਰਾ ਰੇਲ ਮੰਤਰਾਲਾ ਅਤੇ ਖਾਸ ਕਰਕੇ ਰਵਨੀਤ ਸਿੰਘ ਬਿੱਟੂ ਬਧਾਈ ਦੇ ਯੋਗ ਹਨ।

# ਆਈ.ਐਮ.ਏ. ਅੰਮ੍ਰਿਤਸਰ ਵੱਲੋਂ ਸਿਹਤ ਵਿਭਾਗ ਨੂੰ ਹੜ ਪੀੜਤਾਂ ਦੀ ਮਦਦ ਲਈ1000 ਫਰਸਟ ਏਡ ਕਿੱਟਾਂ ਕੀਤੀਆਂ ਡੋਨੇਟ



**ਚੌਕ ਮਹਿਤਾ, 30 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)-**ਆਈ.ਐਮ.ਏ. ਅੰਮ੍ਰਿਤਸਰ ਵੱਲੋਂ ਸਟੇਟ ਪ੍ਰੈਜੀਡੈਂਟ (ਇਲੈਕਟ) ਡਾ ਆਰ.ਐਸ. ਸੇਠੀ ਦੀ ਅਗਵਾਈ ਹੇਠ ਸਿਹਤ ਵਿਭਾਗ ਅੰਮ੍ਰਿਤਸਰ ਨੂੰ 1000 ਫਸਟ ਏਡ ਕਿੱਟਾਂ ਡੋਨੇਟ ਕੀਤੀਆਂ ਗਈਆਂ। ਇਸ ਮੌਕੇ ਤੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ ਕਿਰਨਦੀਪ ਕੌਰ ਨੇ ਦੱਸਿਆ ਕਿ ਇਹਨਾਂ ਕਿੱਟਾਂ ਨੂੰ ਹੜ ਪੀੜਤ ਲੋਕਾਂ ਦੀ ਮਦਦ ਲਈ ਵਰਤਿਆ ਜਵੇਗਾ ਅਤੇ ਇਹਨਾਂ ਕਿੱਟਾਂ ਰਾਹੀਂ ਬਹੁਤ ਸਾਰੀਆਂ ਕੀਮਤੀ ਜਾਨਾ ਬਚਾਈਆਂ ਜਾ ਸਕਣਗੀਆਂ। ਇਸ ਮੌਕੇ ਤੇ ਸਟੇਟ ਪ੍ਰੈਜੀਡੈਂਟ (ਇਲੈਕਟ) ਡਾ ਆਰ.ਐਸ. ਸੇਠੀ ਅਤੇ ਜਿਲ੍ਹਾ ਪ੍ਰੈਜ਼ੀਡੈਂਟ ਡਾ ਰੁਪਿੰਦਰ ਕੌਰ ਨੇ ਕਿਹਾ ਕਿ ਆਈ.ਐਮ.ਏ. ਹਮੇਸ਼ਾ ਹੀ ਸਿਹਤ ਵਿਭਾਗ ਨਾਲ ਕੰਧੇ ਨਾਲ ਕੰਧਾਂ ਮਿਲਾ ਕੇ ਖੜਾ ਹੈ ਅਤੇ ਆਮ ਲੋਕਾਂ ਦੀ ਮਦਦ ਲਈ ਹਮੇਸ਼ਾ ਹੀ ਤਤਪਰ ਹੈ। ਉਹਨਾਂ ਆਖਿਆ ਕਿ ਆਈ.ਐਮ.ਏ. ਕੁਦਰਤੀ ਆਫਤਾਂ ਦੇ ਸਮੇਂ ਪਹਿਲਾਂ ਵੀ ਲੋਕਾਂ ਦੀ ਮਦਦ ਕਰਦਾ ਆ ਰਿਹਾ ਹੈ ਅਤੇ ਅਗਾਹ ਵੀ ਲੋਕਾਂ ਦੀ ਮਦਦ ਲਈ ਆਪਣਾ ਯੋਗਦਾਨ ਪਾਉਦਾ ਰਹੇਗਾ। ਇਸ ਮੌਕੇ ਤੇ ਆਈ.ਐਮ.ਏ. ਅੰਮ੍ਰਿਤਸਰ ਦੇ ਪ੍ਰੈਜੀਡੈਂਟ ਡਾ ਰੂਪਿੰਦਰ ਕੌਰ ਅਤੇ ਸੈਕਟਰੀ ਡਾ ਗੁਰਵਿੰਦਰ ਸਿੰਘ ਸਮੇਤ ਆਈ.ਐਮ.ਏ. ਦੇ ਨੁਮਾਇੰਦੇ ਸ਼ਾਮਿਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰਦੁਆਰਾ ਬੋਰਡ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਵੱਲੋਂ

# ਪੰਜਾਬ ਦੇ ਹੜ ਪੀੜਤਾਂ ਦੀ ਮਦਦ ਲਈ ਰਾਹਤ ਟੀਮ ਰਵਾਨਾ : ਡਾ. ਵਿਜੈ ਸਤਬੀਰ ਸਿੰਘ ਜੀ ਆਈ ਏ ਐਸ (ਰਿਟਾ)

**ਚੌਂਕ ਮਹਿਤਾ, 30 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਪਿਛਲੇਂ ਕੁਝ ਦਿਨਾਂ ਤੋਂ ਭਾਰੀ ਮੀਂਹ ਕਾਰਨ ਪੰਜਾਬ ਦੇ ਕਈ ਇਲਾਕੀਆਂ ਵਿੱਚ ਹੜ ਦਾ ਮਾਹੌਲ ਹੋਈਆ ਹੈ। ਜਿਸ ਕਾਰਨ ਉਥੇ ਜਾਨ ਮਾਲ ਦਾ ਕਾਫੀ ਨੁਕਸਾਨ ਹੋਇਆ ਹੈ। ਕਈ ਘਰ ਇਸ ਵਿੱਚ ਰੁੱਲ ਗਏ ਹਨ, ਕਈ ਲੋਕਾਂ ਦੇ ਖੇਤ ਤੇ ਪਸ਼ੂਆਂ ਦਾ ਨੁਕਸਾਨ ਹੋਏਆ ਹੈ, ਕਈ ਪਿੰਡਾਂ ਦੇ ਲੋਕ ਬੇਘਰ ਹੋ ਗਏ ਹਨ ਅਤੇ ਆਮ ਜੀਵਨ ਨਸ਼ਟ ਹੋ ਗਿਆ ਹੈ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ, ਨਾਂਦੇੜ ਦੇ ਜੱਥੇਦਾਰ ਸੰਤ ਬਾਬਾ ਕੁਲਵੰਤ ਸਿੰਘ ਜੀ ਅਤੇ ਸਮੂੰਹ ਪੰਜ ਪਿਆਰੇ ਦੇ ਆਸ਼ੀਰਵਾਦ ਨਾਲ ਗੁਰਦੁਆਰਾ ਬੋਰਡ ਦੇ ਮੁੱਖ ਪ੍ਰਬੰਧਕ ਡਾ. ਵਿਜੈ ਸਤਬੀਰ ਸਿੰਘ ਜੀ ਨੇਂ ਇਸ ਔਖੇ ਸਮੇਂ ਵਿੱਚ ਅੱਗੇ ਵੱਧ ਕੇ ਰਾਹਤ ਸਮਗਰੀ ਪੰਹੁਚਾਣ ਲਈ ਉਪਰਾਲੇ ਕੀਤੇ। ਜਿਸ ਵਿੱਚ ਸੇਵਾਦਾਰਾਂ ਦੀ ਇੱਕ ਵਿਸ਼ੇਸ਼ ਟੀਮ ਤਿਆਰ ਕਰ ਪੰਜਾਬ ਭੇਜੀ ਗਈ। ਜਿਸ ਨਾਲ ਹੜ ਪੀੜਤਾਂ ਨੂੰ ਸਿੱਧੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ ਨਾਲ ਹੀ ਦੀ ਇੱਕ ਵਿਸ਼ੇਸ਼ ਟੀਮ ਨੂੰ ਤੇਲੰਗਾਨਾ ਦੇ ਹੜ ਪੀੜਤਾਂ ਦੀ ਸਹਾਇਤਾ ਲਈ ਵੀ ਰਾਹਤ ਸਮਗਰੀ ਸਹਿਤ ਭੇਜੀ ਗਈ। ਇਸ ਰਾਹਤ ਕਾਰਜ ਦੇ ਤਹਿਤ ਅਨਾਜ, ਕੱਪੜੇ, ਦਵਾਈਆਂ, ਕੰਬਲ, ਪੀਣ ਦਾ ਸਾਫ ਪਾਣੀ ਆਦਿ ਜ਼ਰੂਰੀ ਚੀਜਾਂ ਭੇਜੀਆਂ ਗਈਆਂ ਹਨ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਦੇ ਮੁੱਖ ਜੱਥੇਦਾਰ ਸੰਤ ਬਾਬਾ ਕੁਲਵੰਤ ਸਿੰਘ ਜੀ ਵੱਲੋਂ ਹੜ ਪੀੜਤਾਂ ਦੀ ਦੇਹਿ ਅਰੋਗਤਾ, ਤੰਦੁਰਸਤੀ ਅਤੇ ਰਾਹਤ ਕਾਰਜ ਦੀ ਸੁਫਲਤਾ ਦੀ ਅਰਦਾਸ ਕਰਨ ਉਪਰੰਤ ਟੀਮ ਨੂੰ ਰਵਾਨਾ ਕੀਤਾ ਗਿਆ। ਇਸ ਸਮੇਂ ਸ੍ਰ. ਗੁਰਬਚਨ ਸਿੰਘ ਸਿਲੇਦਾਰ - ਸੁਪਰਡੈਂਟ, ਗੁਰਦੁਆਰਾ ਸੱਚਖੰਡ ਬੋਰਡ, ਸ੍ਰ. ਹਰਜੀਤ ਸਿੰਘ ਕੜੇਵਾਲੇ - ਡਿਪਟੀ ਸੁਪਰਡੈਂਟ, ਸ੍ਰ. ਰਵਿੰਦਰ ਸਿੰਘ ਕਪੂਰ - ਸਹਾ. ਸੁਪਰਡੈਂਟ, ਸ੍ਰ. ਜੈਮਲ ਸਿੰਘ ਢਿੱਲੋਂ - ਸਹਾ. ਸੁਪਰਡੈਂਟ, ਸ੍ਰ. ਬਲਵਿੰਦਰ ਸਿੰਘ ਫੌਜੀ - ਸਹਾ. ਸੁਪਰਡੈਂਟ, ਸ੍ਰ. ਪਰਦੀਪ ਸਿੰਘ ਮਾਨ, ਡਾ. ਸ੍ਰ. ਪਰਮਵੀਰ ਸਿੰਘ, ਸ੍ਰ. ਗੁਰਬਚਨ ਸਿੰਘ ਰਾਗੀ, ਸ੍ਰ. ਕੁਲਵੰਤ ਸਿੰਘ ਨਿਹੰਗ ਅਤੇ ਕਰਮਚਾਰੀ ਮੌਜੂਦ ਸਨ।







### ਬੇਅੰਤ ਸਿੰਹੁ ਨੂੰ ਮਾਰਨ ਦਾ ਸਾਨੂੰ ਕੋਈ ਪਛਤਾਵਾ ਜਾਂ ਅਫਸੋਸ ਨਹੀਂ ਹੈ ਪਰ

# ਨਾਲ ਮਾਰੇ ਗਏ ਬੇਕਸੂਰ ਬੰਦਿਆਂ ਦਾ ਦੁੱਖ ਜਰੂਰ ਹੈ: ਭਾਈ ਜਗਤਾਰ ਸਿੰਘ ਤਾਰਾ

### ਬੇਅੰਤ ਸਿੰਘ ਨੂੰ ਮਾਰ ਕੇ ਅਸੀ ਕੋਈ ਗੁਨਾਹ ਨਹੀਂ ਕੀਤਾ ਸਗੋਂ ਸਿੱਖ ਸਿਧਾਂਤਾਂ ਉਤੇ ਪਹਿਰਾ ਦਿੰਦੇ ਨਿਭਾਇਆ ਹੈ ਆਪਣਾ ਕੌਮੀ ਫਰਜ

ਨਵੀਂ ਦਿੱਲੀ 30 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਬੇਅੰਤ ਸਿੰਘ ਕਤਲ ਕਾਂਡ ਵਿਚ ਨਾਮਜਦ ਬੁੜੈਲ ਜੇਲ੍ਹ ਅੰਦਰ ਬੰਦ ਭਾਈ ਜਗਤਾਰ ਸਿੰਘ ਤਾਰਾ ਨੇ ਸ਼ਹੀਦ ਭਾਈ ਦਿਲਾਵਰ ਸਿੰਘ ਦੀ ਸ਼ਹਾਦਤ ਨੂੰ ਸਿਜਦਾ ਕਰਦਿਆਂ ਅਦਾਲਤ ਅੰਦਰ ਆਪਣੇ ਦਿੱਤੇ ਬਿਆਨ ਨੂੰ ਯਾਦ ਕੀਤਾ ਜੋ ਕਿ ਇਸ ਪ੍ਰਕਾਰ ਹੈ "ਜੇ ਜੀਵੈ ਪਤ ਲਥੀ ਜਾਇ॥ ਸਭੁ ਹਰਾਮੁ ਜੇਤਾ ਕਿਛੁ ਖਾਇ॥"

ਮਾਨਯੋਗ ਜੱਜ ਸਾਹਿਬ

ਜੂਨ 1984 ਚ ਦਿੱਲੀ ਦੇ ਤਖ਼ਤ ਉੱਤੇ ਬੈਠੀ ਇੰਦਰਾ ਗਾਂਧੀ ਵੱਲੋ ਸ੍ਰੀ ਦਰਬਾਰ ਸਾਹਿਬ ਉੱਤੇ ਹਮਲਾ ਅਤੇ ਇੰਦਰਾ ਦੇ ਕਤਲ ਤੋਂ ਬਾਅਦ ਦਿੱਲੀ ਅਤੇ ਹਿੰਦੁਸਤਾਨ ਦੇ ਹੋਰ ਸ਼ਹਿਰਾਂ ਵਿੱਚ ਜੋ ਸਿੱਖ ਕੌਮ ਨਾਲ ਵਾਪਰਿਆ, ਉਸ ਨੇ ਜਕਰੀਆ ਖਾਨ ਤੇ ਔਰੰਗਜੇਬ ਦੇ ਕੀਤੇ ਜੁਲਮਾਂ ਨੂੰ ਵੀ ਮਾਤ ਪਾ ਦਿੱਤੀ। ਦਰਬਾਰ ਸਾਹਿਬ ਕੰਪਲੈਕਸ ਵਿੱਚ ਅਣਗਿਣਤ ਸਿੰਘ, ਸਿੰਘਣੀਆਂ, ਬਜ਼ੁਰਗਾਂ ਅਤੇ ਮਾਸੂਮ ਬੱਚਿਆਂ ਨੂੰ ਫੌਜ ਨੇ ਗੋਲੀਆਂ ਮਾਰ ਕੇ ਸ਼ਹੀਦ ਕਰ ਦਿੱਤਾ, ਸ੍ਰੀ ਅਕਾਲ ਤਖ਼ਤ ਸਾਹਿਬ ਦੀ ਇਮਾਰਤ ਨੂੰ ਢਹਿ ਢੇਰੀ ਕਰ ਦਿੱਤਾ, ਇਹ ਕੇਵਲ ਇਮਾਰਤ ਨੂੰ ਢਾਹੁਣਾ ਨਹੀਂ ਸੀ ਬਲਕਿ ਸਿੱਖ ਕੌਮ ਦੀ ਆਣ ਅਤੇ ਅਣਖ ਨੂੰ ਵੰਗਾਰਨਾ ਸੀ। ਇਸ ਨੂੰ ਸਿੱਖ ਕੌਮ ਕਿਵੇਂ ਬਰਦਾਸ਼ਤ ਕਰ ਸਕਦੀ ਸੀ, ਫਿਰ ਸਿੱਖ ਕੌਮ ਦੇ ਪੰਥ ਦਰਦੀ ਨੌਜਵਾਨਾਂ ਨੇ ਆਪਣੇ ਗੁੱਸੇ ਨੂੰ ਜੁਬਾਨ ਦੇਣ ਲਈ ਅਤੇ ਸਿੱਖ ਕੌਮ ਦੇ ਹੱਕਾਂ ਦੀ ਲੜਾਈ ਦਾ ਸੰਘਰਸ਼ ਕਰਨ ਲਈ ਹਥਿਆਰ ਚੁੱਕ ਲਏ। ਇਸ ਤੋਂ ਬਾਅਦ ਪੰਜਾਬ ਵਿੱਚ ਖਾੜਕੂ ਸਿੰਘਾਂ ਨੂੰ ਖਤਮ ਕਰਨ ਦੇ ਨਾਮ ਹੇਠ ਪੰਜਾਬ ਪੁਲਸ ਵੱਲੋਂ ਸਿੱਖ ਨੌਜਵਾਨਾਂ ਦਾ ਸ਼ਿਕਾਰ ਕਰਨਾ ਸ਼ੁਰੂ ਕਰ ਦਿੱਤਾ ਗਿਆ। ਪੁਲਸ ਵਾਲੇ ਸਿੱਖਾਂ ਦੀ ਧੰਨ ਸੰਪਤੀ ਲੁੱਟਦੇ ਰਹੇ, ਬੀਬੀਆਂ ਦੀ ਪੱਤ ਲੁੱਟਦੇ ਰਹੇ ਅਤੇ ਬੱਚਿਆਂ ਨੂੰ ਅਗਵਾ ਕਰਕੇ ਫਿਰੌਤੀਆਂ ਲੈ ਕੇ ਰੁਪਏ ਇੱਕੱਠੇ ਕਰਦੇ ਰਹੇ। ਪੁਲਸ ਦੇ ਇਨਾਂ ਜੁਲਮਾਂ ਦਾ ਕਹਿਰ ਲੰਮਾ ਟਾਇਮ ਚਲਦਾ ਰਿਹਾ। ਉਸ ਤੋਂ ਬਾਅਦ 1992 ਚ 7% ਵੋਟਾਂ ਲੈ ਕੇ ਪੰਜਾਬ ਦੇ ਮੁੱਖ ਮੰਤਰੀ ਬਣੇ ਬੇਅੰਤ ਸਿੰਹੁ ਨੇ ਦਿੱਲੀ ਤਖਤ ਦੇ ਇਸ਼ਾਰੇ ਉੱਤੇ ਸਿੱਖ ਕੌਮ ਦੀ ਨਸਲਕੁਸ਼ੀ ਕਰਨੀ ਆਰੰਭ ਕਰ ਦਿੱਤੀ। ਬੇਅੰਤ ਸਿੰਹੁ ਨੇ ਪੰਜਾਬ ਚ ਮੀਰ ਮੰਨੂ ਵੱਲੋਂ ਕੀਤੇ ਗਏ ਜੁਲਮਾਂ ਨੂੰ ਵੀ ਮਾਤ ਪਾ ਦਿੱਤੀ। ਸਿੱਖ ਨੌਜਵਾਨਾਂ ਨੂੰ ਬਿਨਾਂ ਕਿਸੇ ਗੱਲ ਤੋਂ ਚੁੱਕ ਕੇ ਲਿਜਾ ਕੇ ਥਰਡ ਡਿਗਰੀ ਤਸੀਹੇ ਦੇਣੇ, ਬਿਜਲੀ ਦੇ ਕਰੰਟ ਲਾਉਣੇ, ਲੱਤਾਂ ਪਾੜਨੀਆਂ, ਘੋਟਣੇ ਲਾਉਣੇ, ਗੁਪਤ ਅੰਗਾਂ ਤੇ ਕਰੰਟ ਲਾਉਣਾ, ਗੁਦਾ ਚ ਮਿਰਚਾਂ ਭਰਨੀਅਓ ਅਤੇ ਪਾਣੀ ਚ ਡੁਬਾਉਣਾ, ਜਦੋਂ ਉਹ ਅੱਧਮੋਏ ਹੋ ਜਾਣ ਜਾਂ ਮਰ ਜਾਣ ਉੱਤੇ ਦਰਿਆ ਵਿੱਚ ਰੋੜ ਦੇਣਾ ਜਾਂ ਅਣਛਪਾਤੇ ਕਰਾਰ ਦੇਕੇ ਸਾੜ ਦੇਣਾ ਆਮ ਗੱਲ ਹੋ ਗਈ ਸੀ। ਪੁਲਿਸ ਵੱਲੋਂ ਬੀਬੀਆਂ, ਬਜੁਰਗਾਂ, ਅਪਾਹਜਾਂ ਅਤੇ ਮਾਸੂਮ ਬੱਚਿਆਂ ਨੂੰ ਵੀ ਬਖਸ਼ਿਆ ਨਹੀਂ ਗਿਆ। ਉਸ ਸਮੇਂ ਜੇ ਕਿਸੇ ਵਕੀਲ ਜਾਂ ਮਨੁੱਖੀ ਅਧਿਕਾਰਾਂ ਦੀ ਗੱਲ ਕਰਨ ਵਾਲੇ ਨੇ ਇਸ ਜ਼ਬਰ ਜੁਲਮ ਵਿਰੁੱਧ ਆਵਾਜ ਉਠਾਉਣ ਦੀ ਕੋਸ਼ਿਸ਼ ਕੀਤੀ ਤਾਂ ਉਸ ਨੂੰ ਵੀ ਪਰਿਵਾਰ ਸਮੇਤ ਖਤਮ ਕਰ ਦਿੱਤਾ ਗਿਆ। ਪੰਜਾਬ ਵਿੱਚ ਜੰਗਲ ਰਾਜ ਚੱਲ ਰਿਹਾ ਸੀ, ਪੰਜਾਬ ਦੀ ਧਰਤੀ ਝੂਠੇ ਪੁਲਸ ਮੁਕਾਬਲਿਆਂ ਰੰਗੀ ਜਾ ਰਹੀ ਸੀ। ਹਜ਼ਾਰਾਂ ਨੌਜਵਾਨਾਂ, ਬੀਬੀਆਂ ਅਤੇ ਬਜੁਰਗਾਂ ਨੂੰ ਘਰੋਂ ਚੁੱਕ ਕੇ ਝੂਠੇ ਪੁਲਸ ਮੁਕਾਬਲੇ ਬਣਾ ਕੇ, ਲਾਸ਼ਾਂ ਲਾਵਾਰਿਸ ਕਰਾਰ ਦੇ ਸ਼ਮਸ਼ਾਨ ਘਾਟਾਂ ਚ ਸਾੜੀਆਂ ਜਾ ਰਹੀਆਂ ਜਾਂ ਨਹਿਰਾਂ ਤੇ ਦਰਿਆਵਾਂ ਵਿੱਚ ਰੋੜੀਆਂ ਜਾ ਰਹੀਆਂ ਸਨ। ਗੱਲ ਕੀ ਹਰ ਪਾਸੇ ਜਬਰ ਜੁਲਮ ਦੀ ਹਨੇਰੀ ਝੁਮ ਰਹੀ ਸੀ। ਸਿੱਖ ਕੌਮ ਦੇ ਹੱਕਾਂ ਲਈ ਲੜੇ ਜਾ ਰਹੇ ਸੰਘਰਸ਼ ਨੂੰ ਦਬਾਉਣ ਲਈ ਕੀਤੇ ਜਾ ਰਹੇ ਇਸ ਦਰਿੰਦਗੀ ਭਰੇ ਕਹਿਰ ਨੂੰ ਅਸੀਂ ਅੱਖੀਂ ਦੇਖਿਆ ਅਤੇ ਹੰਢਾਇਆ ਹੈ। ਜੱਜ ਸਾਹਿਬ ਜਦੋਂ ਬੇਅੰਤ ਸਿੰਹੁ ਦੇ ਜੁਲਮਾਂ ਦੀ ਇੰਤਹਾ ਹੋ ਗਈ ਤਾਂ ਫਿਰ ਅਸੀ ਉਸ ਨੂੰ ਮਾਰਨ ਦਾ ਫੈਸਲਾ ਕੀਤਾ ਸੀ। ਇਹ ਫੈਸਲਾ ਅਸੀਂ ਪੂਰੀ ਸੋਚ ਵਿਚਾਰ ਕਰਕੇ, ਸਿੱਖ ਸਿਧਾਤਾਂ ਨੂੰ ਮੁੱਖ ਰੱਖਕੇ ਕੀਤਾ ਸੀ ਕਿਉਂਕਿ ਗੁਰੂ ਗੋਬਿੰਦ ਸਿੰਘ ਜੀ ਦਾ ਫੁਰਮਾਨ ਹੈ- ਚੂੰਕਾਰ ਅਜ਼ ਹਮਾ ਹੀਲਤੇ ਦਰ ਗੁਜ਼ਸ਼ਤ॥ ਹਲਾਲ ਅਸਤ ਬੁਰਦਨ ਬ ਸ਼ਮਸ਼ੀਰ ਦਸਤ॥ ਕਿ ਜਦੋਂ ਸਾਰੇ ਹੀਲੇ ਉਪਾਵਾਂ ਤੋਂ ਗੱਲ ਲੰਘ ਜਾਵੇ ਤਾਂ ਹੱਥ ਚ ਤਲਵਾਰ ਉਠਾਉਣਾ ਜਾਇਜ਼ ਹੈ। ਜੱਜ ਸਾਹਿਬ ਸਿੱਖ ਨੌਜਵਾਨੀ ਦੇ ਕਾਤਲ ਬੇਅੰਤੇ ਪਾਪੀ ਨੂੰ 31 ਅਗਸਤ ਵਾਲੇ ਦਿਨ ਮਾਰਨ ਜਾਣ ਵੇਲੇ, ਮੈਂ ਭਾਈ ਦਿਲਾਵਰ ਸਿੰਘ ਅਤੇ ਭਾਈ ਬਲਵੰਤ ਸਿੰਘ ਦੇ ਨਾਲ ਸੀ। ਬੇਅੰਤ ਸਿੰਹੁ ਨੂੰ ਮਾਰਨ ਦਾ ਸਾਨੂੰ ਕਿਸੇ ਤਰਾਂ ਦਾ ਕੋਈ ਪਛਤਾਵਾ ਜਾਂ ਅਫਸੋਸ ਨਹੀਂ ਹੈ ਪਰ ਨਾਲ ਮਾਰੇ ਗਏ ਬੇਕਸੂਰ ਬੰਦਿਆਂ ਦਾ ਦੁੱਖ ਜਰੂਰ ਹੈ। ਜੱਜ ਸਾਹਿਬ ਵੀਰ ਦਿਲਾਵਰ ਸਿੰਘ ਨੂੰ ਸੈਕਟਰੀਏਟ ਛੱਡ ਕੇ ਜਾਣ ਵੇਲੇ ਮੈ ਉਸ ਨਾਲ ਵਾਅਦਾ ਕੀਤਾ ਸੀ ਕਿ ਵੀਰ ਤੂੰ ਇਹ ਨਾ ਸੋਚੀਂ ਕੇ ਤੇਰੇ ਸ਼ਹੀਦ ਹੋ ਜਾਣ ਤੋਂ ਬਾਦ ਅਸੀ ਆਰਾਮ ਨਾਲ ਬੈਠ ਜਾਵਾਂਗੇ । ਮੈ ਵਾਅਦਾ ਕਰਦਾ ਹਾਂ ਕਿ ਅਸੀਂ ਆਪਣੇ ਖ਼ੂਨ ਦੇ ਆਖਰੀ ਕਤਰੇ ਤੱਕ ਸਿੱਖ ਕੌਮ ਦੇ ਸੰਘਰਸ਼ ਦੀ ਲੜਾਈ ਜਾਰੀ ਰੱਖਾਂਗੇ । ਮੈ ਅਪਣੇ ਕੀਤੇ ਹੋਏ ਉਸ ਵਾਅਦੇ ਉੱਤੇ ਅੱਜ ਵੀ ਕਾਇਮ ਹਾਂ ਅਤੇ ਰਹਾਂਗਾ । ਮੇਰਾ ਸਰੀਰ ਸਿੱਖ ਕੌਮ ਦੀ ਅਮਾਨਤ ਹੈ ਅਸੀ ਹਿੰਦੁਸਤਾਨੀ ਸਿਸਟਮ ਚ ਗੁ.ਲਾਮ ਹਾਂ । ਜਦੋਂ ਤਕ ਅਸੀਂ ਆਪਣਾ ਕੌਮੀ ਘਰ ਬਣਾਉਣ ਦਾ ਸੁਪਨਾ ਪੂਰਾ ਨਹੀਂ ਕਰ ਲੈਂਦੇ ਤਦ ਤਕ ਸਿੱਖ ਕੌਮ ਦੇ ਹੱਕਾਂ ਦੇ ਸੰਘਰਸ਼ ਦੀ ਜੱਦੋ ਜਹਿਦ ਜਾਰੀ ਰੱਖਾਂਗੇ। ਜੱਜ ਸਾਹਿਬ ਬੇਅੰਤ ਸਿੰਘ ਨੂੰ ਮਾਰ ਕੇ ਅਸੀ ਕੋਈ ਗੁਨਾਹ ਨਹੀਂ ਕੀਤਾ ਸਗੋਂ ਸਿੱਖ ਸਿਧਾਂਤਾਂ ਉਤੇ ਪਹਿਰਾ ਦਿੰਦੇ ਹੋਏ ਆਪਣੇ ਪੁਰਖਿਆਂ ਦੀ ਰਿਵਾਇਤ ਨੂੰ ਅੱਗੇ ਤੋਰਦੇ ਹੋਏ ਆਪਣਾ ਬਣਦਾ ਕੌਮੀ ਫਰਜ ਨਿਭਾਇਆ ਹੈ ਜੇ ਤੁਹਾਡੀ ਨਜ਼ਰ ਵਿੱਚ ਇਹ ਗੁਨਾਹ ਹੈ ਤਾਂ ਸਾਨੂੰ ਆਪਣੇ ਕੀਤੇ ਹੋਏ ਇਸ ਗੁਨਾਹ ਉੱਤੇ ਮਾਣ ਹੈ ਅਸੀਂ ਇਹ ਗੁਨਾਹ ਵਾਰ ਵਾਰ ਕਰਦੇ ਰਹਾਂਗੇ ਅਤੇ ਸਿੱਖ ਕੌਮ ਦੀ ਆਉਣ ਵਾਲੀ ਪੀੜ੍ਹੀ ਸਿੱਖ ਸਿਧਾਂਤਾਂ ਨੂੰ ਬਰਕਰਾਰ ਰੱਖਦੇ ਹੋਏ ਇਹੋ ਜਹੇ ਗੁਨਾਹ ਕਰਦੀ ਰਹੇਗੀ। ਸ਼ਹੀਦ ਭਾਈ ਦਿਲਾਵਰ ਸਿੰਘ ਜਿੰਦਾਬਾਦ



# ਚੌਂਕ ਮਹਿਤਾ ਵਿਖੇ ਬਰਾਤ ਰੂਪੀ ਨਗਰ ਕੀਰਤਨ ਦਾ ਸਵਾਗਤ



**ਚੌਂਕ ਮਹਿਤਾ, 30 ਅਗਸਤ, (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਸੱਜੇ ਬਰਾਤ ਰੂਪੀ ਨਗਰ ਕੀਰਤਨ ਦਾ ਅੱਜ ਬਾਅਦ ਦੁਪਹਿਰ ਕਸਬਾ ਚੌਂਕ ਮਹਿਤਾ ਵਿਖੇ ਪਹੁੰਚਣ ਤੇ ਸੰਗਤਾਂ ਦੇ ਵੱਲੋਂ ਪਾਲਕੀ ਸਾਹਿਬ ਤੇ ਫੁੱਲ ਦੀ ਵਰਖਾ ਕਰਕੇ ਸ਼ਰਧਾ ਪੂਰਵਕ ਸਵਾਗਤ ਕੀਤਾ ਗਿਆ। ਇਸ ਦੌਰਾਨ ਸੇਵਾਦਾਰਾਂ ਦੇ ਵੱਲੋਂ ਚਾਹ ਪਕੌੜੇ, ਠੰਢੇ ਮਿੱਠੇ ਜਲ ਅਤੇ ਸੰਗਤ ਦੇ ਛਕਣ ਲਈ ਫਲਾਂ ਦੇ ਨਾਲ ਨਾਲ ਕਈ ਪ੍ਰਕਾਰ ਦੇ ਲੰਗਰ ਲਗਾਏ ਗਏ। ਸ਼੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ 538ਵੇਂ ਵਿਆਹ ਪੁਰਬ ਨੂੰ ਸਮਰਪਿਤ ਇਸ ਨਗਰ ਕੀਰਤਨ ਦਾ ਸਵਾਗਤ ਕਰਨ ਮੌਕੇ ਰਾਗੀ ਭਾਈ ਬਲਦੇਵ ਸਿੰਘ, ਪ੍ਰਧਾਨ ਸੁਖਵਿੰਦਰ ਸਿੰਘ ਮਹਿਤਾ, ਹਰਗੋਪਾਲ ਸਿੰਘ ਰੰਧਾਵਾ, ਪ੍ਰਿੰਸੀਪਲ ਤੇਜਬੀਰ ਸਿੰਘ ਸੋਹਲ, ਜੋਗਾ ਸਿੰਘ ਬਾਠ, ਮਾਸਟਰ ਸੁਖਵਿੰਦਰ ਸਿੰਘ ਅਤੇ ਜਥੇ ਦੇ ਸਿੰਘ ਮੌਜੂਦ ਸਨ।

# ਪੰਜਾਬ ਅੰਦਰ ਭਿਆਨਕ ਹੜ੍ਹਾਂ 'ਚ ਫਸੇ ਪੰਜਾਬੀਆਂ ਦੀ ਮਦਦ ਲਈ ਦਿੱਲੀ ਕਮੇਟੀ ਨੇ ਲਗਾਇਆ ਵਿਸ਼ੇਸ਼ ਸਹਾਇਤਾ ਕੈਂਪ: ਕਾਲਕਾ, ਕਾਹਲੋਂ



**ਨਵੀਂ ਦਿੱਲੀ, 30 ਅਗਸਤ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਹੈ ਕਿ ਭਿਆਨਕ ਹੜ੍ਹਾਂ ਵਿਚ ਫਸੇ ਪੰਜਾਬੀਆਂ ਦੀ ਮਦਦ ਕਰਨਾ ਸਾਡਾ ਮੁੱਢਲਾ ਫਰਜ਼ ਹੈ ਤੇ ਇਸ ਮਾਮਲੇ ਵਿਚ ਦਿੱਲੀ ਗੁਰਦੁਆਰਾ ਕਮੇਟੀ ਕਦੇ ਵੀ ਪਿੱਛੇ ਨਹੀਂ ਹਟੇਗੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਜਿਵੇਂ ਹੀ ਸਾਡੇ ਕੋਲ ਸੂਚਨਾ ਪਹੁੰਚੀ ਕਿ ਪੰਜਾਬ ਨੂੰ ਭਿਆਨਕ ਹੜ੍ਹਾਂ ਨੇ ਘੇਰ ਲਿਆ ਹੈ ਤਾਂ ਅਸੀਂ ਤੁਰੰਤ ਪੰਜਾਬ ਵਿਚ ਆਪਣੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਧਾਨ ਭਾਈ ਮਨਜੀਤ ਸਿੰਘ ਭੋਮਾ ਦੀ ਡਿਊਟੀ ਹਾਲਾਤਾਂ ਦੇ ਜਾਇਜ਼ੇ ਵਾਸਤੇ ਲਗਾਈ। ਉਹਨਾਂ ਦੱਸਿਆ ਕਿ ਰਿਪੋਰਟ ਮਿਲਦੇ ਸਾਰੇ ਹੀ ਅਸੀਂ ਰਾਸ਼ਨ ਤੇ ਜ਼ਰੂਰੀ ਸਮਾਨ ਵਾਲੀਆਂ ਟੀਮਾਂ ਪੰਜਾਬ ਲਈ ਰਵਾਨਾ ਕੀਤੀਆਂ। ਉਹਨਾਂ ਦੱਸਿਆ ਕਿ ਸਾਡੇ ਵੱਲੋਂ ਇਸ ਵੇਲੇ ਗੁਰਦਾਸਪੁਰ ਦੇ ਪਿੰਡ ਡੇਰਾ ਪਠਾਣਾ ਵਿਚ ਮੁੱਖ ਸੜਕ 'ਤੇ ਮੁੱਖ ਕੈਂਪ ਲਗਾਇਆ ਹੋਇਆ ਹੈ ਜਿਸ ਰਾਹੀਂ ਅਸੀਂ ਨੇੜਲੇ ਪਿੰਡਾਂ ਰੱਤਾ ਹਵੇਲੀਆਂ, ਤਲਵੰਡੀ ਰਸੀਂਕੇ, ਜੋੜਾ ਬਹਿਲੋਰਪੁਰ ਘੁੰਮਣ, ਟਾਹਲੀ ਸਾਹਿਬ ਅਬਦਾਲ, ਮੂਲੋਂਵਾਲੀ ਆਦਿ ਵਿਚ ਹੜ੍ਹਾਂ ਵਿਚ ਘਿਰੇ ਲੋਕਾਂ ਵਾਸਤੇ ਪੀਣ ਵਾਲਾ ਪਾਣੀ, ਸੁੱਕਾ ਦੁੱਧ, ਰਾਸ਼ਨ ਤੇ ਹੋਰ ਲੋੜੀਂਦਾ ਸਮਾਨ ਉਪਲਬਧ ਕਰਵਾ ਰਹੇ ਹਾਂ। ਉਹਨਾਂ ਦੱਸਿਆ ਕਿ ਰਮਦਾਸ ਇਲਾਕੇ ਨੂੰ ਵੀ ਹੜ੍ਹਾਂ ਦੀ ਵੱਡੀ ਮਾਰ ਪਈ ਹੈ ਤੇ ਸਾਡੀਆਂ ਟੀਮਾਂ ਜਲਦੀ ਹੀ ਇਸ ਇਲਾਕੇ ਵਿਚ ਵੀ ਸੇਵਾ ਵਾਸਤੇ ਪਹੁੰਚ ਜਾਣਗੀਆਂ। ਉਹਨਾਂ ਦੱਸਿਆ ਕਿ ਸਾਡੀਆਂ ਟੀਮਾਂ ਵਿਚ ਪੰਜਾਬ ਵਿਚ ਤਾਇਨਾਤ ਸਾਡੇ ਮੁਲਾਜ਼ਮਾਂ ਤੋਂ ਇਲਾਵਾ ਦਿੱਲੀ ਤੋਂ ਵੀ ਸੰਗਤ ਪੰਜਾਬੀਆਂ ਦੀ ਸੇਵਾ ਵਾਸਤੇ ਪਹੁੰਚੀ ਹੈ। ਉਹਨਾਂ ਕਿਹਾ ਕਿ ਪੰਜਾਬ ਸਾਡਾ ਪੇਕਾ ਘਰ ਹੈ ਤੇ ਪੰਜਾਬੀਆਂ ਦੀ ਸੇਵਾ ਕਰਨਾ ਦਾ ਸਾਡਾ ਮੁੱਢਲਾ ਫਰਜ਼ ਹੈ। ਉਹਨਾਂ ਕਿਹਾ ਕਿ ਦੇਸ਼ ਤੇ ਦੁਨੀਆਂ ਵਿਚ ਜਿਥੇ ਕਿਤੇ ਵੀ ਕੋਈ ਮੁਸ਼ਿਕਲ ਆਉਂਦੀ ਹੈ ਤਾਂ ਪੰਜਾਬੀ ਮੋਹਰੀ ਹੋ ਕੇ ਸੇਵਾ ਦੀ ਜ਼ਿੰਮੇਵਾਰੀ ਸੰਭਾਲਦੇ ਹਨ ਤੇ ਹੁਣ ਜਦੋਂ ਪੰਜਾਬੀਆਂ ਨੂੰ ਭਿਆਨਕ ਹੜ੍ਹਾਂ ਦੀ ਮਾਰ ਪਈ ਹੈ ਤਾਂ ਅਸੀਂ ਵੀ ਸੇਵਾ ਕਰਨ ਤੋਂ ਪਿੱਛੇ ਨਹੀਂ ਰਹਾਂਗੇ। ਉਹਨਾਂ ਦੱਸਿਆ ਕਿ ਅਸੀਂ 2023 ਵਿਚ ਵੀ ਹੜ੍ਹਾਂ ਦੌਰਾਨ ਸਮਾਣਾ ਇਲਾਕੇ ਵਿਚ ਸਹਾਇਤਾ ਤੇ ਸੇਵਾ ਕੈਂਪ ਲਗਾਏ ਸਨ ਤੇ ਇਸ ਵਾਰ ਸਾਡੇ ਵੱਲੋਂ ਕਿਸੇ ਕਿਸਮ ਦੀ ਕੋਈ ਘਾਟ ਨਹੀਂ ਰਹੇਗੀ। ਉਹਨਾਂ ਦੱਸਿਆ ਕਿ ਹੜ੍ਹਾਂ ਦਾ ਪਾਣੀ ਉਤਰਣ ਮਗਰੋਂ ਪ੍ਰਭਾਵਤ ਇਲਾਕਿਆਂ ਵਿਚ ਬਿਮਾਰੀਆਂ ਫੈਲਣ ਦਾ ਵੀ ਖਦਸ਼ਾ ਹੈ ਜਿਸ ਵਾਸਤੇ ਅਸੀਂ ਮੈਡੀਕਲ ਟੀਮਾਂ ਵੀ ਤਾਇਨਾਤ ਕਰਾਂਗੇ ਤੇ ਦਵਾਈਆਂ ਵੀ ਉਪਲਬਧ ਕਰਾਵਾਂਗੇ। ਉਹਨਾਂ ਕਿਹਾ ਕਿ ਹੜ੍ਹਾਂ ਨਾਲ ਨਜਿੱਠਣ ਵਿਚ ਸੂਬਾ ਸਰਕਾਰ ਬੁਰੀ ਤਰ੍ਹਾਂ ਨਾਕਾਮ ਸਾਬਤ ਹੋਈ ਹੈ। ਉਹਨਾਂ ਕਿਹਾ ਕਿ ਸਰਕਾਰ ਨੇ ਨਾ ਕੋਈ ਰਿਹਰਸਲ ਕੀਤੀ ਤੇ ਨਾ ਕੋਈ ਅਗਾਊਂ ਪ੍ਰਬੰਧ ਕੀਤੇ। ਉਹਨਾਂ ਕਿਹਾ ਕਿ ਮਾਧੋਪੁਰ ਡੈਮ ਦੀ ਡੇਢ ਸਾਲ ਤੋਂ ਰਿਪੋਰਟ ਤਿਆਰ ਸੀ ਕਿ ਰਿਪੇਅਰ ਦੀ ਜ਼ਰੂਰਤ ਹੈ ਪਰ ਉਸਦੀ ਕੋਈ ਪਰਵਾਹ ਨਹੀਂ ਕੀਤੀ ਗਈ। ਉਹਨਾਂ ਕਿਹਾ ਕਿ ਕੇਵਲ ਮੀਡੀਆ ਵਿਚ ਇਸ਼ਿਤਹਾਰ ਦੇ ਕੇ ਸਰਕਾਰ ਆਪਣੀ ਜ਼ਿੰਮੇਵਾਰੀ ਤੋਂ ਭੱਜ ਰਹੀ ਹੈ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਇਹ ਵੀ ਦੱਸਿਆ ਕਿ ਹੜ੍ਹਾਂ ਵਿਚ ਮਦਦ ਤੋਂ ਇਲਾਵਾ ਅਸੀਂ ਪੰਜਾਬ ਵਿਚ ਸਕਿੱਲ ਡਵੈਲਪਮੈਂਟ ਸੈਂਟਰ ਖੋਲ੍ਹ ਰਹੇ ਹਾਂ ਤਾਂ ਜੋ ਨੌਜਵਾਨਾਂ ਨੂੰ ਹੁਨਰ ਸਿੱਖਲਾਈ ਦਿੱਤੀ ਜਾ ਸਕੇ। ਸਾਡਾ ਭਾਰਤ ਸਰਕਾਰ ਨਾਲ ਸਮਝੌਤਾ ਹੋਇਆ ਹੈ ਜਿਸ ਤਹਿਤ ਇਹ ਕੈਂਪ ਲਗਾਏ ਜਾਣਗੇ। ਉਹਨਾਂ ਕਿਹਾ ਕਿ ਅਸੀਂ ਪੰਜਾਬੀਆਂ ਦੀ ਸੇਵਾ ਵਾਸਤੇ ਹਰ ਵੇਲੇ ਹਾਜ਼ਰ ਹਾਂ ਤੇ ਕਦੇ ਵੀ ਇਸ ਤੋਂ ਪਿੱਛੇ ਨਹੀਂ ਹਟਾਂਗੇ।


ਤੂੰ ਬੇਅੰਤਾ ਪਾਪੀਏ ਮੈਨੂੰ ਸਿੰਘ ਦਿਲਾਵਰ ਕਹਿੰਦੇ ਔਹ ਮਰਦ ਕਹੌਂਦੇ ਨਹੀ ਬੇਅੰਤਿਆ ਜੋ ਬਦਲਾ ਨਹੀ ਲੈਂਦੇ
ਪੰਥ ਦੇ ਮਹਾਨ ਸ਼ਹੀਦ ਭਾਈ ਦਿਲਾਵਰ ਸਿੰਘ ਜੀ
ਦੀ ਸ਼ਹਾਦਤ ਨੂੰ ਕੋਟਿ ਕੋਟਿ ਪ੍ਰਣਾਮ
ਜਦੋ ਜ਼ੁਲਮ ਦੀ ਅੱਤ ਹੋ ਜਾਵੇ ਤਾਂ ਫਿਰ ਜ਼ੁਲਮ ਦਾ ਅੰਤ ਕਰਨ ਲਈ ਅਕਾਲ ਪੁਰਖ ਭਾਈ ਦਿਲਾਵਰ ਸਿੰਘ ਬੱਬਰ ਵਰਗੇ ਯੋਧਿਆਂ ਨੂੰ ਆਪ ਭੇਜ ਦਿੰਦਾ ਹੈ ਜੋ ਆਪਣਾ ਆਪ ਕੁਰਬਾਨ ਕਰਕੇ ਗੁਰਬਾਣੀ ਤੇ ਪਹਿਰਾ ਦੇਂਦੇ ਹੋਏ "ਜਬ ਆਵ ਕੀ ਅਉਧ ਨਿਦਾਨ ਬਨੈ ਅਤਿ ਹੀ ਰਨ ਮੈ ਤਬ ਜੂਝ ਮਰੌ ॥" ਤਹਿਤ ਪਾਪੀ ਨੂੰ ਉਸ ਦੇ ਕੀਤੇ ਜ਼ੁਲਮਾਂ ਦਾ ਫਲ ਭੁਗਤਾ ਕੇ ਸਦੀਵੀ ਅਮਰ ਹੋ ਜਾਦੇ ਹਨ । ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਦਿਲਵਾਰ ਸਿੰਘ ਬੱਬਰ ਦੇ 30ਵੇਂ ਸ਼ਹਾਦਤ ਦਿਹਾੜੇ ਤੇ ਆਪਣੀ ਸ਼ਰਧਾਂ ਦੇ ਫੁੱਲ ਅਰਪਣ ਕਰਦੇ ਹੋਏ ਗਿਆਨ, ਸੱਚ, ਅਣਖ ਤੇ ਸਰਬੱਤ ਦੇ ਭਲੇ ਵਾਲੇ ਸਿੱਖ ਕੌਮ ਦੇ ਅਜ਼ਾਦ ਦੇਸ਼ ਦੀ ਸਥਾਪਤੀ ਲਈ ਆਪਣਾ ਬਣਦਾ ਯੋਗਦਾਨ ਪਾਈਏ ।
ਆਵਾਜ਼ਿ ਕੌਮ
AWAZE QAUM
International Newspaper & WEB TV
ਗੁਰੂ ਪੰਥ ਦਾ ਦਾਸ
ਪਰਮਜੀਤ ਸਿੰਘ ਭਿਓਰਾ
ਨਜ਼ਰਬੰਦ ਬੁੜੈਲ ਜੇਲ੍ਹ ਚੰਡੀਗੜ੍ਹ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)





• ਬਾਬਾ ਦਾ ਵਿਆਹ ਬਟਾਲਾ • ਗੁਰਤਾਗੱਦੀ ਦਿਵਸ ਧੰਨ ਧੰਨ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ • ਸਲਾਨਾ ਬਰਸੀ ਬਾਬਾ ਬਿਧੀ ਚੰਦ ਸਿੰਘ ਸਾਹਿਬ ਜੀ ਪਿੰਡ ਸੁਰਸਿੰਘ ਅੰਮ੍ਰਿਤਸਰ • ਜਨਮ ਦਿਵਸ ਪਿਆਰੇ ਭਾਈ ਦਈਆ ਸਿੰਘ ਸਾਹਿਬ ਜੀ। • ਜੋਤਿ ਜੋਤ ਧੰਨ ਧੰਨ ਸ਼੍ਰੀ ਗੁਰੂ ਰਾਮਦਾਸ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ • ਸ਼ੁੱਕਰਵਾਰ 29 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ 10 : 00 ਵਜੇ ਆਰੰਭ ਹੋਵੇਗੀ • ਸ਼ਨਿੱਚਰਵਾਰ 30 ਅਗਸਤ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ।

ਐਤਵਾਰ 31 ਅਗਸਤ 2025 ਨੂੰ 6:30 ਵਜੇ ਸਵੇਰੇ ਚੁਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ।

ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ 10:30 ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਸੁਖਚੈਨ ਸਿੰਘ ਦਮਦਮੀ ਟਕਸਾਲ ਵਾਲੇ ਗੁਰਬਾਣੀ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰੀ ਕਰਨਾ ਜੀ

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




### ਅਮਰੀਕਾ ਦੀ ਟੈਰਿਫ ਨੀਤੀ ਦੇ ਵਿਰੋਧ ਵਿਚ ਵਪਾਰੀਆਂ ਨੇ ਕੀਤਾ ਵਿਰੋਧ ਪ੍ਰਦਰਸ਼ਨ

# ਟੈਰਿਫ ਨੀਤੀ ਦੋਵਾਂ ਦੇਸ਼ਾਂ ਦੇ ਵਪਾਰਕ ਸਬੰਧਾਂ ਨੂੰ ਪ੍ਰਭਾਵਤ ਕਰੇਗੀ - ਪੰਮਾ ਅਤੇ ਰਾਕੇਸ਼ ਯਾਦਵ

**ਨਵੀਂ ਦਿੱਲੀ 30 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:-ਸੈਂਕੜੇ ਵਪਾਰੀ ਸਦਰ ਬਾਜ਼ਾਰ ਦੇ ਕੁਤੁਬ ਰੋਡ ਚੌਕ 'ਤੇ ਇਕੱਠੇ ਹੋਏ ਅਤੇ ਫੈਡਰੇਸ਼ਨ ਆਫ ਸਦਰ ਬਾਜ਼ਾਰ ਟਰੇਡਜ਼ ਐਸੋਸੀਏਸ਼ਨ ਦੇ ਚੇਅਰਮੈਨ ਪਰਮਜੀਤ ਸਿੰਘ ਪੰਮਾ ਅਤੇ ਪ੍ਰਧਾਨ ਰਾਕੇਸ਼ ਯਾਦਵ ਦੀ ਅਗਵਾਈ ਹੇਠ

ਆਵਾਜ਼ਿ ਕੌਮ AWAZE QAUM International Newspaper & WEB TV

ਅਮਰੀਕਾ ਵੱਲੋਂ ਭਾਰਤੀ ਉਦਯੋਗਾਂ 'ਤੇ ਲਗਾਏ ਗਏ ਟੈਰਿਫ ਵਿਰੁੱਧ ਵਿਰੋਧ ਪ੍ਰਦਰਸ਼ਨ ਕੀਤਾ। ਇਸ ਮੌਕੇ ਵਪਾਰੀਆਂ ਨੇ ਹੱਥਾਂ ਵਿੱਚ ਬੈਨਰ ਫੜੇ ਹੋਏ ਸਨ ਜਿਨ੍ਹਾਂ 'ਤੇ ਲਿਖਿਆ ਸੀ, "ਟੈਰਿਫ ਨੀਤੀ ਵਾਪਸ ਲਓ, ਅਮਰੀਕਾ ਨੂੰ ਤਾਨਾਸ਼ਾਹੀ ਬੰਦ ਕਰਨੀ ਚਾਹੀਦੀ ਹੈ÷, ਅਤੇ ਓਹ ਇਸ ਤਰ੍ਹਾਂ ਦੇ ਨਾਅਰੇ ਵੀ ਲਗਾ ਰਹੇ ਸਨ। ਇਸ ਮੌਕੇ ਪੰਮਾ ਅਤੇ ਰਾਕੇਸ਼ ਯਾਦਵ ਨੇ ਕਿਹਾ ਕਿ ਅਮਰੀਕਾ ਦੀ ਇਹ ਟੈਰਿਫ ਨੀਤੀ ਭਾਰਤੀ ਉਦਯੋਗਾਂ ਲਈ ਨੁਕਸਾਨਦੇਹ ਹੈ ਅਤੇ ਇਸਦਾ ਦੋਵਾਂ ਦੇਸ਼ਾਂ ਦੇ ਵਪਾਰਕ ਸਬੰਧਾਂ 'ਤੇ ਮਾੜਾ ਪ੍ਰਭਾਵ ਪਵੇਗਾ। ਇਸ ਮੌਕੇ ਪਰਮਜੀਤ ਸਿੰਘ ਪੰਮਾ ਅਤੇ ਰਾਕੇਸ਼ ਯਾਦਵ ਨੇ ਕਿਹਾ ਕਿ ਅਮਰੀਕਾ ਵੱਲੋਂ ਦਿੱਤੇ ਗਏ ਆਦੇਸ਼ਾਂ ਅਨੁਸਾਰ ਭਾਰਤੀ ਉਦਯੋਗ ਵਿੱਚ ਕਰੋੜਾਂ ਰੁਪਏ ਦੇ ਸਾਮਾਨ ਤਿਆਰ ਪਏ ਹਨ। ਜਿਸ ਲਈ ਅਮਰੀਕੀ ਵਪਾਰੀਆਂ ਨੇ ਐਡਵਾਂਸ ਵੀ ਦੇ ਦਿੱਤਾ ਹੈ ਪਰ ਟੈਰਿਫ ਲਗਾਉਣ ਕਾਰਨ ਉਹ ਸਾਮਾਨ ਨਹੀਂ ਲੈ ਪਾ ਰਹੇ ਹਨ। ਇਸ ਦਾ ਉਦਯੋਗ 'ਤੇ ਬਹੁਤ




ਬੁਰਾ ਪ੍ਰਭਾਵ ਪੈ ਰਿਹਾ ਹੈ ਅਤੇ ਕਰੋੜਾਂ ਦਾ ਨੁਕਸਾਨ ਹੋ ਰਿਹਾ ਹੈ। ਪੰਮਾ ਅਤੇ ਰਾਕੇਸ਼ ਯਾਦਵ ਨੇ ਕਿਹਾ ਕਿ ਟੈਰਿਫ ਭਾਰਤੀ ਉਦਯੋਗਾਂ ਨੂੰ ਨੁਕਸਾਨ ਪਹੁੰਚਾਉਣਗੇ ਅਤੇ ਉਨ੍ਹਾਂ ਦੀ ਮੁਕਾਬਲੇਬਾਜ਼ੀ ਨੂੰ ਘਟਾ ਦੇਣਗੇ। ਪੰਮਾ ਅਤੇ ਚੇਅਰਮੈਨ ਰਾਕੇਸ਼ ਯਾਦਵ ਨੇ ਕਿਹਾ ਕਿ ਅਮਰੀਕਾ ਦੀ ਟੈਰਿਫ ਨੀਤੀ ਦੋਵਾਂ ਦੇਸ਼ਾਂ ਵਿਚਕਾਰ ਵਪਾਰਕ ਸਬੰਧਾਂ ਨੂੰ ਪ੍ਰਭਾਵਤ ਕਰੇਗੀ ਅਤੇ ਵਪਾਰ ਵਿੱਚ ਗਿਰਾਵਟ ਦਾ ਕਾਰਨ ਬਣ ਸਕਦੀ ਹੈ। ਪੰਮਾ ਅਤੇ ਰਾਕੇਸ਼ ਯਾਦਵ ਨੇ ਅਪੀਲ ਕੀਤੀ ਕਿ ਅਮਰੀਕਾ ਨੂੰ ਆਪਣੇ ਕਦਮ 'ਤੇ ਮੁੜ ਵਿਚਾਰ ਕਰਨਾ ਚਾਹੀਦਾ ਹੈ ਅਤੇ ਭਾਰਤ ਨਾਲ ਵਪਾਰਕ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਦੋਵਾਂ ਦੇਸ਼ਾਂ ਵਿਚਕਾਰ ਸਹਿਯੋਗ ਅਤੇ ਸਮਝੌਤੇ ਰਾਹੀਂ ਹੀ ਸਮੱਸਿਆਵਾਂ ਦਾ ਹੱਲ ਕੱਢਿਆ ਜਾ ਸਕਦਾ ਹੈ। ਪੰਮਾ ਅਤੇ ਰਾਕੇਸ਼ ਯਾਦਵ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਜੀਐਸਟੀ ਵਿੱਚ ਵਪਾਰੀਆਂ ਨੂੰ ਵੱਧ ਤੋਂ ਵੱਧ ਰਾਹਤ ਦੇਣ ਦੇ ਨਾਲ-ਨਾਲ ਸਸਤੀਆਂ ਦਰਾਂ 'ਤੇ ਕਰਜ਼ਾ ਸਹੂਲਤ ਪ੍ਰਦਾਨ ਕਰਨ ਦੀ ਵੀ ਅਪੀਲ ਕੀਤੀ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਸਾਡੇ ਸਵਦੇਸ਼ੀ ਸਾਮਾਨ ਸਵਦੇਸ਼ੀ ਮੁੱਦਿਆਂ ਦਾ ਮੁਕਾਬਲਾ ਕਰ ਸਕਣ ਅਤੇ ਸਾਡੇ ਦੇਸ਼ ਵਿੱਚ ਸਸਤੇ ਸਾਮਾਨ ਪ੍ਰਦਾਨ ਕਰ ਸਕਣ। ਇਸ ਮੌਕੇ ਵਪਾਰ ਆਗੂ ਕਮਲ ਕੁਮਾਰ, ਦੀਪਕ ਮਿੱਤਲ, ਵਰਿੰਦਰ ਸਿੰਘ, ਚੌਧਰੀ ਯੋਗੇਂਦਰ ਸਿੰਘ, ਹਰਜੀਤ ਸਿੰਘ ਛਾਬੜਾ, ਰਜਨੀਸ਼ ਭਯਾਨਾ, ਸੁਰੇਸ਼ ਜੈਨ ਅਤੇ ਹੋਰ ਬਹੁਤ ਸਾਰੇ ਵਪਾਰੀਆਂ ਨੇ ਅਮਰੀਕਾ ਵੱਲੋਂ ਲਗਾਏ ਗਏ ਟੈਰਿਫ ਦੀ ਨਿੰਦਾ ਕੀਤੀ।




# ਸ੍ਰੀ ਗੁਰੂ ਨਾਨਕ ਦੇਵ ਜੀ ਦੇ 538 ਵੇਂ ਵਿਆਹ ਗੁਰਪੁਰਬ ਸਾਹਿਬ ਜੀ ਦੇਸਾ ਵਿਦੇਸਾਂ ਦੀਆਂ ਸਮੂਹ ਸੰਗਤਾਂ ਨੂੰ ਲੱਖ ਲੱਖ ਵਧਾਈਆਂ ਹੋਣ ਜੀ























ਆਵਾਜ਼ਿ ਕੌਮ AWAZE QAUM International Newspaper & WEB TV

--✶ ਵੱਲੋਂ ✶--

# ਸੰਤ ਸਮਾਜ ਮਾਝਾ ਜੋਨ

## ਜਾਰੀ ਕਰਤਾ : ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ


ਆਵਾਜ਼ਿ ਕੌਮ
AWAZE QAUM
International Newspaper & WEB TV
ਸ੍ਰੀਮਾਨ ਸੰਤ ਬਲਜਿੰਦਰ ਸਿੰਘ ਜੀ
ਰਾੜਾ ਸਾਹਿਬ ਵਾਲੇ
ਮਿਤੀ 25 ਅਗਸਤ, 2025 ਨੂੰ
ਅਕਾਲ ਪੁਰਖ ਵਾਹਿਗੁਰੂ ਦੇ ਹੁਕਮ ਅਨੁਸਾਰ ਸੱਚਖੰਡ ਪਿਆਨਾ ਕਰ ਗਏ ਸਨ।
ਉਨ੍ਹਾਂ ਨਮਿਤ ਰੱਖੇ ਸ੍ਰੀ ਸਹਿਜ ਪਾਠ ਦੇ ਭੋਗ
ਮਿਤੀ 3 ਸਤੰਬਰ, 2025 ਨੂੰ ਸਵੇਰੇ 11:30 ਵਜੇ
ਗੁਰਦੁਆਰਾ ਕਰਮਸਰ ਰਾੜਾ ਸਾਹਿਬ ਵਿਖੇ ਪੈਣਗੇ।
ਉਪਰੰਤ ਸ਼ਰਧਾਂਜਲੀ ਸਮਾਗਮ ਹੋਵੇਗਾ।
ਆਪ ਸਭ ਸੰਗਤ ਨੇ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।
ਵੱਲੋਂ: ਗੁਰਦੁਆਰਾ ਕਰਮਸਰ ਰਾੜਾ ਸਾਹਿਬ (ਟਰੱਸਟ)

## ਬਿਅੰਤੇ ਪਾਪੀ ਨੂੰ ਸਿੰਘਾਂ ਨੇ ਬੰਬ ਦੇ ਨਾਲ ਉਡਾ

# ਅੱਤ ਦਾ ਅੰਤ ਕੀਤਾ




ਬਿਅੰਤੇ ਪਾਪੀ ਨੂੰ ਸਿੰਘਾਂ ਨੇ ਬੰਬ ਦੇ ਨਾਲ ਉਡਾ'ਤਾਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ 'ਕੌਮੀ ਸ਼ਹੀਦ' ਦੇ ਖ਼ਿਤਾਬ ਨਾਲ ਸਨਮਾਨੇ ਭਾਈ ਦਿਲਾਵਰ ਸਿੰਘ ਜੀ ਦਾ ਅੱਜ ਸ਼ਹੀਦੀ ਦਿਹਾੜਾ ਹੈ।ਇਸ ਸੂਰਮੇ ਦੀ ਸ਼ਹਾਦਤ ਕੁਰਬਾਨੀ, ਤਿਆਗ, ਸਿਰੜ ਅਤੇ ਸੇਵਾ ਭਾਵਨਾ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਜ਼ਾਲਮ ਮੁੱਖ ਮੰਤਰੀ ਬੇਅੰਤ ਸਿਹੁੰ ਬੁੱਚੜ ਨੂੰ ਬੰਬ ਨਾਲ ਉਡਾ ਕੇ ਭਾਈ ਦਿਲਾਵਰ ਸਿੰਘ ਨੇ ਚੀਥੜੇ-ਚੀਥੜੇ ਕਰ ਦਿੱਤਾ ਤੇ ਇਸ ਜੁਝਾਰੂ ਕਾਰਨਾਮੇ ਵਿੱਚ ਭਾਈ ਦਿਲਾਵਰ ਸਿੰਘ ਜੀ ਖ਼ੁਦ ਵੀ ਆਪਾ ਵਾਰ ਗਏ ਤੇ ਸਿੱਖ ਕੌਮ ਨੂੰ ਇੱਕ ਨਵੀਂ ਜ਼ਿੰਦਗੀ ਬਖਸ਼ ਗਏ। ਅੱਜ ਜੇਕਰ ਸਾਡੇ ਸਿਰਾਂ ਦੇ ਉੱਤੇ ਦਸਤਾਰਾਂ-ਕੇਸ ਅਤੇ ਸਰੀਰਾਂ ਉੱਤੇ ਬਾਣੇ ਸ਼ੋਭ ਰਹੇ ਹਨ ਤਾਂ ਇਹ ਭਾਈ ਦਿਲਾਵਰ ਸਿੰਘ ਜੀ ਦੀ ਹੀ ਦੇਣ ਹੈ ਜਿਸ ਨੇ 31 ਅਗਸਤ 1995 ਨੂੰ ਔਰੰਗਜ਼ੇਬ, ਜ਼ਕਰੀਆ ਖ਼ਾਂ, ਫਰੁੱਖਸੀਅਰ, ਮੀਰ ਮੰਨੂ, ਲਖਪਤ ਰਾਏ, ਜਨਰਲ ਡਾਇਰ ਅਤੇ ਇੰਦਰਾ ਗਾਂਧੀ ਦੇ ਹੀ ਦੂਜੇ ਰੂਪ ਦਰਿੰਦੇ ਬੇਅੰਤ ਸਿਹੁੰ ਨੂੰ ਖ਼ਾਲਸਾਈ ਪ੍ਰੰਪਰਾਵਾਂ ਅਨੁਸਾਰ ਮੌਤ ਦੇ ਘਾਟ ਉਤਾਰ ਦਿੱਤਾ ਸੀ ਤੇ ਦੁਨੀਆਂ ਨੂੰ ਦੱਸ ਦਿੱਤਾ ਕਿ ਸਿੱਖ ਕੌਮ ਜਿਉਂਦੀ ਅਤੇ ਜਾਗਦੀ ਹੈ, ਹਥਿਆਰਬੰਦ ਸੰਘਰਸ਼ ਖਤਮ ਨਹੀਂ ਹੋਇਆ ਬਲਕਿ ਕਿਸੇ ਨਾ ਕਿਸੇ ਰੂਪ ਵਿੱਚ ਜਾਰੀ ਹੈ ਤੇ ਜ਼ੁਲਮ ਦਾ ਨਾਸ ਕਰਕੇ ਹੀ ਦਮ ਲਵੇਗਾ। ਬੇਅੰਤੇ ਬੁੱਚੜ ਦੇ ਸੋਧੇ ਨਾਲ ਭਾਰਤੀ ਹਕੂਮਤ, ਕਾਂਗਰਸੀ ਸਰਕਾਰ ਅਤੇ ਹੋਰ ਪੰਥ ਦੋਖੀਆਂ ਦੇ ਪਰਖੱਚੇ ਉੱਡ ਗਏ। ਖ਼ਾਲਸਾ ਪੰਥ ਦੇ ਬਹਾਦਰ ਜਰਨੈਲ ਭਾਈ ਦਿਲਾਵਰ ਸਿੰਘ, ਭਾਈ ਜਗਤਾਰ ਸਿੰਘ ਹਵਾਰਾ, ਭਾਈ ਜਗਤਾਰ ਸਿੰਘ ਤਾਰਾ, ਭਾਈ ਬਲਵੰਤ ਸਿੰਘ ਰਾਜੋਆਣਾ, ਭਾਈ ਪਰਮਜੀਤ ਸਿੰਘ ਭਿਓਰਾ, ਭਾਈ ਗੁਰਮੀਤ ਸਿੰਘ ਇੰਜੀਨੀਅਰ, ਭਾਈ ਲਖਵਿੰਦਰ ਸਿੰਘ ਨਾਰੰਗਵਾਲ ਅਤੇ ਭਾਈ ਸ਼ਮਸ਼ੇਰ ਸਿੰਘ ਨੇ ਐਸਾ ਸ਼ਾਨਦਾਰ ਕਾਰਨਾਮਾ ਕਰ ਵਿਖਾਇਆ ਜਿਸ ਉੱਤੇ ਕੌਮ ਨੂੰ ਸਦੀਆਂ ਤੱਕ ਮਾਣ ਰਹੇਗਾ। ਇਹ ਸਾਰੇ ਸੂਰਬੀਰ ਸਾਡੀ ਕੌਮ ਦੇ ਨਾਇਕ ਹਨ ਜਿਨ੍ਹਾਂ ਤੋਂ ਸਿੱਖ ਨੌਜਵਾਨ ਹਮੇਸ਼ਾਂ ਸੇਧ ਲੈਂਦੇ ਰਹਿਣਗੇ। ਜਦੋਂ ਜਦੋਂ ਵੀ ਸਿੱਖ ਕੌਮ ਉੱਤੇ ਕੋਈ ਪਾਪੀ ਜ਼ੁਲਮ ਕਰੇਗਾ ਤਾਂ ਉਸ ਜ਼ੁਲਮ ਦਾ ਅੰਤ ਕਰਨ ਲਈ ਅਜਿਹੇ ਯੋਧੇ ਪੈਦਾ ਹੁੰਦੇ ਰਹਿਣਗੇ। ਬੇਅੰਤੇ ਬੁੱਚੜ ਨੂੰ ਭਾਈ ਦਿਲਾਵਰ ਸਿੰਘ ਨੇ ਮਨੁੱਖੀ ਬੰਬ ਬਣ ਕੇ ਇਸ ਧਰਤੀ ਤੋਂ ਖ਼ਤਮ ਕਰ ਦਿੱਤਾ।ਇਸ ਤੋਂ ਪਹਿਲਾਂ ਬੇਅੰਤੇ ਬੁੱਚੜ ਦੇ ਚਾਪਲੂਸਾਂ ਨੇ ਉਸ ਨੂੰ ਗੁਰੂ ਨਾਨਕ ਸਾਹਿਬ ਅਤੇ ਗੁਰੂ ਗੋਬਿੰਦ ਸਿੰਘ ਦਾ ਅਵਤਾਰ ਕਹਿਣਾ ਸ਼ੁਰੂ ਕਰ ਦਿੱਤਾ ਸੀ।ਪਰ ਭਾਈ ਦਿਲਾਵਰ ਸਿੰਘ ਨੇ ਕਿਹਾ ਕਿ "ਇਸ ਧਰਤੀ ਉੱਤੇ ਜਾਂ ਤਾਂ ਗੁਰੂ ਨਾਨਕ ਸਾਹਿਬ ਅਤੇ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਨਾਮ ਰਹੇਗਾ ਜਾਂ ਫਿਰ ਬੇਅੰਤਾ ਬੁੱਚੜ! ਗੁਰੂ ਸਾਹਿਬਾਨਾਂ ਦੇ ਨਾਂਵਾਂ, ਉਪਦੇਸ਼ਾਂ ਅਤੇ ਸਿੱਖ ਕੌਮ ਨੂੰ ਤਾਂ ਕੋਈ ਨਹੀਂ ਮਿਟਾ ਸਕਦਾ ਪਰ ਬਿਅੰਤਾ ਬੁੱਚੜ ਹੁਣ ਜ਼ਰੂਰ ਮਿਟੇਗਾ।" ਬਿਅੰਤੇ ਬੁੱਚੜ ਤੋਂ ਪਹਿਲਾਂ ਲਖਪਤ ਰਾਏ ਵਰਗੇ ਵੀ ਆਏ ਸਨ ਜਿਹੜੇ ਕਹਿੰਦੇ ਸਨ ਕਿ "ਇੱਕ ਖੱਤਰੀ ਗੁਰੂ ਨਾਨਕ ਨੇ ਸਿੱਖ ਧਰਮ ਸ਼ੁਰੂ ਕੀਤਾ ਸੀ ਤੇ ਹੁਣ ਇੱਕ ਖੱਤਰੀ ਲਖਪਤ ਰਾਏ ਹੀ ਸਿੱਖ ਕੌਮ ਨੂੰ ਖਤਮ ਕਰੇਗਾ।" ਫਿਰ ਬਾਅਦ ਵਿੱਚ ਲਖਪਤ ਰਾਏ ਨੂੰ ਅਠਾਰ੍ਹਵੀਂ ਸਦੀ ਦੇ ਸਿੰਘਾਂ ਨੇ ਇਹੋ ਜਿਹੀ ਸਜ਼ਾ ਦਿੱਤੀ ਕਿ ਜਿਸ ਦੀ ਹੋਰ ਕੋਈ ਮਿਸਾਲ ਨਹੀਂ ਮਿਲਦੀ। ਇਸੇ ਤਰ੍ਹਾਂ ਜ਼ਾਲਮ ਪੁਲਿਸ ਅਫ਼ਸਰ ਗੋਬਿੰਦ ਰਾਮ ਬੁੱਚੜ ਵੀ ਬੜਾ ਹੰਕਾਰਿਆ ਸੀ ਜਦੋਂ ਇਹ ਸਿੰਘਾਂ ਉੱਤੇ ਜ਼ੁਲਮ ਕਰਦਾ ਸੀ ਤਾਂ ਕਹਿੰਦਾ ਸੀ ਕਿ "ਪਹਿਲਾਂ ਤੁਸੀਂ ਗੁਰੂ ਗੋਬਿੰਦ ਸਿੰਘ ਦਾ ਅੰਮ੍ਰਿਤ ਪੀਤਾ, ਹੁਣ ਗੋਬਿੰਦ ਰਾਮ ਦਾ ਮੂਤ ਪੀਓ।" ਫਿਰ ਜੁਝਾਰੂ ਸਿੰਘਾਂ ਨੇ ਇਸ ਨੂੰ ਵੀ ਬੰਬ ਨਾਲ ਉਡਾ ਕੇ ਪਾਪਣ ਇੰਦਰਾ ਗਾਂਧੀ ਕੋਲ ਭੇਜ ਦਿੱਤਾ ਤੇ ਹੁਣ ਵਾਰੀ ਸੀ ਬੇਅੰਤੇ ਬੁੱਚੜ ਦੀ ਜਿਸ ਨੇ ਡੀ.ਜੀ.ਪੀ. ਬੁੱਚੜ ਕੇ.ਪੀ. ਐੱਸ. ਗਿੱਲ ਨਾਲ ਮਿਲ ਕੇ ਸਿੱਖ ਕੌਮ ਦੀ ਨਸਲਕੁਸ਼ੀ ਕਰਨ ਉੱਤੇ ਜ਼ੋਰ ਦਿੱਤਾ ਹੋਇਆ ਸੀ। ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਭਾਈ ਗੁਰਦੇਵ ਸਿੰਘ ਕਾਉਂਕੇ ਨੂੰ ਵੀ ਭਾਈ ਮਨੀ ਸਿੰਘ ਵਾਂਗ ਬੰਦ-ਬੰਦ ਕੱਟ ਕੇ ਸ਼ਹੀਦ ਕਰ ਦਿੱਤਾ ਗਿਆ, ਬਾਬਾ ਚਰਨ ਸਿੰਘ ਕਾਰ ਸੇਵਾ ਵਾਲੇ ਮਹਾਂਪੁਰਸ਼ਾਂ ਨੂੰ ਵੀ ਭਾਈ ਮਤੀ ਦਾਸ ਜੀ ਵਾਂਗ ਦੋਫਾੜ ਕਰ ਦਿੱਤਾ ਗਿਆ। ਜ਼ਾਲਮ ਮੁੱਖ ਮੰਤਰੀ ਬੇਅੰਤੇ ਬੁੱਚੜ ਅਤੇ ਕੇ.ਪੀ.ਐਸ. ਗਿੱਲ ਦੇ ਰਾਜ ਵਿੱਚ ਪੱਤਾ-ਪੱਤਾ ਸਿੰਘਾਂ ਦਾ ਵੈਰੀ ਬਣ ਗਿਆ ਸੀ, ਜੁਝਾਰੂ ਸਿੰਘਾਂ ਅਤੇ ਉਹਨਾਂ ਦੇ ਪਰਿਵਾਰਾਂ ਨੂੰ ਖੌਫਨਾਕ ਤਸੀਹੇ ਦਿੱਤੇ ਜਾਂਦੇ ਸੀ, ਕਿਸੇ ਦੇ ਸਿਰ ਵਿੱਚ ਕਿੱਲ ਠੋਕ ਦਿੱਤੇ ਜਾਂਦੇ, ਭਾਈ ਅਨੋਖ ਸਿੰਘ ਬੱਬਰ ਵਾਂਗ ਕਿਸੇ ਦੀ ਖੋਪੜੀ ਲਾਹ ਦਿੱਤੀ ਜਾਂਦੀ, ਕਿਸੇ ਦੇ ਪੱਟ ਚੀਰ ਕੇ ਲੂਣ ਭਰ ਦਿੱਤਾ ਜਾਂਦਾ, ਕਿਸੇ ਦੀ ਗੁਦਾ ਵਿੱਚ ਡੰਡਾ ਧੱਕ ਦਿੱਤਾ ਜਾਂਦਾ, ਕਿਸੇ ਦਾ ਸਰੀਰ ਗਰਮ ਪ੍ਰੈੱਸਾਂ ਨਾਲ ਸਾੜ ਦਿੱਤਾ ਜਾਂਦਾ, ਕਿਸੇ ਨੂੰ ਗਰਮ ਕੜਾਹੇ ਵਿੱਚ ਉਬਾਲ ਦਿੱਤਾ ਜਾਂਦਾ, ਹਰ ਰੋਜ ਘਰਾਂ ਖੇਤਾਂ ਅਤੇ ਦੁਕਾਨਾਂ ਵਿੱਚੋਂ ਬੇਦੋਸ਼ੇ ਸਿੱਖ ਨੌਜਵਾਨਾਂ ਨੂੰ ਚੁੱਕ ਕੇ ਝੂਠੇ ਪੁਲਿਸ ਮੁਕਾਬਲੇ ਬਣਾ ਦਿੱਤੇ ਜਾਂਦੇ, ਸਿੱਖ ਹੋਣਾ ਹੀ ਇਸ ਦੇਸ਼ ਵਿੱਚ ਜੁਰਮ ਅਤੇ ਪਾਪ ਬਣ ਗਿਆ, ਨੀਲੀਆਂ ਤੇ ਪੀਲੀਆਂ ਦਸਤਾਰਾਂ ਸਜਾਉਣ ਵਾਲੇ ਅਤੇ ਅੰਮ੍ਰਿਤਧਾਰੀ ਨੌਜਵਾਨਾਂ ਨੂੰ ਤਾਂ ਖਾਸ ਕਰਕੇ ਨਿਸ਼ਾਨਾ ਬਣਾਇਆ ਜਾਂਦਾ ਰਿਹਾ, ਬੀਬੀਆਂ ਨੂੰ ਵੀ ਨਹੀਂ ਸੀ ਬਖਸ਼ਿਆ ਜਾਂਦਾ, ਥਾਣਿਆਂ ਵਿੱਚ ਬੀਬੀਆਂ ਦੀ ਪੱਤ ਰੋਲੀ ਜਾਂਦੀ, ਭੈਣ ਉੱਤੇ ਭਰਾ ਨੂੰ ਲਿਟਾਇਆ ਜਾਂਦਾ ਅਤੇ ਪਿਓ ਸਾਹਮਣੇ ਧੀ ਨੂੰ ਨੰਗਾ ਕੀਤਾ ਜਾਂਦਾ, ਮੇਰੇ ਚਾਚਾ ਜੀ ਭਾਈ ਕਸ਼ਮੀਰ ਸਿੰਘ ਸ਼ੀਰਾ (ਪੱਟੀ) ਨੂੰ ਵੀ ਜ਼ਾਲਮਾਨਾ ਤਸੀਹੇ ਦੇ ਕੇ ਸ਼ਹੀਦ ਕਰ ਦਿੱਤਾ ਗਿਆ ਸੀ। ਉਸ ਸਮੇਂ ਪੁਲਿਸ ਇੱਕ ਬੰਦੇ ਮਾਰਨ ਵਾਲੀ ਮਸ਼ੀਨ ਬਣ ਚੁੱਕੀ ਸੀ, ਫੀਤੀਆਂ-ਸਟਾਰਾਂ-ਇਨਾਮਾਂ ਅਤੇ ਤਰੱਕੀਆਂ ਦੇ ਲਾਲਚ ਵਿੱਚ ਬੁੱਚੜ ਪੁਲਿਸ ਅਫਸਰਾਂ ਨੇ ਸਿੱਖ ਜਵਾਨੀ ਦਾ ਘਾਣ ਕਰ ਦਿੱਤਾ, ਬੇਅੰਤ ਸਿਹੁੰ ਅਤੇ ਕੇਪੀਐਸ ਗਿੱਲ ਨੇ ਪੁਲਿਸ ਨੂੰ ਪੂਰੀ ਖੁੱਲ੍ਹ ਦਿੱਤੀ ਹੋਈ ਸੀ ਕਿ 'ਜਿੱਥੇ ਮਰਜ਼ੀ ਬੰਦਾ ਮਾਰ ਦਿਓ, ਤੁਹਾਨੂੰ ਕੋਈ ਨਹੀਂ ਪੁੱਛੇਗਾ।' ਸਵੇਰੇ ਬੰਦਾ ਘਰ ਜਾਂਦਾ ਸੀ, ਪਰ ਪਤਾ ਨਹੀਂ ਸੀ ਹੁੰਦਾ ਕਿ ਵਾਪਸ ਸ਼ਾਮ ਨੂੰ ਉਸਨੇ ਮੁੜਨਾ ਹੈ ਕਿ ਨਹੀਂ! ਬਿਅੰਤਾ ਬੁੱਚੜ ਅਤੇ ਕੇਪੀਐਸ ਗਿੱਲ ਦੋਵੇਂ ਭਾਰਤ ਸਰਕਾਰ ਦੇ ਪਿਆਦੇ ਅਤੇ ਜਮੂਰੇ ਬਣੇ ਹੋਏ ਸੀ, ਜੋ ਹਿੰਦੁਸਤਾਨ ਦੇ ਹਿੰਦੂ ਹਾਕਮਾਂ ਨੂੰ ਖੁਸ਼ ਕਰਨ ਲਈ ਉਹਨਾਂ ਦੇ ਸੰਦ ਬਣ ਕੇ ਸਿੱਖ ਕੌਮ ਦਾ ਅੰਤ ਕਰਨ ਤੁਰੇ ਹੋਏ ਸਨ। ਇਹ ਆਪਣੇ ਆਪ ਨੂੰ ਰੱਬ ਸਮਝਣ ਲੱਗ ਪਏ ਸਨ, ਹਥਿਆਰਬੰਦ ਖਾਲਿਸਤਾਨੀ ਸੰਘਰਸ਼ ਨੂੰ ਖਤਮ ਕਰਨ ਦੀ ਆੜ ਹੇਠ ਇਹਨਾਂ ਨੇ ਪੰਜਾਬ ਵਿੱਚ ਖ਼ੂਨ ਦੀਆਂ ਨਦੀਆਂ ਵਗਾ ਦਿੱਤੀਆਂ, ਸਰਕਾਰੀ ਅੱਤਵਾਦ ਨਾਲ ਸਾਰੇ ਪਾਸੇ ਹਾਹਾਕਾਰ ਮੱਚੀ ਹੋਈ ਸੀ।ਪਰ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਸ਼ਾਂ ਦੇ ਵਾਰਸ ਅਜੇ ਜਿਉਂਦੇ ਤੇ ਜਾਗਦੇ ਸਨ, ਫਿਰ ਜਾਗੋ ਨਿਕਲੀ ਅਤੇ ਚੰਡੀਗੜ੍ਹ ਦੇ ਸਕੱਤਰੇਤ ਵਿੱਚ ਐਸਾ ਧਮਾਕਾ ਹੋਇਆ ਜਿਸ ਨੇ ਦਿੱਲੀ ਤਖ਼ਤ ਹਿਲਾ ਦਿੱਤਾ। ਮੈਂ ਜਦੋਂ ਸ਼ਹੀਦਾਂ ਦੇ ਘਰਾਂ ਵਿੱਚ ਜਾਂਦਾ ਹਾਂ ਤਾਂ ਇੱਕ-ਦੋ ਜਾਂ ਸੌ ਨਹੀਂ, ਬਲਕਿ ਹਜ਼ਾਰਾਂ ਪਰਿਵਾਰ ਇਹ ਗੱਲ ਆਖਦੇ ਹਨ ਕਿ "ਬੇਅੰਤੇ ਬੁੱਚੜ ਦੇ ਮਰਨ ਤੋਂ ਬਾਅਦ ਅਸੀਂ ਸੁੱਖ ਦਾ ਸਾਹ ਲਿਆ, ਨਹੀਂ ਤਾਂ ਪੁਲਿਸ ਨੇ ਤਾਂ ਸਾਡਾ ਜੀਣਾ ਹਰਾਮ ਕੀਤਾ ਹੋਇਆ ਸੀ। ਜੇਕਰ ਬਿਅੰਤਾ ਬੁੱਚੜ ਨਾ ਮਰਦਾ ਤਾਂ ਹੁਣ ਤੱਕ ਪੁਲਿਸ ਨੇ ਸਾਡਾ ਸਾਰਾ ਪਰਿਵਾਰ ਝੂਠੇ ਮੁਕਾਬਲਿਆਂ ਵਿੱਚ ਮਾਰ ਦੇਣਾ ਸੀ।" ਭਾਈ ਦਿਲਾਵਰ ਸਿੰਘ ਅਤੇ ਉਹਨਾਂ ਦੇ ਜੁਝਾਰੂ ਸਾਥੀਆਂ ਦੀ ਸਿੱਖ ਕੌਮ ਸਦਾ ਹੀ ਰਿਣੀ ਰਹੇਗੀ। ਮੈਨੂੰ ਮਹਿਸੂਸ ਹੁੰਦਾ ਹੈ ਕਿ ਇਹ ਕੋਈ ਆਮ ਰੂਹਾਂ ਨਹੀਂ ਬਲਕਿ ਅਠਾਰ੍ਹਵੀਂ ਸਦੀ ਦੇ ਸਿੰਘ-ਸੂਰਮੇ ਹੀ ਦੁਬਾਰਾ ਆਏ ਸਨ। ਇਹਨਾਂ ਸਮੂਹ ਜੁਝਾਰੂ ਸਿੰਘਾਂ ਨੂੰ ਸਾਡਾ ਸੁਆਸ-ਸੁਆਸ ਪ੍ਰਣਾਮ ਹੈ। ਭਾਈ ਦਿਲਾਵਰ ਸਿੰਘ ਦੀ ਯਾਦ ਵਿੱਚ 31 ਅਗਸਤ ਨੂੰ ਹਰ ਸਾਲ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ ਪਾਇਆ ਜਾਂਦਾ ਹੈ ਤੇ ਸ਼ਹੀਦੀ ਸਮਾਗਮ ਵਿੱਚ ਅਨੇਕਾਂ ਸੰਗਤਾਂ ਜੁੜਦੀਆਂ ਹਨ ਤੇ ਇਸ ਸੂਰਮੇ ਦੀ ਜੈ-ਜੈਕਾਰ ਹੁੰਦੀ ਹੈ। ਕੇਂਦਰੀ ਸਿੱਖ ਅਜਾਇਬ ਘਰ ਵਿੱਚ ਵੀ ਭਾਈ ਦਿਲਾਵਰ ਸਿੰਘ ਦੀ ਤਸਵੀਰ ਸ਼ੋਭ ਰਹੀ ਹੈ, ਭਾਈ ਸਾਹਿਬ ਨੂੰ ਸੰਨ 2012 ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 'ਕੌਮੀ ਸ਼ਹੀਦ' ਦਾ ਦਰਜਾ ਦਿੱਤਾ ਗਿਆ ਸੀ। ਦੂਜੇ ਪਾਸੇ ਬੇਅੰਤ ਸਿਹੁੰ ਬੁੱਚੜ ਨੂੰ ਲਾਹਣਤਾਂ ਪੈਂਦੀਆਂ ਹਨ। ਸੰਨ 2007 ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਤਤਕਾਲੀ ਪ੍ਰਧਾਨ ਭਾਈ ਬਲਵੰਤ ਸਿੰਘ ਗੋਪਾਲਾ ਨੇ ਬੇਅੰਤੇ ਬੁੱਚੜ ਦੇ ਜਲੰਧਰ ਵਿੱਚ ਲੱਗੇ ਬੁੱਤ ਉੱਤੇ ਸ਼ਹੀਦ ਭਾਈ ਦਿਲਾਵਰ ਸਿੰਘ ਜੀ ਦੀਆਂ ਤਸਵੀਰ ਵਾਲੀਆਂ ਤਖ਼ਤੀਆਂ ਪਾ ਦਿੱਤੀਆਂ ਸਨ ਅਤੇ ਬੇਅੰਤੇ ਬੁੱਚੜ ਦੇ ਪੋਤਰੇ ਰਵਨੀਤ ਬਿੱਟੂ ਨੂੰ ਅਕਸਰ ਹੀ ਸਿੱਖ ਕੌਮ ਦੇ ਰੋਹ ਦਾ ਸ਼ਿਕਾਰ ਹੋਣਾ ਪੈਂਦਾ ਹੈ। ਸ਼ਹੀਦ ਭਾਈ ਦਿਲਾਵਰ ਸਿੰਘ ਦੇ ਜੁਝਾਰੂ ਕਾਰਨਾਮੇ ਤੋਂ ਬਾਅਦ ਫਿਰ ਕਵੀਸ਼ਰ ਸਿੰਘਾਂ ਨੇ ਗਾਇਆ ਸੀ "ਬਿਅੰਤੇ ਪਾਪੀ ਨੂੰ ਸਿੰਘਾਂ ਨੇ ਬੰਬ ਦੇ ਨਾਲ ਉਡਾ'ਤਾ।" ਅੱਜ ਸਿੱਖ ਕੌਮ ਦੇ ਬੱਚੇ ਬੱਚੇ ਦੇ ਮੂੰਹ ਉੱਤੇ ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਜੀ ਅਤੇ ਉਹਨਾਂ ਦੇ ਸਾਥੀਆਂ ਦਾ ਨਾਮ ਹੈ। ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ ਜ਼ਿੰਦਾਬਾਦ, ਸ਼ਹੀਦ ਭਾਈ ਦਿਲਾਵਰ ਸਿੰਘ ਅਮਰ ਰਹੇ, ਜਥੇਦਾਰ ਜਗਤਾਰ ਸਿੰਘ ਹਵਾਰਾ ਜ਼ਿੰਦਾਬਾਦ, ਖ਼ਾਲਿਸਤਾਨ ਜ਼ਿੰਦਾਬਾਦ।



**- ਰਣਜੀਤ ਸਿੰਘ ਦਮਦਮੀ ਟਕਸਾਲ (ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ) ਮੋ : 88722-93883**

## ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਮੌਕੇ ਬੱਲ ਮਲਕੀਤ ਸਿੰਘ ਵਲੋ ਸੰਗਤਾਂ ਨੂੰ ਦਿੱਤੀਆ ਵਧਾਈਆਂ



**ਚੌਕ ਮਹਿਤਾ,, 30ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ )** ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਦੀਆਂ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਵਧਾਈ ਦਿੰਦਿਆਂ ਬੱਲ ਮਲਕੀਤ ਸਿੰਘ ਚੇਅਰਮੈਨ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਨੇ ਕਿਹਾ ਕਿ ਹਰ ਸਾਲ ਹੀ ਬਟਾਲਾ ਦੀ ਇਤਿਹਾਸਕ ਧਰਤੀ ਤੇ ਵਿਆਹ ਪੁਰਬ ਸਮਾਗਮ ਬੜੀ ਸ਼ਰਧਾ ਅਤੇ ਸਤਿਕਾਰ ਸਾਹਿਤ ਮਨਾਇਆ ਜਾਂਦਾ ਹੈ। ਜਿਸ ਵਿਚ ਦੇਸ਼ਾਂ ਵਿਦੇਸ਼ਾਂ ਤੋਂ ਸੰਗਤਾਂ ਬਟਾਲਾ ਪੁੱਜਦੀਆਂ ਹਨ ਅਤੇ ਸੰਗਤਾਂ ਜਿੱਥੇ ਗੁਰਦੁਆਰਾ ਸ੍ਰੀ ਕੰਧ ਸਾਹਿਬ ਵਿਖੇ ਨਤਮਸਤਕ ਹੁੰਦੀਆਂ ਹਨ ਉਥੇ ਨਾਲ ਹੀ ਵਿਆਹ ਪੁਰਬ ਮੌਕੇ ਕੱਢੇ ਜਾਂਦੇ ਨਗਰ ਕੀਰਤਨ ਵਿਚ ਲੋਕੀ ਸ਼ਾਮਲ ਹੋ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕਰਦੇ ਹਨ। ਉਹਨਾਂ ਕਿਹਾ ਕਿ ਇਸ ਵਾਰ ਵੀ ਬਟਾਲਾ ਵਿਚ ਸੰਗਤਾਂ ਬਾਬਾ ਜੀ ਦਾ ਵਿਆਹ ਪੁਰਬ ਮਨਾਉਣ ਪੁੱਜ ਰਹੀਆਂ ਹਨ ਬੱਲ ਮਲਕੀਤ ਸਿੰਘ ਨੇ ਕਿਹਾ ਕਿ ਮੈਂ ਸਾਰੀਆਂ ਸੰਗਤਾਂ ਨੂੰ ਇਸ ਖਾਸ ਦਿਨ ਦੀ ਵਧਾਈ ਦਿੰਦਾ ਹਾਂ ਅਤੇ ਸਮੂਹ ਸੰਗਤਾ ਨੂੰ ਅਪੀਲ ਕਰਦਾ ਹਾਂ ਕਿ ਉਹ ਇਸ ਇਤਿਹਾਸਕ ਦਿਹਾੜੇ ਵਿਚ ਸ਼ਿਰਕਤ ਕਰਨ।

## ਪੰਜਾਬੀ ਯੂਨੀਵਰਸਿਟੀ ਵਿਚ ਸ਼ਬਦ ਅਤੇ ਸਾਹਿਤਕ ਵਿਰਾਸਤ ਦੀ ਬੇਅਦਬੀ ਦੀ ਨਿਖੇਧੀ



**ਚੌਕ ਮਹਿਤਾ ਅਗਸਤ 30 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਭਾਈ ਕਾਨ੍ਹ ਸਿੰਘ ਨਾਭਾ ਦੇ 'ਮਹਾਨ ਕੋਸ਼' ਦੀਆਂ ਹਜ਼ਾਰਾਂ ਕਾਪੀਆਂ ਨੂੰ ਟੋਆ ਪੱਟ ਕੇ ਨਸ਼ਟ ਕਰਨ ਦੀ ਕੋਸ਼ਿਸ਼ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ । ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਮੱਖਣ ਕੁਹਾੜ, ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਅਤੇ ਦਫਤਰ ਸਕੱਤਰ ਦੀਪ ਦੇਵਿੰਦਰ ਸਿੰਘ ਨੇ ਇੱਥੋਂ ਜਾਰੀ ਸਾਂਝੇ ਬਿਆਨ ਵਿੱਚ ਕਿਹਾ ਹੈ ਕਿ 'ਮਹਾਨ ਕੋਸ਼' ਨੂੰ ਜਿਸ ਗਲਤ ਤਰੀਕੇ ਨਾਲ ਨਸ਼ਟ ਕਰਨ ਦੀ ਕੋਸ਼ਿਸ਼ ਕੀਤੀ ਗਈ, ਉਹ ਪੰਜਾਬੀ ਸ਼ਬਦ ਅਤੇ ਸਾਹਿਤ ਦੇ ਨਿਰਾਦਰ ਦਾ ਪ੍ਰਤੀਕ ਹੈ ਅਤੇ ਇਹ ਸਾਹਿਤਕ ਵਿਰਾਸਤ ਦੀ ਬੇਅਦਬੀ ਹੈ ।

ਕੇਂਦਰੀ ਸਭਾ ਨੇ ਕਿਹਾ ਕਿ ਇਸ ਘਟਨਾ ਵਿੱਚ ਪੰਜਾਬੀ ਯੂਨੀਵਰਸਿਟੀ ਦੇ ਪ੍ਰਸ਼ਾਸਨ ਦੀ ਲਾਪਰਵਾਹੀ ਸਪੱਸ਼ਟ ਹੈ, ਜਿਸ ਨੇ ਇਸ ਅਮੁੱਲ ਸਾਹਿਤਕ ਵਿਰਾਸਤ ਦੀ ਸੰਭਾਲ ਲਈ ਲੋੜੀਂਦੇ ਕਦਮ ਨਹੀਂ ਚੁੱਕੇ । ਸਭਾ ਮੰਗ ਕਰਦੀ ਹੈ ਕਿ ਇਸ ਘਟਨਾ ਦੀ ਨਿਰਪੱਖ ਜਾਂਚ ਕੀਤੀ ਜਾਵੇ ਅਤੇ ਜ਼ਿੰਮੇਵਾਰੀਆਂ ਤੈਅ ਕੀਤੀਆਂ ਜਾਣ। ਨਾਲ ਹੀ, ਵਿਦਵਾਨਾਂ ਦੀ ਕਮੇਟੀ ਗਠਿਤ ਕਰ ਕੇ 'ਮਹਾਨ ਕੋਸ਼' ਦੀਆਂ ਗਲਤੀਆਂ ਨੂੰ ਸੁਧਾਰ ਕੇ ਇਸ ਨੂੰ ਮੁੜ ਛਾਪਣ ਦਾ ਪ੍ਰਬੰਧ ਕੀਤਾ ਜਾਵੇ, ਤਾਂ ਜੋ ਪੰਜਾਬੀ ਸਾਹਿਤ ਦੀ ਇਸ ਅਮੁੱਲ ਧਰੋਹਰ ਨੂੰ ਸੰਭਾਲਿਆ ਜਾ ਸਕੇ।

## ਸੀਨਅਰ ਸਿਟੀਜਨ ਭਲਾਈ ਸੰਸਥਾ ਵੱਲੋਂ ਸ੍ਰੀ ਵਰਿੰਦਰ ਗੁੱਪਤਾ ਸਨਮਾਨਿਤ

**ਸੰਗਰੂਰ 30 ਅਗਸਤ (ਆਵਾਜ਼ਿ ਕੌਮ ਬਿਊਰੋ)**-ਸਥਾਨਕ ਸੀਨੀਅਰ ਸਿਟੀਜਨ ਭਲਾਈ ਸੰਸਥਾ ਦੇ ਮੁੱਖ ਦਫ਼ਤਰ ਬਨਾਸਰ ਬਾਗ ਵਿਖੇ ਸ੍ਰੀ ਸਾਲਾਸਰਧਾਮ ਲੰਗਰ ਕਮੇਟੀ ਦੇ ਨਵੇਂ ਸਰਵ-ਸੰਮਤੀ ਨਾਲ ਚੁਣੇ ਗਏ ਪ੍ਰਧਾਨ ਸ੍ਰੀ ਵਰਿੰਦਰ ਗੁੱਪਤਾ ਨੂੰ ਸੰਸਥਾ ਦੇ ਪ੍ਰਧਾਨ ਡਾ. ਨਰਵਿੰਦਰ ਕੌਸ਼ਲ ਚੇਅਰਮੈਨ ਇੰਜ: ਪ੍ਰਵੀਨ ਬਾਂਸਲ, ਜਨਰਲ ਸਕੱਤਰ ਜਗਜੀਤ ਸਿੰਘ ਜੱਸਲ, ਸੀਨੀਅਰ ਮੀਤ ਪ੍ਰਧਾਨ ਰਾਜ ਕੁਮਾਰ ਅਰੋੜਾ, ਵਿੱਤ ਸਕੱਤਰ ਸ਼ਕਤੀਪਾਲ ਮਿੱਤਲ ਅਤੇ ਹੋਰ ਆਗੂਆਂ ਜਿਨ੍ਹਾਂ ਵਿੱਚ ਵਿਪਨ ਮਲਿਕ, ਸੁਭਾਸ਼ ਅਰੋੜਾ, ਕੁਲਵੰਤ ਰਾਏ ਬਾਂਸਲ, ਜਸਵੰਤ ਸਿੰਘ ਆਦਿ ਮੌਜੂਦ ਸਨ ਵੱਲੋਂ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਜਨਰਲ ਸਕੱਤਰ ਸ੍ਰੀ ਜਗਜੀਤ ਸਿੰਘ ਨੇ ਕਿਹਾ ਕਿ ਸ੍ਰੀ ਵਰਿੰਦਰ ਗੁੱਪਤਾ ਇੱਕ ਨੇਕ ਅਤੇ ਮਿਹਨਤੀ ਸਖ਼ਸੀਅਤ ਹਨ ਜੋ ਕਿ ਸੀਨੀਅਰ ਸਿਟੀਜਨ ਭਲਾਈ ਸੰਸਥਾ ਦੇ ਵੀ ਆਗੂ ਹਨ ਇਨ੍ਹਾਂ ਵੱਲੋਂ ਸਮੇਂ-ਸਮੇਂ ਤੇ ਸਮਾਜ ਸੇਵਾ ਅਤੇ ਲੋਕ ਭਲਾਈ ਦੇ ਕੰਮ ਕੀਤੇ ਜਾਂਦੇ ਹਨ। ਪ੍ਰਧਾਨ ਡਾ. ਨਰਵਿੰਦਰ ਕੋਸ਼ਲ ਅਤੇ ਚੇਅਰਮੈਨ ਇੰਜਨੀਅਰ ਪ੍ਰਵੀਨ ਬਾਂਸਲ ਵੱਲੋਂ ਸ੍ਰੀ ਗੁੱਪਤਾ ਨੂੰ ਸ਼ੁਭ ਕਾਮਨਾਵਾਂ ਦਿੰਦੇ ਹੋਏ, ਆਪਣੀ ਸੰਸਥਾ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਵਿਸ਼ਵਾਸ ਦਿਵਾਇਆ।




ਜਨਮ ਦਿਨ ਮੁਬਾਰਕ

ਅਨਾਮਿਕਾ

ਪਿਤਾ ਸੰਜੀਵ ਵਰਮਾ ਮਾਤਾ ਮਹਿਕ ਵਰਮਾ ਵਾਸੀ ਅੰਮ੍ਰਿਤਸਰ

ਆਵਾਜ਼ਿ ਕੌਮ AWAZE QAUM International Newspaper & WEB TV





ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243